Punjab & Haryana High Court,
DAVP (CBC), ਪੰਜਾਬ ਸਰਕਾਰ
ਅਤੇ ਹਰਿਆਣਾ ਸਰਕਾਰ ਤੋਂ
ਇਸ਼ਤਿਹਾਰਾਂ ਲਈ ਲਈ ਮਾਨਤਾ ਪ੍ਰਾਪਤ
ਪ੍ਰੈਸ ਕੀ ਤਾਕਤ (ਰੋਜਾਨਾ ਅਖਬਾਰ)
ਜੁੜਣ ਲਈ ਸੰਪਰਕ ਕਰੋ :
Mob. : 90415-68800, 93170-88800

# ਪ੍ਰੈਸ ਕੀ ਤਾਕਤ

"Press Ki Taquat" Punjabi Daily Patiala (ਰੋਜਾਨਾ ਪੰਜਾਬੀ ਅਖਬਾਰ ਪਟਿਆਲਾ)
Postal Registerd No.PB/PTA/011/2025-27 Office of Posting : RMS, Patiala

12ਵੀਂ ਪਾਸ ਹਰ ਸਟ੍ਰੀਮ
ਆਰਟਸ, ਕਾਮਰਸ, ਨਾਨ-ਮੈਡੀਕਲ, ਮੈਡੀਕਲ
Degree & Diploma Courses available
ADMISSION OPEN
UGC & Ministry of HRD, Govt. of India-Scheme
BPT OT MLT
X-RAY DIALYSIS
ਅੱਖਾਂ ਦਾ ਕੋਰਸ
JOB OPPORTUNITIES
www.gurunanakinstitute.com
GURU NANAK INSTITUTE
Main Road, Old Factory Area, Patiala
82839-29908

R.N.I. No. : PUNPUN/1997/00952 Year-30 Issue - 102 1 May 2026 Friday Price : Rs. 1.00 90415-68800,93172- 22244 Total Page: 6

## ਮਮਤਾ ਬੈਨਰਜੀ ਵੱਲੋਂ ਬੈਲੇਟ ਬਾਕਸਾਂ ਨਾਲ ਛੇੜਛਾੜ ਦੇ ਦੋਸ਼; ਸਟਰਾਂਗ ਰੂਮ ਦੀ ਨਿਗਰਾਨੀ ਕੀਤੀ



**ਕੋਲਕਾਤਾ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਕੋਲਕਾਤਾ ਵਿੱਚ ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਲਈ ਵੋਟਾਂ ਦੀ ਗਿਣਤੀ ਤੋਂ ਪਹਿਲਾਂ, ਖੁਦੀਰਾਮ ਅਨੁਸ਼ੀਲਨ ਕੇਂਦਰ ਵਿਖੇ ਇੱਕ ਸਟ੍ਰਾਂਗ ਰੂਮ ਦੇ ਬਾਹਰ ਸੁਰੱਖਿਆ ਕਰਮਚਾਰੀਆਂ ਦੁਆਰਾ ਟੀਐਮਸੀ ਨੇਤਾਵਾਂ ਨੂੰ ਰੋਕਿਆ ਜਾ ਰਿਹਾ ਹੈ।

ਕੋਲਕਾਤਾ ਵਿੱਚ ਅੱਜ ਦੇਰ ਸ਼ਾਮ ਵੇਲੇ ਉਦੋਂ ਖਾਸਾ ਹੰਗਾਮਾ ਹੋ ਗਿਆ ਜਦੋਂ ਤ੍ਰਿਣਮੂਲ ਕਾਂਗਰਸ ("$3) ਨੇ ਈ.ਵੀ.ਐਮ (5੭$) ਸਟਰਾਂਗ ਰੂਮ ਵਿੱਚ ਬੇਨਿਯਮੀਆਂ ਦਾ ਦੋਸ਼ ਲਗਾਉਂਦੇ ਹੋਏ ਧਰਨਾ ਦਿੱਤਾ। ਟੀ.ਐਮ.ਸੀ ਨੇ ਭਾਜਪਾ ਅਤੇ ਚੋਣ ਕਮਿਸ਼ਨ @ਤੇ ਦੋਸ਼ ਲਗਾਇਆ ਕਿ ਵਿਰੋਧੀ ਪਾਰਟੀਆਂ ਦੀ ਗੈਰ-ਮੌਜੂਦਗੀ ਵਿੱਚ ਬੈਲੇਟ ਬਾਕਸਾਂ ਨਾਲ ਛੇੜਛਾੜ ਕੀਤੀ ਜਾ ਰਹੀ ਹੈ। ਨੇਤਾਜੀ ਇਨਡੋਰ ਸਟੇਡੀਅਮ ਦੇ ਬਾਹਰ ਸ਼ਸ਼ੀ ਪਾਂਜਾ ਅਤੇ ਕੁਨਾਲ ਘੋਸ਼ ਵਰਗੇ ਸੀਨੀਅਰ ਆਗੂਆਂ ਨੇ ਪ੍ਰਦਰਸ਼ਨ ਕੀਤਾ ਅਤੇ ਇਸ ਨੂੰ ÷ਲੋਕਤੰਤਰ ਦਾ ਕਤਲ÷ ਕਰਾਰ ਦਿੱਤਾ।ਤਣਾਅ ਵਧਣ @ਤੇ ਮੁੱਖ ਮੰਤਰੀ ਮਮਤਾ ਬੈਨਰਜੀ ਖੁਦ ਦੱਖਣੀ ਕੋਲਕਾਤਾ ਦੇ ਸਖਾਵਤ ਮੈਮੋਰੀਅਲ ਸਕੂਲ (ਭਵਾਨੀਪੁਰ ਕੇਂਦਰ) ਪੁੱਜੇ ਅਤੇ ਭਾਰੀ ਮੀਂਹ ਦੇ ਬਾਵਜੂਦ ਕਈ ਘੰਟੇ ਉੱਥੇ ਰਹੇ। ਉਨ੍ਹਾਂ ਨੇ ਪਾਰਟੀ ਵਰਕਰਾਂ ਨੂੰ ਕਿਹਾ ਕਿ 4 ਮਈ ਨੂੰ ਹੋਣ ਵਾਲੀ ਗਿਣਤੀ ਤੋਂ ਪਹਿਲਾਂ ਈ.ਵੀ.ਐਮ ਨਾਲ ਛੇੜਛਾੜ ਹੋ ਸਕਦੀ ਹੈ, ਇਸ ਲਈ ਉਹ 24 ਘੰਟੇ ਗਿਣਤੀ ਕੇਂਦਰਾਂ @ਤੇ ਪਹਿਰਾ ਦੇਣ। ਦੂਜੇ ਪਾਸੇ ਭਵਾਨੀਪੁਰ ਵਿੱਚ ਭਾਜਪਾ ਵਰਕਰਾਂ ਨੇ ਟੀ.ਐਮ.ਸੀ ਦੀ ਗੱਡੀ ਰੋਕ ਕੇ ਵਿਰੋਧ ਪ੍ਰਦਰਸ਼ਨ ਕੀਤਾ।

ਚੋਣ ਕਮਿਸ਼ਨ ਨੇ ਟੀ.ਐਮ.ਸੀ ਦੇ ਦੋਸ਼ਾਂ ਨੂੰ ਖਾਰਜ ਕਰਦਿਆਂ ਕਿਹਾ ਕਿ ਸਾਰੇ ਸਟਰਾਂਗ ਰੂਮ ਉਮੀਦਵਾਰਾਂ ਅਤੇ ਨਿਗਰਾਨਾਂ ਦੀ ਮੌਜੂਦਗੀ ਵਿੱਚ ਸੀਲ ਕੀਤੇ ਗਏ ਹਨ। ਕਮਿਸ਼ਨ ਅਨੁਸਾਰ ਸੀ.ਸੀ.ਟੀ.ਵੀ ਫੁਟੇਜ ਵਿੱਚ ਦਿਖਾਈ ਦੇ ਰਹੀ ਹਲਚਲ ਪੋਸਟਲ ਬੈਲੇਟਾਂ ਦੀ ਛਾਂਟੀ ਨਾਲ ਸਬੰਧਤ ਸੀ, ਨਾ ਕਿ ਸੀਲਬੰਦ ਈ.ਵੀ.ਐਮ ਕਮਰਿਆਂ ਨਾਲ। ਭਾਜਪਾ ਨੇ ਇਨ੍ਹਾਂ ਦੋਸ਼ਾਂ ਨੂੰ ਅਫਵਾਹ ਦੱਸਿਆ ਹੈ। ਪੱਛਮੀ ਬੰਗਾਲ ਭਾਜਪਾ ਪ੍ਰਧਾਨ ਸਮਿਕ ਭੱਟਾਚਾਰਜੀ ਨੇ ਕਿਹਾ ਕਿ ਮਮਤਾ ਬੈਨਰਜੀ ਆਪਣੀ ਹਾਰ ਨੂੰ ਦੇਖ ਕੇ ਬੌਖਲਾ ਗਏ ਹਨ ਅਤੇ ਇਹ ਟੀ.ਐਮ.ਸੀ ਦੇ ਖਤਮ ਹੋਣ ਤੋਂ ਪਹਿਲਾਂ ਦੀ ਆਖਰੀ ਚੀਸ ਹੈ।

ਹਾਲਾਤ ਨੂੰ ਦੇਖਦੇ ਹੋਏ ਕੋਲਕਾਤਾ ਦੇ ਗਿਣਤੀ ਕੇਂਦਰਾਂ ਦੇ ਬਾਹਰ ਭਾਰੀ ਪੁਲੀਸ ਬਲ ਅਤੇ ਕੇਂਦਰੀ ਸੁਰੱਖਿਆ ਬਲ ਤਾਇਨਾਤ ਕੀਤੇ ਗਏ ਹਨ। ਟੀ.ਐਮ.ਸੀ ਨੇਤਾਵਾਂ ਨੇ ਮੰਗ ਕੀਤੀ ਹੈ ਕਿ ਜਦੋਂ ਵੀ ਸਟਰਾਂਗ ਰੂਮ ਖੋਲ੍ਹਿਆ ਜਾਵੇ, ਸਾਰੀਆਂ ਸਿਆਸੀ ਪਾਰਟੀਆਂ ਨੂੰ ਸੂਚਿਤ ਕਰਨਾ ਲਾਜ਼ਮੀ ਹੋਣਾ ਚਾਹੀਦਾ ਹੈ। ਫਿਲਹਾਲ ਪੂਰੇ ਪੱਛਮੀ ਬੰਗਾਲ ਵਿੱਚ ਚੋਣ ਨਤੀਜਿਆਂ ਤੋਂ ਪਹਿਲਾਂ ਸਿਆਸੀ ਪਾਰਾ ਬਹੁਤ ਗਰਮ ਹੈ।

## ਪੰਜਾਬ ਸਰਕਾਰ ਹਰਭਜਨ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਦੀ ਸੁਰੱਖਿਆ ਯਕੀਨੀ ਬਣਾਵੇ : ਹਾਈ ਕੋਰਟ

**ਚੰਡੀਗੜ੍ਹ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਵੀਰਵਾਰ ਨੂੰ ਪੰਜਾਬ ਸਰਕਾਰ ਨੂੰ ਹੁਕਮ ਦਿੱਤੇ ਹਨ ਕਿ ਕ੍ਰਿਕਟਰ ਤੋਂ ਰਾਜ ਸਭਾ ਮੈਂਬਰ ਬਣੇ ਹਰਭਜਨ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ, ਤਾਂ ਜੋ ਪੰਜਾਬ ਵਿੱਚ ਰਹਿਣ ਦੌਰਾਨ ਉਨ੍ਹਾਂ ਨੂੰ ਕੋਈ ਜਾਨੀ-ਮਾਲੀ ਨੁਕਸਾਨ ਨਾ ਹੋਵੇ।

ਹਾਈ ਕੋਰਟ ਦੇ ਜੱਜ ਜਗਮੋਹਨ ਬਾਂਸਲ ਦੀ ਬੈਂਚ ਨੇ ਹਰਭਜਨ ਸਿੰਘ ਦੀ ਅਪੀਲ @ਤੇ ਪੰਜਾਬ ਸਰਕਾਰ ਅਤੇ ਹੋਰਨਾਂ ਨੂੰ ਨੋਟਿਸ ਜਾਰੀ ਕਰਦਿਆਂ ਇਹ ਅੰਤਰਿਮ ਹੁਕਮ ਦਿੱਤੇ ਹਨ। ਹਰਭਜਨ ਸਿੰਘ ਨੇ ਏ ਡੀ ਜੀ ਪੀ (ਸੁਰੱਖਿਆ) ਦੇ ਉਸ 25 ਅਪਰੈਲ ਦੇ ਫੈਸਲੇ ਨੂੰ ਚੁਣੌਤੀ ਦਿੱਤੀ ਹੈ, ਜਿਸ ਤਹਿਤ ਉਨ੍ਹਾਂ ਦੀ ਸੁਰੱਖਿਆ ਹਟਾ ਦਿੱਤੀ ਗਈ ਸੀ।

ਪਟੀਸ਼ਨ ਵਿੱਚ ਦਲੀਲ ਦਿੱਤੀ ਗਈ ਹੈ ਕਿ ਉਨ੍ਹਾਂ ਦਾ ਪੱਖ ਸੁਣੇ ਬਿਨਾਂ ਅਤੇ ਖ਼ਤਰੇ ਦਾ ਕੋਈ ਨਵਾਂ ਮੁਲਾਂਕਣ ਕੀਤੇ ਬਗੈਰ ਹੀ ਸੁਰੱਖਿਆ ਵਾਪਸ ਲਈ ਗਈ ਹੈ। ਉਨ੍ਹਾਂ ਨੇ ਆਪਣੀ ਸੁਰੱਖਿਆ ਤੁਰੰਤ ਬਹਾਲ ਕਰਨ ਦੇ ਨਿਰਦੇਸ਼ਾਂ ਦੀ ਵੀ ਮੰਗ ਕੀਤੀ।

ਹਰਭਜਨ ਸਿੰਘ ਨੇ ਆਪਣੀ ਅਪੀਲ ਵਿੱਚ ਦੱਸਿਆ ਕਿ ਉਹ 10 ਅਪਰੈਲ 2022 ਨੂੰ ਆਮ ਆਦਮੀ ਪਾਰਟੀ ਰਾਹੀਂ ਰਾਜ ਸਭਾ ਮੈਂਬਰ ਚੁਣੇ ਗਏ ਸਨ ਅਤੇ ਜਲੰਧਰ ਵਿੱਚ ਆਪਣੇ ਪਰਿਵਾਰ ਨਾਲ ਰਹਿ ਰਹੇ ਹਨ। ਉਨ੍ਹਾਂ ਕਿਹਾ ਕਿ ਸੁਰੱਖਿਆ ਹਟਾਏ ਜਾਣ ਤੋਂ ਸਿਰਫ਼ ਇੱਕ ਦਿਨ ਪਹਿਲਾਂ ਰਾਜ ਸਭਾ ਮੈਂਬਰ ਰਾਘਵ ਚੱਢਾ ਨੇ ਇਹ ਐਲਾਨ ਕੀਤਾ ਸੀ ਕਿ ਉਹ (ਚੱਢਾ) ਅਤੇ ਹਰਭਜਨ ਸਿੰਘ ਸਮੇਤ ਛੇ ਹੋਰ ਸੰਸਦ



ਮੈਂਬਰਾਂ ਨੇ ਪਾਰਟੀ ਛੱਡ ਦਿੱਤੀ ਹੈ।

ਉਨ੍ਹਾਂ ਦੋਸ਼ ਲਗਾਇਆ ਕਿ ਇਸ ਤੋਂ ਬਾਅਦ ਖ਼ਤਰੇ ਬਾਰੇ ਕੋਈ ਨਵੀਂ ਰਿਪੋਰਟ ਲਏ ਬਿਨਾਂ ਹੀ ਸੁਰੱਖਿਆ ਵਾਪਸ ਲੈ ਲਈ ਗਈ। ਇਸ ਹੁਕਮ ਨੂੰ ਬਦਲਾਖੋਰੀ ਦੱਸਦਿਆਂ ਹਰਭਜਨ ਨੇ ਕਿਹਾ ਕਿ ਇੱਕ ਭੀੜ ਉਨ੍ਹਾਂ ਦੀ ਰਿਹਾਇਸ਼ @ਤੇ ਪਹੁੰਚੀ, ਬਾਹਰਲੀਆਂ ਕੰਧਾਂ @ਤੇ ਗੱਦਾਰ ਸ਼ਬਦ ਲਿਖ ਦਿੱਤਾ ਅਤੇ ਮੁੱਖ ਗੇਟ ਤੋੜਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਅੱਗੇ ਦੱਸਿਆ ਕਿ ਜਦੋਂ ਉਨ੍ਹਾਂ ਨੂੰ ਆਪਣੇ ਜੀਜਾ ਰਾਹੀਂ ਇਸ ਘਟਨਾ ਦਾ ਪਤਾ ਲੱਗਾ, ਤਾਂ ਉਹ ਕਿਸੇ ਨਿੱਜੀ ਕੰਮ ਲਈ ਮੁੰਬਈ ਵਿੱਚ ਸਨ।ਦੂਜੇ ਪਾਸੇ ਪੰਜਾਬ ਦੇ ਐਡਵੋਕੇਟ ਜਨਰਲ ਮਨਿੰਦਰਜੀਤ ਬੇਦੀ ਨੇ ਕਿਹਾ ਕਿ ਪਟੀਸ਼ਨਕਰਤਾ ਨੂੰ ਕੇਂਦਰ ਵੱਲੋਂ ਸੁਰੱਖਿਆ ਦਿੱਤੀ ਗਈ ਹੈ। ਉਨ੍ਹਾਂ ਇਹ ਵੀ ਦਲੀਲ ਦਿੱਤੀ ਕਿ ਪਟੀਸ਼ਨਕਰਤਾ ਆਮ ਤੌਰ @ਤੇ ਪੰਜਾਬ ਵਿੱਚ ਨਹੀਂ ਰਹਿ ਰਿਹਾ ਸੀ।

ਦੋਵਾਂ ਪੱਖਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਬੈਂਚ ਨੇ ਨੋਟਿਸ ਜਾਰੀ ਕੀਤਾ ਅਤੇ ਮਾਮਲੇ ਦੀ ਅਗਲੀ ਸੁਣਵਾਈ 12 ਮਈ ਤੈਅ ਕੀਤੀ ਹੈ। ਇਸ ਕੇਸ ਦੀ ਸੁਣਵਾਈ ਇੱਕ ਹੋਰ ਸਬੰਧਤ ਪਟੀਸ਼ਨ ਦੇ ਨਾਲ ਕੀਤੀ ਜਾਵੇਗੀ।

## ਮਮਤਾ ਬੈਨਰਜੀ ਨੇ ਬੰਗਾਲ 'ਚ 236 ਤੋਂ ਵੱਧ ਸੀਟਾਂ ਜਿੱਤਣ ਦਾ ਕੀਤਾ ਦਾਅਵਾ; ਐਗਜ਼ਿਟ ਪੋਲਾਂ ਨੂੰ ਨਕਾਰਿਆ

**ਕੋਲਕਾਤਾ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਸ਼ੁੱਕਰਵਾਰ ਨੂੰ ਦੋਸ਼ ਲਗਾਇਆ ਕਿ ਐਗਜ਼ਿਟ ਪੋਲ ਦੇ ਅੰਦਾਜ਼ੇ ਭਾਜਪਾ ਦੇ ਨਿਰਦੇਸ਼ਾਂ @ਤੇ ਪ੍ਰਸਾਰਿਤ ਕੀਤੇ ਜਾ ਰਹੇ ਹਨ ਤਾਂ ਜੋ ਟੀ ਐੱਮ ਸੀ ਵਰਕਰਾਂ ਦਾ ਮਨੋਬਲ ਡੇਗਿਆ ਜਾ ਸਕੇ। ਉਨ੍ਹਾਂ ਦਾਅਵਾ ਕੀਤਾ ਕਿ ਟੀ ਐੱਮ ਸੀ ਵਿਧਾਨ ਸਭਾ ਦੀਆਂ ਚੋਣਾਂ ਵਿੱਚ 294 ਵਿੱਚੋਂ 226 ਤੋਂ ਵੱਧ ਸੀਟਾਂ ਜਿੱਤੇਗੀ।4 ਮਈ ਨੂੰ ਹੋਣ ਵਾਲੀ ਵੋਟਾਂ ਦੀ ਗਿਣਤੀ ਤੋਂ ਪਹਿਲਾਂ ਐਕਸ @ਤੇ ਪੋਸਟ ਕੀਤੇ ਇੱਕ ਵੀਡੀਓ ਸੰਦੇਸ਼ ਵਿੱਚ, ਮਮਤਾ ਬੈਨਰਜੀ ਨੇ ਦਾਅਵਾ ਕੀਤਾ ਕਿ ਟੈਲੀਵਿਜ਼ਨ ਚੈਨਲ ਚੋਣ ਨਤੀਜਿਆਂ ਦੇ ਉਹ ਅੰਦਾਜ਼ੇ ਚਲਾ ਰਹੇ ਹਨ ਜੋ ਭਾਜਪਾ ਦਫ਼ਤਰ ਤੋਂ ਭੇਜੇ ਗਏ ਸਨ।

ਉਨ੍ਹਾਂ ਨੇ ਦੋਸ਼ ਲਾਉਂਦਿਆਂ ਕਿਹਾ, ਟੀਵੀ @ਤੇ ਜੋ ਵੀ ਦਿਖਾਇਆ ਜਾ ਰਿਹਾ ਹੈ, ਉਹ ਦੁਪਹਿਰ 1:08 ਵਜੇ ਭਾਜਪਾ ਦੇ ਦਫ਼ਤਰ ਤੋਂ ਜਾਰੀ ਕੀਤਾ ਗਿਆ ਸੀ। ਇਸ ਖ਼ਬਰ ਨੂੰ ਚਲਵਾਉਣ ਲਈ ਪੈਸੇ ਦਿੱਤੇ ਗਏ ਹਨ ਅਤੇ ਇਸ ਬਾਰੇ ਮੇਰੇ ਕੋਲ ਪੁਖ਼ਤਾ ਜਾਣਕਾਰੀ ਮੌਜੂਦ ਹੈ।



ਆਪਣੀ ਪਾਰਟੀ ਦੀ ਜਿੱਤ ਦਾ ਦਾਅਵਾ ਕਰਦਿਆਂ ਮਮਤਾ ਬੈਨਰਜੀ ਨੇ ਕਿਹਾ ਕਿ ਟੀ ਐੱਮ ਸੀ 294 ਸੀਟਾਂ ਵਾਲੀ ਵਿਧਾਨ ਸਭਾ ਵਿੱਚ ਦੋ-ਤਿਹਾਈ ਬਹੁਮਤ ਦੇ ਅੰਕੜੇ ਨੂੰ ਬੜੀ ਆਸਾਨੀ ਨਾਲ ਪਾਰ ਕਰ ਲਵੇਗੀ।

ਉਨ੍ਹਾਂ ਕਿਹਾ, ਅਸੀਂ 2026 ਵਿੱਚ 226 ਸੀਟਾਂ ਦਾ ਅੰਕੜਾ ਪਾਰ ਕਰਾਂਗੇ। ਅਸੀਂ 230 ਦਾ ਅੰਕੜਾ ਵੀ ਪਾਰ ਕਰ ਸਕਦੇ ਹਾਂ। ਮੈਨੂੰ ਲੋਕਾਂ ਵੱਲੋਂ ਦਿੱਤੇ ਗਏ ਭਾਰੀ ਫਤਵੇ @ਤੇ ਪੂਰਾ ਭਰੋਸਾ ਹੈ।

ਟੀ ਐੱਮ ਸੀ ਮੁਖੀ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ @ਤੇ ਵੀ ਨਿਸ਼ਾਨਾ ਸੇਧਿਆ ਅਤੇ ਦੋਸ਼ ਲਗਾਇਆ ਕਿ ਪੂਰੀ ਚੋਣ ਪ੍ਰਕਿਰਿਆ ਦੌਰਾਨ ਕੇਂਦਰੀ ਸੁਰੱਖਿਆ ਬਲ ਭਾਜਪਾ ਦੇ ਏਜੰਟਾਂ ਵਜੋਂ ਕੰਮ ਕਰ ਰਹੇ ਹਨ।

ਉਨ੍ਹਾਂ ਦਾਅਵਾ ਕੀਤਾ, ਅਮਿਤ ਸ਼ਾਹ ਦੇ ਸਿੱਧੇ ਨਿਰਦੇਸ਼ਾਂ @ਤੇ, ਕੇਂਦਰੀ ਬਲ ਪੱਛਮੀ ਬੰਗਾਲ ਵਿੱਚ ਪੂਰੀ ਚੋਣ ਪ੍ਰਕਿਰਿਆ ਦੌਰਾਨ ਭਾਜਪਾ ਦੇ ਏਜੰਟਾਂ ਵਜੋਂ ਕੰਮ ਕਰ ਰਹੇ ਹਨ।

## ਕੈਲਾਸ਼ ਮਾਨਸਰੋਵਰ ਯਾਤਰਾ ਜੂਨ ਤੋਂ ਅਗਸਤ ਤੱਕ ਹੋਵੇਗੀ



**ਨਵੀਂ ਦਿੱਲੀ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਇਸ ਸਾਲ ਦੀ ਕੈਲਾਸ਼ ਮਾਨਸਰੋਵਰ ਯਾਤਰਾ ਲਈ ਪੋਰਟਲ ਖੋਲ੍ਹ ਦਿੱਤਾ ਗਿਆ ਹੈ। ਚੀਨ ਦੇ ਸਹਿਯੋਗ ਨਾਲ ਇਹ ਪਵਿੱਤਰ ਯਾਤਰਾ ਜੂਨ ਤੋਂ ਅਗਸਤ ਦਰਮਿਆਨ ਕਰਵਾਈ ਜਾਵੇਗੀ। ਵਿਦੇਸ਼ ਮੰਤਰਾਲੇ ਵੱਲੋਂ ਕਰਵਾਈ ਜਾਣ ਵਾਲੀ ਇਸ ਯਾਤਰਾ ਵਿੱਚ ਕੁੱਲ 20 ਜਥੇ ਜਾਣਗੇ ਅਤੇ ਹਰੇਕ ਜਥੇ ਵਿੱਚ 50 ਸ਼ਰਧਾਲੂ ਸ਼ਾਮਲ ਹੋਣਗੇ।

ਕੈਲਾਸ਼ ਮਾਨਸਰੋਵਰ ਯਾਤਰਾ ਹਿੰਦੂਆਂ, ਬੋਧੀਆਂ, ਜੈਨੀਆਂ ਆਦਿ ਦੇ ਪੈਰੋਕਾਰਾਂ ਲਈ ਬਹੁਤ ਜ਼ਿਆਦਾ ਅਧਿਆਤਮਿਕ ਮਹੱਤਵ ਰੱਖਦੀ ਹੈ।

ਕੋਵਿਡ-19 ਮਹਾਂਮਾਰੀ ਅਤੇ ਸਰਹੱਦੀ ਪਾਬੰਦੀਆਂ ਕਾਰਨ ਪਿਛਲੇ ਸਾਲਾਂ ਵਿੱਚ ਇਸ ਯਾਤਰਾ ਵਿੱਚ ਕਾਫੀ ਰੁਕਾਵਟਾਂ ਆਈਆਂ ਸਨ। ਇਸ ਸਾਲ ਯਾਤਰਾ ਦਾ ਵੱਡੇ ਪੱਧਰ @ਤੇ ਮੁੜ ਸ਼ੁਰੂ ਹੋਣਾ ਭਾਰਤ ਅਤੇ ਚੀਨ ਵਿਚਕਾਰ ਆਪਸੀ ਸਬੰਧਾਂ ਕਾਰਨ ਕਾਫੀ ਅਹਿਮ ਮੰਨਿਆ ਜਾ ਰਿਹਾ ਹੈ।

ਵਿਦੇਸ਼ ਮੰਤਰਾਲੇ ਅਨੁਸਾਰ 10 ਜਥੇ ਉੱਤਰਾਖੰਡ ਦੇ ਰਾਹੀਂ ਅਤੇ ਬਾਕੀ 10 ਜਥੇ ਸਿੱਕਮ ਦੇ ਰਾਹੀਂ ਯਾਤਰਾ ਕਰਨਗੇ। ਸ਼ਰਧਾਲੂ ਆਪਣੀ ਪਸੰਦ ਅਨੁਸਾਰ ਕਿਸੇ ਵੀ ਰੂਟ ਦੀ ਚੋਣ ਕਰ ਸਕਦੇ ਹਨ। ਰਜਿਸਟ੍ਰੇਸ਼ਨ ਕਰਵਾਉਣ ਦੀ ਆਖਰੀ ਤਰੀਕ 19 ਮਈ ਤੈਅ ਕੀਤੀ ਗਈ ਹੈ।

ਯਾਤਰਾ ਲਈ ਅਰਜ਼ੀ ਦੇਣ ਵਾਸਤੇ ਖ਼ਾਸ ਪੋਰਟਲ ਖੋਲ੍ਹ ਦਿੱਤਾ ਗਿਆ ਹੈ। ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਯਾਤਰੀਆਂ ਦੀ ਚੋਣ ਕੰਪਿਊਟਰ ਰਾਹੀਂ ਰੈਂਡਮ (ਨਿਰਪੱਖ) ਤਰੀਕੇ ਨਾਲ ਕੀਤੀ ਜਾਵੇਗੀ, ਜਿਸ ਵਿੱਚ ਔਰਤਾਂ ਤੇ ਪੁਰਸ਼ਾਂ ਦੇ ਦੋਵੇਂ ਵਰਗਾਂ ਦਾ ਵੀ ਖ਼ਾਸ ਖ਼ਿਆਲ ਰੱਖਿਆ ਜਾਵੇਗਾ।

ਅਰਜ਼ੀ ਦੇਣ ਤੋਂ ਲੈ ਕੇ ਅੰਤਿਮ ਚੋਣ ਤੱਕ ਦੀ ਸਾਰੀ ਪ੍ਰਕਿਰਿਆ ਪੂਰੀ ਤਰ੍ਹਾਂ ਡਿਜੀਟਲ ਹੋਵੇਗੀ ਤਾਂ ਜੋ ਪਾਰਦਰਸ਼ਤਾ ਬਣੀ ਰਹੇ। ਬਿਨੈਕਾਰਾਂ ਨੂੰ ਸਿਰਫ਼ ਆਨਲਾਈਨ ਫਾਰਮ ਭਰਨੇ ਹੋਣਗੇ ਅਤੇ ਕਿਸੇ ਵੀ ਤਰ੍ਹਾਂ ਦੀ ਚਿੱਠੀ-ਪੱਤਰ ਦੀ ਲੋੜ ਨਹੀਂ ਪਵੇਗੀ।

ਪੋਰਟਲ @ਤੇ ਸਵਾਲ ਪੁੱਛਣ ਅਤੇ ਸੁਝਾਅ ਦੇਣ ਦੀ ਸਹੂਲਤ ਵੀ ਦਿੱਤੀ ਗਈ ਹੈ।

## ਅਕਾਸਾ ਏਅਰ ਦੇ ਪਾਇਲਟ ਦੀ ਬੰਗਲੁਰੂ ਵਿੱਚ ਦਿਲ ਦਾ ਦੌਰਾ ਪੈਣ ਕਾਰਨ ਮੌਤ




**ਨਵੀਂ ਦਿੱਲੀ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਬੰਗਲੁਰੂ ਵਿੱਚ ਟ੍ਰੇਨਿੰਗ ਲੈ ਰਹੇ ਅਕਾਸਾ ਏਅਰ ਦੇ ਇੱਕ ਪਾਇਲਟ ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਇਹ ਪਾਇਲਟ ਕੈਪਟਨ ਵਜੋਂ ਤਾਇਨਾਤ ਸੀ ਅਤੇ ਉਸ ਦੀ ਉਮਰ 44 ਸਾਲ ਸੀ। ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਉਹ ਜ਼ਮੀਨੀ ਟ੍ਰੇਨਿੰਗ ਦੌਰਾਨ ਡਿਊਟੀ 'ਤੇ ਮੌਜੂਦ ਸੀ।

ਅਕਾਸਾ ਏਅਰ ਦੇ ਬੁਲਾਰੇ ਨੇ ਇਸ ਖ਼ਬਰ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਇੱਕ ਪਾਇਲਟ ਸਾਥੀ ਦੀ ਬੰਗਲੁਰੂ ਵਿੱਚ ਟ੍ਰੇਨਿੰਗ ਦੌਰਾਨ ਅਚਾਨਕ ਸਿਹਤ ਵਿਗੜ ਗਈ। ਹਾਲਾਂਕਿ ਉਸ ਨੂੰ ਤੁਰੰਤ ਨੇੜਲੇ ਹਸਪਤਾਲ ਲਿਜਾਇਆ ਗਿਆ ਪਰ ਉਸ ਨੂੰ ਬਚਾਇਆ ਨਹੀਂ ਜਾ ਸਕਿਆ। ਏਅਰਲਾਈਨ ਨੇ ਪਾਇਲਟ ਦੇ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟਾਉਂਦਿਆਂ ਕਿਹਾ ਹੈ ਕਿ ਉਹ ਪਰਿਵਾਰ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਹੇ ਹਨ।

ਪਿਛਲੇ ਦੋ ਦਿਨਾਂ ਵਿੱਚ ਕਿਸੇ ਭਾਰਤੀ ਏਅਰਲਾਈਨ ਦੇ ਪਾਇਲਟ ਦੀ ਮੌਤ ਦੀ ਇਹ ਦੂਜੀ ਘਟਨਾ ਹੈ।

ਇਸ ਤੋਂ ਇਕ ਦਿਨ ਪਹਿਲਾਂ ਹੀ ਏਅਰ ਇੰਡੀਆ ਦੇ ਇੱਕ ਪਾਇਲਟ ਦੀ ਵੀ ਬਾਲੀ (ਇੰਡੋਨੇਸ਼ੀਆ) ਵਿੱਚ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ ਸੀ। ਉਹ ਪਾਇਲਟ ਉਸ ਸਮੇਂ ਆਪਣੀ ਨਿਰਧਾਰਤ ਛੁੱਟੀ (ਰੈਸਟ) @ਤੇ ਸੀ। ਇਨ੍ਹਾਂ ਘਟਨਾਵਾਂ ਨੇ ਹਵਾਬਾਜ਼ੀ ਖੇਤਰ ਵਿੱਚ ਪਾਇਲਟਾਂ ਦੀ ਸਿਹਤ ਅਤੇ ਕੰਮ ਦੇ ਦਬਾਅ ਨੂੰ ਲੈ ਕੇ ਚਿੰਤਾ ਵਧਾ ਦਿੱਤੀ ਹੈ।

## ਗੁਜਰਾਤ ਟਾਈਟਨਜ਼ ਨੇ ਰੌਇਲ ਚੈਲੰਜਰਜ਼ ਬੰਗਲੁਰੂ ਨੂੰ ਚਾਰ ਵਿਕਟਾਂ ਨਾਲ ਹਰਾਇਆ

**ਅਹਿਮਦਾਬਾਦ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਅਹਿਮਦਾਬਾਦ ਵਿੱਚ ਅੱਜ ਖੇਡੇ ਗਏ ਇੰਡੀਅਨ ਪ੍ਰੀਮੀਅਰ ਲੀਗ (9♦*) ਦੇ ਮੁਕਾਬਲੇ ਵਿੱਚ ਗੁਜਰਾਤ ਟਾਈਟਨਜ਼ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਮੌਜੂਦਾ ਚੈਂਪੀਅਨ ਰੌਇਲ ਚੈਲੰਜਰਜ਼ ਬੰਗਲੁਰੂ (ਨੂੰ ਚਾਰ ਵਿਕਟਾਂ ਨਾਲ ਹਰਾ ਦਿੱਤਾ ਹੈ। ਕਪਤਾਨ ਸ਼ੁਭਮਨ ਗਿੱਲ ਨੇ ਮਹਿਜ਼ 18 ਗੇਂਦਾਂ ਵਿੱਚ 43 ਦੌੜਾਂ ਦੀ ਤੂਫ਼ਾਨੀ ਪਾਰੀ ਖੇਡੀ, ਜਦਕਿ ਜੋਸ ਬਟਲਰ ਨੇ 19 ਗੇਂਦਾਂ ਵਿੱਚ 39 ਦੌੜਾਂ ਬਣਾ ਕੇ ਗੁਜਰਾਤ ਦੀ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਈ। ਇਸ ਜਿੱਤ ਨਾਲ ਗੁਜਰਾਤ ਦੇ 10 ਅੰਕ ਹੋ ਗਏ ਹਨ। ਗੁਜਰਾਤ ਨੇ 15.5 ਓਵਰਾਂ ਵਿੱਚ ਛੇ ਵਿਕਟਾਂ ਗੁਆ ਕੇ 158 ਦੌੜਾਂ ਬਣਾਈਆਂ ਅਤੇ ਜੇਤੂ ਟੀਚਾ ਹਾਸਲ ਕਰ ਲਿਆ।

ਇਸ ਤੋਂ ਪਹਿਲਾਂ ਬੱਲੇਬਾਜ਼ੀ ਕਰਨ ਉਤਰੀ ਆਰ.ਸੀ.ਬੀ. ਦੀ ਟੀਮ 19.2 ਓਵਰਾਂ ਵਿੱਚ ਮਹਿਜ਼ 155 ਦੌੜਾਂ ਬਣਾ ਕੇ ਆਊਟ ਹੋ ਗਈ। ਕਾਗਿਸੋ ਰਬਾਡਾ ਅਤੇ ਮੁਹੰਮਦ ਸਿਰਾਜ ਦੀ ਗੇਂਦਬਾਜ਼ੀ ਸਾਹਮਣੇ ਬੰਗਲੁਰੂ ਦੇ



ਬੱਲੇਬਾਜ਼ ਸੰਘਰਸ਼ ਕਰਦੇ ਨਜ਼ਰ ਆਏ। ਟੀਮ ਦੀ ਕੋਈ ਵੀ ਵੱਡੀ ਸਾਂਝੇਦਾਰੀ ਨਹੀਂ ਬਣ ਸਕੀ ਅਤੇ ਵਿਕਟਾਂ ਡਿੱਗਦੀਆਂ ਰਹੀਆਂ। ਬੰਗਲੁਰੂ ਵੱਲੋਂ ਦੇਵਦੱਤ ਪਡੀਕਲ ਨੇ ਸਭ ਤੋਂ ਵੱਧ 40 ਦੌੜਾਂ ਬਣਾਈਆਂ, ਜਦਕਿ ਵਿਰਾਟ ਕੋਹਲੀ ਨੇ 28 ਦੌੜਾਂ ਦਾ ਯੋਗਦਾਨ ਦਿੱਤਾ।

ਗੁਜਰਾਤ ਟਾਈਟਨਜ਼ ਵੱਲੋਂ ਖੱਬੇ ਹੱਥ ਦੇ ਤੇਜ਼ ਗੇਂਦਬਾਜ਼ ਅਰਸ਼ਦ ਖਾਨ ਨੇ ਵਧੀਆ ਗੇਂਦਬਾਜ਼ੀ ਕਰਦੇ ਹੋਏ 22 ਦੌੜਾਂ ਦੇ ਕੇ 3 ਵਿਕਟਾਂ ਹਾਸਲ ਕੀਤੀਆਂ। ਉਸ ਨੇ ਆਰ.ਸੀ.ਬੀ. ਦੇ ਕਪਤਾਨ ਰਜਤ ਪਾਟੀਦਾਰ, ਕਰੁਣਾਲ ਪਾਂਡਿਆ ਅਤੇ ਵੈਂਕਟੇਸ਼ ਅਈਅਰ ਨੂੰ ਪੈਵੇਲੀਅਨ ਭੇਜਿਆ। ਜੇਸਨ ਹੋਲਡਰ ਅਤੇ ਰਾਸ਼ਿਦ ਖਾਨ ਨੇ ਵੀ ਦੋ-ਦੋ ਵਿਕਟਾਂ ਝਟਕਾਈਆਂ। ਬੰਗਲੁਰੂ ਵੱਲੋਂ ਭੁਵਨੇਸ਼ਵਰ ਕੁਮਾਰ ਨੇ 28 ਦੌੜਾਂ ਦੇ ਕੇ 3 ਵਿਕਟਾਂ ਹਾਸਲ ਕਰ ਕੇ ਗੁਜਰਾਤ ਦੇ ਬੱਲੇਬਾਜ਼ਾਂ ਨੂੰ ਪ੍ਰੇਸ਼ਾਨ ਕਰਨ ਦੀ ਕੋਸ਼ਿਸ਼ ਕੀਤੀ ਪਰ ਇਹ ਜਿੱਤ ਲਈ ਕਾਫੀ ਨਹੀਂ ਸੀ।

## ਪੰਜਾਬ ਸਰਕਾਰ ਦੀ ਬਾਹਰਲੇ ਸੂਬਿਆਂ ਤੋਂ ਆ ਰਹੀ ਫ਼ਸਲ 'ਤੇ ਤਿੱਖੀ ਨਜ਼ਰ



**ਚੰਡੀਗੜ੍ਹ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਪੰਜਾਬ ਵਿੱਚ ਕਣਕ ਦੀ ਬੋਗਸ ਖ਼ਰੀਦ ਦਾ ਧੂੰਆਂ ਉੱਠਣ ਲੱਗਿਆ ਹੈ। ਪੰਜਾਬ ਦੇ ਅੱਠ ਜ਼ਿਲ੍ਹਿਆਂ ਵਿੱਚ ਪਿਛਲੇ ਸਾਲ ਨਾਲੋਂ ਜ਼ਿਆਦਾ ਫ਼ਸਲ ਮੰਡੀਆਂ ਵਿੱਚ ਪੁੱਜ ਚੁੱਕੀ ਹੈ ਜਿਸ ਮਗਰੋਂ ਪੰਜਾਬ ਸਰਕਾਰ ਵੀ ਮੁਸਤੈਦ ਹੋ ਗਈ ਹੈ। ਭਾਰਤੀ ਖ਼ੁਰਾਕ ਨਿਗਮ ਦੇ ਅਧਿਕਾਰੀ ਵੀ ਬੋਗਸ ਖ਼ਰੀਦ ਦੇ ਸ਼ੰਕਿਆਂ ਦੇ ਮੱਦੇਨਜ਼ਰ ਪੰਜਾਬ ਦੇ ਖ਼ਰੀਦ ਕੇਂਦਰਾਂ ਦਾ ਦੌਰਾ ਕਰਨ ਲੱਗੇ ਹਨ; ਹਾਲਾਂਕਿ ਐਤਕੀਂ ਤੇਜ਼ ਮੀਂਹ ਤੇ ਗੜੇਮਾਰੀ ਕਾਰਨ ਕਣਕ ਦੀ ਫ਼ਸਲ ਪ੍ਰਭਾਵਿਤ ਹੋਈ ਹੈ ਜਿਸ ਦਾ ਸਿੱਧਾ ਅਸਰ ਝਾੜ 'ਤੇ ਵੀ ਪਿਆ ਹੈ। ਦੂਜੇ ਪਾਸੇ, ਅੱਠ ਜ਼ਿਲ੍ਹਿਆਂ 'ਚ ਫ਼ਸਲ ਪਿਛਲੇ ਸਾਲ ਨਾਲੋਂ ਜ਼ਿਆਦਾ ਪੁੱਜ ਗਈ ਹੈ।

ਕੇਂਦਰ ਸਰਕਾਰ ਵੱਲੋਂ ਐਤਕੀਂ ਪੰਜਾਬ 'ਚੋਂ 122 ਲੱਖ ਟਨ ਕਣਕ ਖ਼ਰੀਦਣ ਦਾ ਟੀਚਾ ਮਿੱਥਿਆ ਗਿਆ ਹੈ ਅਤੇ ਹੁਣ ਤੱਕ ਮੰਡੀਆਂ 'ਚ 114.13 ਲੱਖ ਟਨ ਕਣਕ ਪੁੱਜ ਚੁੱਕੀ ਹੈ। ਖ਼ਰੀਦ ਸੀਜ਼ਨ 15 ਮਈ ਤੱਕ ਚੱਲਣਾ ਹੈ। ਪਿਛਲੇ ਸਾਲ ਸੂਬੇ 'ਚੋਂ ਕਰੀਬ 130 ਲੱਖ ਟਨ ਕਣਕ ਦੀ ਖ਼ਰੀਦ ਹੋਈ ਸੀ, ਜਿਸ 'ਚੋਂ 10.80 ਲੱਖ ਟਨ ਕਣਕ ਪ੍ਰਾਈਵੇਟ ਵਪਾਰੀਆਂ ਨੇ ਖ਼ਰੀਦੀ ਸੀ।

ਭਾਰਤੀ ਖ਼ੁਰਾਕ ਨਿਗਮ ਦੇ ਕਾਰਜਕਾਰੀ ਡਾਇਰੈਕਟਰ ਦਲਜੀਤ ਸਿੰਘ ਨੇ ਦੋ ਦਿਨਾ ਪੰਜਾਬ ਦੌਰਾ ਕੀਤਾ ਹੈ ਅਤੇ ਉਨ੍ਹਾਂ ਨੇ ਕੁਰਾਲੀ, ਖਰੜ, ਰੂਪਨਗਰ, ਬਨੂੜ ਤੇ ਸਨੇਟਾ ਦੀਆਂ ਮੰਡੀਆਂ ਦਾ ਦੌਰਾ ਕਰ ਕੇ ਜਾਇਜ਼ਾ ਲਿਆ ਹੈ। ਇਸ ਤੋਂ ਪਹਿਲਾਂ ਡਾਇਰੈਕਟਰ (ਸਟੋਰੇਜ) ਵੀ ਪੰਜਾਬ ਦਾ ਗੇੜਾ ਮਾਰ ਚੁੱਕੇ ਹਨ। ਹਾਲਾਂਕਿ, ਪੰਜਾਬ ਸਰਕਾਰ ਨੇ ਐਤਕੀਂ ਅੰਤਰ-ਰਾਜੀ ਸੀਮਾ 'ਤੇ ਨਾਕੇ ਲਾਏ ਸਨ ਤਾਂ ਕਿ ਬਾਹਰਲੇ ਸੂਬਿਆਂ ਤੋਂ ਕਣਕ ਦੀ ਸੰਭਾਵੀ ਆਮਦ ਨੂੰ ਰੋਕਿਆ ਜਾ ਸਕੇ। ਸ਼ੰਕੇ ਜ਼ਾਹਿਰ ਕੀਤੇ ਜਾ ਰਹੇ ਹਨ ਕਿ ਫ਼ਸਲੀ ਖ਼ਰਾਬੇ ਕਾਰਨ ਕਣਕ ਦਾ ਝਾੜ ਵੀ ਘੱਟ ਨਿਕਲ ਰਿਹਾ ਹੈ ਅਤੇ ਦੂਸਰੇ ਪਾਸੇ ਮੰਡੀਆਂ 'ਚ ਫ਼ਸਲ ਦੀ ਆਮਦ ਪਿਛਲੇ ਸਾਲ ਦੇ ਮੁਕਾਬਲੇ ਵੱਧ ਵੀ ਹੋ ਰਹੀ ਹੈ।

ਮੁੱਖ ਸਕੱਤਰ ਪੰਜਾਬ ਨੇ ਡਿਪਟੀ ਕਮਿਸ਼ਨਰਾਂ ਨਾਲ ਵਰਚੁਅਲ ਮੀਟਿੰਗ ਕਰ ਕੇ ਹੁਕਮ ਦਿੱਤੇ ਹਨ ਕਿ ਬਾਹਰਲੇ ਸੂਬਿਆਂ 'ਚੋਂ ਫ਼ਸਲ ਦੀ ਸੰਭਾਵੀ ਆਮਦ 'ਤੇ ਨਜ਼ਰ ਰੱਖੀ ਜਾਵੇ। ਖ਼ੁਰਾਕ ਤੇ ਸਪਲਾਈ ਵਿਭਾਗ ਨੇ ਵੀ ਸਮੂਹ ਜ਼ਿਲ੍ਹਾ ਕੰਟਰੋਲਰਾਂ ਨੂੰ ਪੱਤਰ ਜਾਰੀ ਕਰ ਦਿੱਤਾ ਹੈ। ਜਾਰੀ ਪੱਤਰ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਦੇ ਜਿਨ੍ਹਾਂ ਖ਼ਰੀਦ ਕੇਂਦਰਾਂ ਵਿੱਚ ਪਿਛਲੇ ਸਾਲ ਦੇ ਮੁਕਾਬਲੇ ਐਤਕੀਂ ਕਣਕ ਦੀ ਆਮਦ 100 ਫ਼ੀਸਦ ਤੋਂ ਵੱਧ ਹੋ ਚੁੱਕੀ ਹੈ, ਉਨ੍ਹਾਂ ਖ਼ਰੀਦ ਕੇਂਦਰਾਂ ਵਿੱਚ ਹੁਣ ਕਣਕ ਦੀ ਖ਼ਰੀਦ ਮੌਕੇ ਕਿਸਾਨਾਂ ਵੱਲੋਂ ਲਿਆਂਦੀ ਫ਼ਸਲ ਦੀ ਫੋਟੋਗ੍ਰਾਫੀ ਅਤੇ ਵੀਡੀਓਗ੍ਰਾਫ਼ੀ ਵੀ ਕੀਤੀ ਜਾਵੇ ਤਾਂ ਕਿ ਅਧਿਕਾਰੀਆਂ ਵੱਲੋਂ ਚੈਕਿੰਗ ਸਮੇਂ ਇਨ੍ਹਾਂ ਸਬੂਤਾਂ ਨੂੰ ਪੇਸ਼ ਕੀਤਾ ਜਾ ਸਕੇ।

ਦੂਸਰੇ ਪਾਸੇ, ਅਧਿਕਾਰੀ ਤਰਕ ਦਿੰਦੇ ਹਨ ਕਿ ਪਿਛਲੇ ਸਾਲ ਪ੍ਰਾਈਵੇਟ ਵਪਾਰੀਆਂ ਨੇ 10.80 ਲੱਖ ਟਨ ਕਣਕ ਖ਼ਰੀਦੀ ਸੀ, ਐਤਕੀਂ ਪ੍ਰਾਈਵੇਟ ਖ਼ਰੀਦ ਨਾਂਮਾਤਰ ਹੈ। ਪ੍ਰਾਈਵੇਟ ਖ਼ਰੀਦ ਨਾਂਮਾਤਰ ਰਹਿਣ ਕਰ ਕੇ ਸਰਕਾਰੀ ਖ਼ਰੀਦ ਦਾ ਅੰਕੜਾ ਵਧ ਗਿਆ ਹੈ। ਦੂਸਰੀ ਦਲੀਲ ਇਹ ਹੈ ਕਿ ਇਸ ਵਾਰ ਕਿਸਾਨ ਫ਼ਸਲੀ ਮੌਸਮ ਦੀ ਝੰਬੀ ਕਣਕ ਨੂੰ ਬੀਜ ਦੇ ਤੌਰ 'ਤੇ ਘਰਾਂ 'ਚ ਨਹੀਂ ਰੱਖ ਰਹੇ ਹਨ। ਇਕ ਸੀਨੀਅਰ ਅਧਿਕਾਰੀ ਦਾ ਕਹਿਣਾ ਸੀ ਕਿ ਪੰਜਾਬ ਵਿੱਚ ਬੋਗਸ ਖ਼ਰੀਦ ਦਾ ਹਾਲੇ ਤੱਕ ਕੋਈ ਮਾਮਲਾ ਸਾਹਮਣੇ ਨਹੀਂ ਆਇਆ ਅਤੇ ਉਨ੍ਹਾਂ ਨੇ ਪੂਰੀ ਤਰ੍ਹਾਂ ਸਖ਼ਤੀ ਕੀਤੀ ਹੋਈ ਹੈ।

## ਰੋਲਪਾ ਜ਼ਿਲ੍ਹੇ ਵਿੱਚ ਜੀਪ ਖੱਡ ਵਿੱਚ ਡਿੱਗੀ; 20 ਹਲਾਕ

**ਕਾਠਮੰਡੂ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਨੇਪਾਲ ਦੇ ਰੋਲਪਾ ਜ਼ਿਲ੍ਹੇ ਵਿੱਚ ਅੱਜ ਸ਼ਾਮ ਵੇਲੇ ਸ਼ਰਧਾਲੂਆਂ ਨਾਲ ਭਰੀ ਇੱਕ ਜੀਪ ਪਹਾੜ ਤੋਂ ਹੇਠਾਂ ਡਿੱਗ ਗਈ। ਪੁਲੀਸ ਤੋਂ ਮਿਲੀ ਜਾਣਕਾਰੀ ਅਨੁਸਾਰ ਇਸ ਹਾਦਸੇ ਵਿੱਚ 20 ਜਣਿਆਂ ਦੀ ਮੌਤ ਹੋ ਗਈ ਹੈ। ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਸ਼ਰਧਾਲੂ ਰੁਕਮ ਪੂਰਬ ਤੋਂ ਜਲਜਲਾ ਜਾ ਰਹੇ ਸਨ।

ਰਿਪੋਰਟਾਂ ਅਨੁਸਾਰ ਇਹ ਹਾਦਸਾ ਥਾਬਾਂਗ ਨਗਰਪਾਲਿਕਾ ਖੇਤਰ ਵਿੱਚ ਉਸ ਵੇਲੇ ਵਾਪਰਿਆ ਜਦੋਂ ਇਕ ਜੀਪ ਪਹਾੜੀ ਤੋਂ 800 ਮੀਟਰ ਹੇਠਾਂ ਡੂੰਘੀ ਖੱਡ ਵਿੱਚ ਜਾ ਡਿੱਗੀ। ਦੱਸਿਆ ਜਾ ਰਿਹਾ ਹੈ ਕਿ ਯਾਤਰੀ ਪੂਰਨਮਾਸ਼ੀ ਮੌਕੇ ਵਿਸ਼ੇਸ਼ ਪੂਜਾ ਅਤੇ ਰਸਮਾਂ ਨਿਭਾਉਣ ਜਾ ਰਹੇ ਸਨ।

ਰੋਲਪਾ ਜ਼ਿਲ੍ਹਾ ਪੁਲੀਸ ਦਫ਼ਤਰ ਦੇ ਸੂਚਨਾ ਅਧਿਕਾਰੀ ਸੁਨੀਲ ਥਾਪਾ ਨੇਪਾਲੀ ਨੇ ਦੱਸਿਆ ਕਿ ਘਟਨਾ ਦੀ ਸੂਚਨਾ ਮਿਲਦੇ ਹੀ ਪੁਲੀਸ ਟੀਮਾਂ ਅਤੇ ਸਥਾਨਕ ਲੋਕਾਂ ਨੂੰ ਬਚਾਅ ਕਾਰਜਾਂ ਲਈ ਭੇਜਿਆ ਗਿਆ।

ਜ਼ਿਲ੍ਹਾ ਅਧਿਕਾਰੀ ਗੰਗਾ ਬਹਾਦੁਰ ਛੇਤਰੀ ਨੇ ਕਿਹਾ ਕਿ ਪ੍ਰਸ਼ਾਸਨ ਪੂਰੀ ਮੁਸਤੈਦੀ ਨਾਲ ਰਾਹਤ ਕਾਰਜਾਂ ਵਿੱਚ ਜੁਟਿਆ ਹੋਇਆ ਹੈ।

ਮ ਹੋ ਸਕਦਾ ਹੈ ਹਾਦਸੇ ਦਾ ਕਾਰਨ

ਮੁੱਢਲੀ ਜਾਂਚ ਵਿੱਚ ਅਧਿਕਾਰੀਆਂ ਨੂੰ ਸ਼ੱਕ ਹੈ ਕਿ ਇਲਾਕੇ ਵਿੱਚ ਹੋ ਰਹੀ ਬਾਰਿਸ਼ ਕਾਰਨ ਸੜਕਾਂ @ਤੇ ਪੈਦਾ ਹੋਈ ਫਿਸਲਣ ਕਾਰਨ ਗੱਡੀ ਬੇਕਾਬੂ ਹੋ ਗਈ ਹੋਵੇਗੀ। ਫਿਲਹਾਲ ਮੌਕੇ @ਤੇ ਬਚਾਅ ਕਾਰਜ ਜਾਰੀ ਹਨ ਅਤੇ ਲਾਸ਼ਾਂ ਨੂੰ ਕੱਢਣ ਦੀਆਂ ਕੋਸ਼ਿਸ਼ਾਂ ਜਾਰੀ ਹਨ ਅਤੇ ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ।

## ਕਿੰਗ ਚਾਰਲਸ ਨੂੰ ਕੋਹਿਨੂਰ ਮੋੜ ਦੇਣਾ ਚਾਹੀਦਾ ਹੈ: ਜ਼ੋਹਰਾਨ ਮਮਦਾਨੀ



**ਨਿਊਯਾਰਕ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਨਿਊਯਾਰਕ ਸਿਟੀ ਦੇ ਮੇਅਰ ਜ਼ੋਹਰਾਨ ਮਮਦਾਨੀ (34) ਨੇ ਕਿਹਾ ਕਿ ਉਹ ਸਮਰਾਟ ਚਾਰਲਸ ਤੀਜੇ ਨੂੰ ਕੋਹਿਨੂਰ ਹੀਰਾ ਮੋੜਨ ਲਈ ਪ੍ਰੇਰਿਤ ਕਰਨਗੇ। ਬਰਤਾਨੀਆ ਦੇ ਸਮਰਾਟ ਚਾਰਲਸ ਅਮਰੀਕਾ ਦੇ ਦੌਰੇ 'ਤੇ ਆਏ ਹੋਏ ਹਨ। ਮਮਦਾਨੀ ਨੇ ਬੁੱਧਵਾਰ ਨੂੰ ਉਨ੍ਹਾਂ ਨਾਲ ਮੁਲਾਕਾਤ ਕਰਨ ਤੋਂ ਪਹਿਲਾਂ ਪੱਤਰਕਾਰਾਂ ਨੂੰ ਸੰਬੋਧਨ ਕੀਤਾ ਜਿਸ 'ਚ ਉਨ੍ਹਾਂ ਨੂੰ ਪੁੱਛਿਆ ਗਿਆ ਸੀ ਕਿ ਉਹ ਸਮਰਾਟ ਨੂੰ ਮਿਲਣ 'ਤੇ ਕੀ ਆਖਣਗੇ। ਉਨ੍ਹਾਂ ਕਿਹਾ ਕਿ ਜੇ ਸਮਰਾਟ ਨਾਲ ਵੱਖਰੇ ਤੌਰ 'ਤੇ ਗੱਲਬਾਤ ਕਰਨ ਦਾ ਮੌਕਾ ਮਿਲਿਆ ਤਾਂ ਉਹ ਕੋਹਿਨੂਰ ਹੀਰਾ ਵਾਪਸ ਮੋੜਨ ਲਈ ਉਨ੍ਹਾਂ ਨੂੰ ਉਤਸ਼ਾਹਿਤ ਕਰਨਗੇ। ਕੁਝ ਘੰਟਿਆਂ ਬਾਅਦ ਹੀ ਮਮਦਾਨੀ ਨੇ 9/11 ਯਾਦਗਾਰ 'ਤੇ ਸਮਰਾਟ ਚਾਰਲਸ ਨਾਲ ਮੁਲਾਕਾਤ ਕੀਤੀ ਪਰ ਇਹ ਤਸਦੀਕ ਨਹੀਂ ਹੋ ਸਕੀ ਕਿ ਉਨ੍ਹਾਂ ਬਰਤਾਨਵੀ ਬਾਦਸ਼ਾਹ ਨਾਲ ਕੋਹਿਨੂਰ ਦਾ ਮੁੱਦਾ ਵਿਚਾਰਿਆ ਜਾਂ ਨਹੀਂ। ਸਮਰਾਟ ਚਾਰਲਸ ਅਤੇ ਮਹਾਰਾਣੀ ਕੈਮਿਲਾ ਨੇ 9/11 ਯਾਦਗਾਰ ਦਾ ਦੌਰਾ ਕਰ ਕੇ ਦਹਿਸ਼ਤੀ ਹਮਲੇ 'ਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਦਿੱਤੀ।

105.6 ਕੈਰਟ ਦਾ ਕੋਹਿਨੂਰ ਹੀਰਾ 1849 'ਚ ਮਹਾਰਾਜ ਦਲੀਪ ਸਿੰਘ ਵੱਲੋਂ ਮਹਾਰਾਣੀ ਵਿਕਟੋਰੀਆ ਨੂੰ ਦਿੱਤਾ ਗਿਆ ਸੀ ਜਿਸ ਨੂੰ 1937 'ਚ ਮਹਾਰਾਣੀ ਦੇ ਤਾਜ 'ਚ ਜੜਿਆ ਗਿਆ ਸੀ। ਭਾਰਤ ਨੇ ਸੰਕੇਤ ਦਿੱਤਾ ਕਿ ਉਹ ਬਰਤਾਨੀਆ ਤੋਂ ਕੋਹਿਨੂਰ ਹੀਰਾ ਵਾਪਸ ਲਿਆਉਣ ਦੇ ਤਰੀਕਿਆਂ ਦਾ ਪਤਾ ਲਗਾਉਣਾ ਜਾਰੀ ਰੱਖੇਗਾ।

ਭਾਰਤ ਵੱਲੋਂ ਸਮੇਂ-ਸਮੇਂ 'ਤੇ ਬਰਤਾਨਵੀ ਸਰਕਾਰ ਨਾਲ ਇਹ ਮਾਮਲਾ ਉਠਾਇਆ ਜਾਂਦਾ ਰਿਹਾ ਹੈ। ਕੋਹਿਨੂਰ ਹੀਰਾ ਮੌਜੂਦਾ ਸਮੇਂ 'ਚ ਲੰਡਨ ਟਾਵਰ 'ਚ ਪ੍ਰਦਰਸ਼ਿਤ ਕੀਤਾ ਗਿਆ ਹੈ। ਮਮਦਾਨੀ ਉੱਘੀ ਫਿਲਮਸਾਜ਼ ਮੀਰਾ ਨਾਇਰ ਅਤੇ ਕੋਲੰਬੀਆ ਯੂਨੀਵਰਸਿਟੀ ਦੇ ਪ੍ਰੋਫੈਸਰ ਮਹਿਮੂਦ ਮਮਦਾਨੀ ਦੇ ਪੁੱਤਰ ਹਨ।

## ਪੀ ਆਰ ਟੀ ਸੀ : 600 ਮੁਲਾਜ਼ਮ ਰੈਗੂਲਰ ਕੀਤੇ

**ਪਟਿਆਲਾ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਪੀ ਆਰ ਟੀ ਸੀ ਨੇ ਅਦਾਲਤੀ ਘੁਰਕੀ ਮਗਰੋਂ ਆਪਣੇ 600 ਦੇ ਕਰੀਬ ਮੁਲਾਜ਼ਮਾਂ ਦੀਆਂ ਸੇਵਾਵਾਂ ਰੈਗੂਲਰ ਕਰ ਦਿੱਤੀਆਂ ਹਨ। ਹਾਈ ਕੋਰਟ ਨੇ 29 ਅਪਰੈਲ ਨੂੰ ਹੁਕਮਾਂ ਦੀ ਪਾਲਣਾ ਸਬੰਧੀ ਸਟੇਟਸ ਰਿਪੋਰਟ ਮੰਗੀ ਸੀ। ਅਦਾਲਤੀ ਹੁਕਮਾਂ ਦੀ ਪਾਲਣਾ ਕਰਦਿਆਂ ਪੀ ਆਰ ਟੀ ਸੀ ਵੱਲੋਂ ਸਬੰਧਤ ਕਾਮਿਆਂ ਨੂੰ ਪੱਕਾ ਕਰ ਦਿੱਤਾ ਗਿਆ। ਪਿਛਲੇ ਦੋ ਦਹਾਕਿਆਂ ਤੋਂ ਠੇਕਾ ਆਧਾਰ 'ਤੇ ਕੰਮ ਕਰ ਰਹੇ ਡਰਾਈਵਰ, ਕੰਡਕਟਰ, ਮਕੈਨਿਕ ਅਤੇ ਦਫਤਰੀ ਸਟਾਫ ਸਮੇਤ ਕਰਮਚਾਰੀਆਂ ਨੇ ਅਦਾਰੇ ਵੱਲੋਂ ਉਨ੍ਹਾਂ




ਦੀਆਂ ਸੇਵਾਵਾਂ ਰੈਗੂਲਰ ਨਾ ਕਰਨ ਖਿਲਾਫ਼ ਹਾਈ ਕੋਰਟ ਦਾ ਦਰਵਾਜ਼ਾ ਖੜਕਾਇਆ ਸੀ। ਪਟੀਸ਼ਨਰ ਪਿਛਲੀ ਸੇਵਾ ਦੀ ਗਿਣਤੀ ਅਤੇ ਹੋਰ ਲਾਭਾਂ ਦੇ ਹੱਕਦਾਰ ਹੋਣਗੇ। ਕਾਨੂੰਨੀ ਪੇਚੀਦਗੀਆਂ ਤੋਂ ਬਚਣ ਲਈ, ਪੀ ਆਰ ਟੀ ਸੀ ਦੇ ਪ੍ਰਬੰਧ ਨਿਰਦੇਸ਼ਕ ਨੇ 29 ਅਪਰੈਲ ਨੂੰ ਹਾਈ ਕੋਰਟ ਦੇ ਆਦੇਸ਼ਾਂ ਦੀ ਪਾਲਣਾ ਕਰਨ ਦੇ ਆਦੇਸ਼ ਜਾਰੀ ਕੀਤੇ ਸਨ। ਪਟੀਸ਼ਨਰਾਂ ਦੀਆਂ ਸੇਵਾਵਾਂ 15 ਅਕਤੂਬਰ 2025 ਤੋਂ ਨਿਯਮਤ ਕਰਨ ਦਾ ਹੁਕਮ ਦਿੱਤਾ ਗਿਆ ਹੈ ਜੋ ਕੁਝ ਲੰਬਿਤ ਅਪੀਲਾਂ ਦੇ ਅੰਤਮ ਨਤੀਜੇ ਦੇ ਅਧੀਨ ਹੈ। ਸੰਪਰਕ ਕਰਨ 'ਤੇ ਪੀ ਆਰ ਟੀ ਸੀ ਦੇ ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾੜਵਾਂ ਨੇ ਕਿਹਾ ਕਿ ਅਦਾਰੇ ਨੇ 600 ਕਰਮਚਾਰੀਆਂ ਨੂੰ ਰੈਗੂਲਰ ਕਰ ਦਿੱਤਾ ਹੈ। ਉਧਰ ਪੰਜਾਬ ਰੋਡਵੇਜ਼ ਅਤੇ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਦੇ ਸੂਬਾਈ ਬੁਲਾਰੇ ਹਰਕੇਸ਼ ਵਿੱਕੀ (ਪਟਿਆਲਾ) ਨੇ ਕਿਹਾ ਕਿ ਮਜ਼ਦੂਰਾਂ ਨੇ ਆਖਰਕਾਰ ਲੰਬੀ ਕਾਨੂੰਨੀ ਲੜਾਈ ਤੋਂ ਬਾਅਦ ਆਪਣੇ ਅਧਿਕਾਰ ਪ੍ਰਾਪਤ ਕਰ ਲਏ ਹਨ।

## ਆਰਬੀਆਈ 29 ਦੇ ਸੋਨਾ ਭੰਡਾਰ 'ਚ 104.23 ਟਨ ਦਾ ਵਾਧਾ

**ਮੁੰਬਈ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਵਿੱਤੀ ਸਾਲ 2025-26 ਦੀ ਦੂਜੀ ਛਿਮਾਹੀ ਦੌਰਾਨ ਭਾਰਤੀ ਰਿਜ਼ਰਵ ਬੈਂਕ (ਆਰ ਬੀ ਆਈ) ਨੇ ਆਪਣੇ ਸੋਨੇ ਦੇ ਭੰਡਾਰਾਂ ਵਿੱਚ 104.23 ਮੀਟਰਕ ਟਨ ਘਰੇਲੂ ਪੱਧਰ 'ਤੇ ਤਬਦੀਲ ਕੀਤੇ ਹਨ। ਵਿਦੇਸ਼ੀ ਮੁਦਰਾ ਭੰਡਾਰ ਦੇ ਪ੍ਰਬੰਧਨ ਬਾਰੇ ਵੀਰਵਾਰ ਨੂੰ ਸਾਂਝੀ ਕੀਤੀ ਗਈ ਛਿਮਾਹੀ ਰਿਪੋਰਟ ਅਨੁਸਾਰ ਕੇਂਦਰੀ ਬੈਂਕ ਦਾ ਕੁੱਲ ਸੋਨਾ ਭੰਡਾਰ ਮਾਰਚ 2026 ਵਿੱਚ ਮਾਮੂਲੀ ਤੌਰ 'ਤੇ ਵਧ ਕੇ 880.52 ਮੀਟਰਕ ਟਨ ਹੋ ਗਿਆ ਜੋ ਸਤੰਬਰ 2025 ਦੇ ਅੰਤ ਵਿੱਚ 880.18 ਮੀਟਰਕ ਟਨ ਸੀ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਘਰੇਲੂ ਤੌਰ 'ਤੇ ਰੱਖੇ ਗਏ ਸੋਨੇ ਦੀ ਮਾਤਰਾ ਮਾਰਚ 2026 ਵਿੱਚ ਵਧ ਕੇ 290.37 ਮੀਟਰਕ ਟਨ ਹੋ ਗਈ ਜੋ ਪਿਛਲੇ ਸਾਲ ਸਤੰਬਰ ਵਿੱਚ 575.82




ਮੀਟਰਕ ਟਨ ਅਤੇ ਮਾਰਚ 2025 ਵਿੱਚ 511.99 ਮੀਟਰਕ ਟਨ ਸੀ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ 197.67 ਮੀਟਰਕ ਟਨ ਸੋਨਾ ਬੈਂਕ ਆਫ਼ ਇੰਗਲੈਂਡ ਅਤੇ ਬੈਂਕ ਫਾਰ ਇੰਟਰਨੈਸ਼ਨਲ ਸੈਟਲਮੈਂਟਸ (ਬੀ ਆਈ ਐੱਸ) ਦੀ ਸੁਰੱਖਿਅਤ ਕਸਟਡੀ ਵਿੱਚ ਰੱਖਿਆ ਗਿਆ ਸੀ, ਅਤੇ ਮਾਰਚ 2026 ਤੱਕ 2.80 ਮੀਟਰਕ ਟਨ ਸੋਨੇ ਦੇ ਭੰਡਾਰ ਦੇ ਰੂਪ ਵਿੱਚ ਰੱਖਿਆ ਗਿਆ ਸੀ।

## ਸੰਪਾਦਕੀ

# ਸਿਹਤ ਬੀਮਾ ਸਕੀਮਾਂ ਤੇ ਖਾਲੀ ਹੁੰਦੀ ਜੇਬ

ਅਖ਼ਬਾਰ ਵਿੱਚ ਛਪੀ ਇੱਕ ਖ਼ਬਰ ਅਨੁਸਾਰ ਇੱਕ ਔਰਤ ਨੂੰ ਆਪਣੇ ਬੱਚੇ ਦੇ ਇਲਾਜ ਲਈ ਪੀ ਜੀ ਆਈ ਚੰਡੀਗੜ੍ਹ ਜਾਣਾ ਪਿਆ ਕਿਉਂਕਿ ਲੁਧਿਆਣਾ ਦੇ ਕਿਸੇ ਵੀ ਹਸਪਤਾਲ ਨੇ ਉਸ ਦਾ ਵੱਡੇ ਪੱਧਰ ’ਤੇ ਪ੍ਰਚਾਰਿਆ ਗਿਆ ਸਰਕਾਰੀ ਸਿਹਤ ਬੀਮਾ ਕਾਰਡ ਸਵੀਕਾਰ ਨਹੀਂ ਕੀਤਾ। ਪੀ ਜੀ ਆਈ ਵਿੱਚ ਉਸ ਦਾ ਇੱਕ ਲੱਖ ਰੁਪਿਆ ਖ਼ਰਚ ਹੋ ਗਿਆ। ਦੂਸਰੀ ਖ਼ਬਰ ਅਪਰੈਲ 2026 ਵਿੱਚ ਪ੍ਰਕਾਸ਼ਿਤ ‘ਨੈਸ਼ਨਲ ਸਟੈਟਿਸਟਿਕਸ ਔਫਿਸ’ ਦੇ ‘ਸਰਵੇ ਔਨ ਹਾਊਸਹੋਲਡ ਸੋਸ਼ਲ ਕਨਜ਼ੰਪਸ਼ਨ: ਹੈਲਥ’ ਰਿਪੋਰਟ ਬਾਰੇ ਹੈ, ਜਿਸ ਮੁਤਾਬਿਕ ਭਾਰਤ ਵਿੱਚ ਸਾਲ 2025 ਵਿੱਚ ਮੁਲਕ ਪੱਧਰ ਉੱਤੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਕ੍ਰਮਵਾਰ 45.5 ਅਤੇ 31.8 ਫ਼ੀਸਦੀ ਆਬਾਦੀ ਕੋਲ ਸਰਕਾਰੀ ਸਿਹਤ ਬੀਮਾ ਸਕੀਮ ਹੈ। ਇਹ ਅੰਕੜਾ ਸਾਲ 2017 ਵਿੱਚ ਕ੍ਰਮਵਾਰ 12.9 ਫ਼ੀਸਦੀ ਅਤੇ 8.9 ਫ਼ੀਸਦੀ ਸੀ। ਅਜਿਹਾ ਕੇਂਦਰ ਸਰਕਾਰ ਦੀ ਆਯੂਸ਼ਮਾਨ ਭਾਰਤ - ਪ੍ਰਧਾਨ ਮੰਤਰੀ ਜਨ ਆਰੋਗਿਆ ਸਕੀਮ ਕਰਕੇ ਸੰਭਵ ਹੋਇਆ ਹੈ, ਜਿਹੜੀ 23 ਸਤੰਬਰ 2018 ਨੂੰ ਸ਼ੁਰੂ ਹੋਈ ਸੀ। ਇਸ ਸਕੀਮ ਅਧੀਨ ਹਰ ਪਰਿਵਾਰ ਨੂੰ ਸਾਲਾਨਾ ਪੰਜ ਲੱਖ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਹਾਸਲ ਸੀ। ਭਾਰਤ ਦੀ 40 ਫ਼ੀਸਦੀ ਆਬਾਦੀ ਆਯੂਸ਼ਮਾਨ ਬੀਮਾ ਸਕੀਮ ਤਹਿਤ ਮੁਫ਼ਤ ਇਲਾਜ ਲਈ ਯੋਗ ਸੀ। ਇਸ ਨੂੰ ਦੁਨੀਆ ਦੀ ਸਭ ਤੋਂ ਵੱਡੀ ਸਿਹਤ ਬੀਮਾ ਸਕੀਮ ਕਹਿ ਕੇ ਪ੍ਰਚਾਰਿਆ ਗਿਆ ਸੀ। ਕੇਂਦਰ ਸਰਕਾਰ ਦੇ ਆਪਣੇ ਹੀ ਅਦਾਰੇ ਵੱਲੋਂ ਕੀਤੇ ਸਰਵੇਖਣ ਨੇ ਆਯੂਸ਼ਮਾਨ ਬੀਮਾ ਸਕੀਮ ’ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਪਿਛਲੇ ਸਾਲ ਜਨਵਰੀ ਤੋਂ ਦਸੰਬਰ ਤੱਕ ਕੀਤੇ ਸਰਵੇਖਣ ਅਨੁਸਾਰ ਸਰਕਾਰੀ ਹਸਪਤਾਲਾਂ ਵਿੱਚ ਪ੍ਰਤੀ ਮਰੀਜ਼ ਔਸਤਨ 6631 ਰੁਪਏ, ਚੈਰੀਟੇਬਲ ਹਸਪਤਾਲਾਂ ਵਿੱਚ ਔਸਤਨ 39,530 ਰੁਪਏ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਔਸਤਨ 50,508 ਰੁਪਏ ਪ੍ਰਤੀ ਮਰੀਜ਼ ਪਰਿਵਾਰਾਂ ਦੀ ਜੇਬ ਵਿੱਚੋਂ ਖ਼ਰਚ ਹੋਏ ਹਨ। ਜੱਚਾ-ਬੱਚਾ ਲਈ ਸਾਲ 2006 ਵਿੱਚ ਨੈਸ਼ਨਲ ਹੈਲਥ ਮਿਸ਼ਨ ਸ਼ੁਰੂ ਕਰਨ ਸਮੇਂ ਤੋਂ ਹੀ ‘ਜਨਨੀ-ਸ਼ਿਸ਼ੂ ਸੁਰਕਸ਼ਾ’ ਪ੍ਰੋਗਰਾਮ ਅਨੁਸਾਰ ਸਿਹਤ ਸੇਵਾਵਾਂ ਮੁਫ਼ਤ ਪ੍ਰਦਾਨ ਕੀਤੀਆਂ ਜਾਣੀਆਂ ਚਾਹੀਦੀਆਂ ਹਨ, ਭਾਵੇਂ ਮਰੀਜ਼ ਕੋਲ ਕੋਈ ਬੀਮਾ ਸਕੀਮ ਹੋਵੇ ਜਾਂ ਨਾ ਹੋਵੇ। ਇੱਥੋਂ ਤੱਕ ਕਿ ਜੇਕਰ ਕਿਸੇ ਸਰਕਾਰੀ ਹਸਪਤਾਲ ਵਿੱਚ ਟੈਸਟ, ਦਵਾਈਆਂ ਜਾਂ ਡਾਕਟਰੀ ਅਮਲੇ ਦੀ ਘਾਟ ਹੋਵੇ ਤਾਂ ਵੀ ਸਰਕਾਰ ਦੀ ਇਹ ਕਾਨੂੰਨੀ ਜ਼ਿੰਮੇਵਾਰੀ ਹੈ ਕਿ ਉਹ ਖ਼ੁਦ ਪ੍ਰਬੰਧ ਕਰਕੇ ਦੇਵੇ। ਜਣੇਪੇ ਸਮੇਂ ਮਰੀਜ਼ ਨੂੰ ਘਰੋਂ ਲਿਆਉਣ ਅਤੇ ਵਾਪਸ ਛੱਡਣ ਤੱਕ ਦੀ ਵੀ ਸਰਕਾਰ ਦੀ ਹੀ ਜ਼ਿੰਮੇਵਾਰੀ ਹੈ। ਇੱਥੇ ਵੀ ਸਰਕਾਰੀ, ਚੈਰੀਟੇਬਲ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਪ੍ਰਤੀ ਮਰੀਜ਼ ਕ੍ਰਮਵਾਰ 2299, 19,612 ਅਤੇ 37,630 ਰੁਪਏ ਔਸਤਨ ਮਰੀਜ਼ ਦੀ ਜੇਬ ਵਿੱਚੋਂ ਖ਼ਰਚ ਹੋਏ ਹਨ।‘ਦਿ ਟ੍ਰਿਬਿਊਨ’ ਵਿੱਚ 21 ਜਨਵਰੀ 2026 ਨੂੰ ਛਪੀ ਖ਼ਬਰ (ਜੋ ਮੈਡੀਕਲ ਜਨਰਲ ‘ਲਾਂਸਟ’ ਦੀ ਰਿਪੋਰਟ ‘ਇੰਟਰਸੈਕਸ਼ਨੈਲਿਟੀ ਔਫ ਕੈਂਸਰ ਡਿਸਪੈਰਿਟੀਜ਼ ਇਨ ਸਾਊਥ ਏਸ਼ੀਆ’ ਉੱਤੇ ਆਧਾਰਿਤ ਸੀ) ਮੁਤਾਬਿਕ ਗਿਆਰਾਂ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੀ ਕਮਾਈ ਵਾਲੇ ਪਰਿਵਾਰ ਨੂੰ ਛਾਤੀ ਦੇ ਕੈਂਸਰ ਲਈ ਦਾਖ਼ਲ ਹੋਣ ਸਮੇਂ 39,085 ਰੁਪਏ ਤੋਂ 93,000 ਰੁਪਏ ਜੇਬ ਵਿੱਚੋਂ ਖ਼ਰਚਣੇ ਪਏ। ‘ਲਾਂਸਟ’ ਵਿੱਚ ਹੀ ਮਿਤੀ 16 ਜਨਵਰੀ 2024 ਨੂੰ ਟਾਟਾ ਮੈਮੋਰੀਅਲ ਹਸਪਤਾਲ ਮੁੰਬਈ ਦੇ ਪੰਜ ਸੌ ਕੈਂਸਰ ਮਰੀਜ਼ਾਂ ਉੱਤੇ ਆਧਾਰਿਤ ਇੱਕ ਅਧਿਐਨ ਛਪਿਆ ਸੀ। ਇਸ ਵਿੱਚ ਦੱਸਿਆ ਗਿਆ ਸੀ ਕਿ 45 ਮਰੀਜ਼ ਆਰਥਿਕ ਕਾਰਨਾਂ ਕਰਕੇ ਕੈਂਸਰ ਦਾ ਇਲਾਜ ਅਧੂਰਾ ਛੱਡ ਗਏ ਅਤੇ ਉਸ ਹਸਪਤਾਲ ਵਿੱਚ ਵੀ ਪ੍ਰਤੀ ਕੈਂਸਰ ਮਰੀਜ਼ 1.80 ਲੱਖ ਰੁਪਏ ਮਰੀਜ਼ ਅਤੇ ਉਸ ਦੇ ਪਰਿਵਾਰ ਦੀ ਜੇਬ ਵਿੱਚੋਂ ਖ਼ਰਚ ਹੁੰਦਾ ਸੀ। ਦੀਪਿੰਦਰ ਸਿੰਘ ਹੁੱਡਾ ਦੇ ਸਵਾਲ ਦੇ ਜਵਾਬ ’ਚ 21 ਮਾਰਚ 2025 ਨੂੰ ਲੋਕ ਸਭਾ ਵਿੱਚ ਸਿਹਤ ਰਾਜ ਮੰਤਰੀ ਅਨੂਪ੍ਰਿਆ ਪਟੇਲ ਨੇ ਵੀ ਮੰਨਿਆ ਸੀ ਕਿ ਭਾਰਤ ਵਿੱਚ ਇਲਾਜ ਲਈ 39.4 ਫ਼ੀਸਦੀ ਖ਼ਰਚ ਆਪਣੀ ਜੇਬ ਵਿੱਚੋਂ ਕਰਨਾ ਪੈਂਦਾ ਹੈ, ਜੋ ਦਵਾਈਆਂ, ਟੈਸਟਾਂ ਅਤੇ ਡਾਕਟਰ ਦੀ ਫੀਸ ਦੇ ਰੂਪ ਵਿੱਚ ਹੁੰਦਾ ਹੈ। ਦੁਨੀਆ ਦੇ 189 ਦੇਸ਼ਾਂ ਵਿੱਚੋਂ ਜੇਬ ’ਚੋਂ ਖ਼ਰਚ ਦੇ ਮਾਮਲੇ ਵਿੱਚ ਭਾਰਤ ਦਾ ਨੰਬਰ 69ਵਾਂ ਹੈ। ਇਹ ਅੰਕੜੇ ਆਯੂਸ਼ਮਾਨ ਬੀਮਾ ਸਕੀਮ ਦਾ ਮੂੰਹ ਚਿੜਾਉਂਦੇ ਹਨ।

ਪੀਤਾਂਬਰ ਸ਼ਰਮਾ

# ਸਿਆਸੀ ਅਤੇ ਪ੍ਰਸ਼ਾਸਨਿਕ ਹਲਕਿਆਂ ਵਿੱਚ ਹੜਕੰਪ ਮਚ ਗਿਆ



**ਲੁਧਿਆਣਾ, 30 ਅਪ੍ਰੈਲ**
**-ਐਸ. ਕੇ. ਵਰਮਾ-**
**-ਪ੍ਰੈਸ ਕੀ ਤਾਕਤ ਬਿਊਰੋ-**

ਲੁਧਿਆਣਾ ਦੇ ਮੇਅਰ ਇੰਦਰਜੀਤ ਕੌਰ ਦੇ ਪਤੀ ਰਵੀ ਆਨੰਦ ਲੱਕੀ ਦੀ ਇੱਕ ਆਡੀਓ ਕਲਿੱਪ ਵਾਇਰਲ ਹੋਣ @ਤੇ ਸਿਆਸੀ ਅਤੇ ਪ੍ਰਸ਼ਾਸਨਿਕ ਹਲਕਿਆਂ ਵਿੱਚ ਹੜਕੰਪ ਮਚ ਗਿਆ। ਇਹ ਆਡੀਓ ਕਲਿੱਪ ਕਥਿਤ ਤੌਰ @ਤੇ ਮੇਅਰ ਦੇ ਪਤੀ ਅਤੇ ਇੱਕ ਮਹਿਲਾ ਪ੍ਰਿੰਸੀਪਲ ਵਿਚਕਾਰ ਗੱਲਬਾਤ ਦੀ ਹੈ, ਜਿਸ ਵਿੱਚ ਉਹ ਕਥਿਤ ਤੌਰ @ਤੇ ਇਤਰਾਜ਼ਯੋਗ ਟਿੱਪਣੀਆਂ ਕਰਦੇ ਹਨ। ਇਸ ਆਡੀਓ ਵਿੱਚ ਮੇਅਰ ਦਾ ਪਤੀ ਵਾਰ-ਵਾਰ ਮਹਿਲਾ ਪ੍ਰਿੰਸੀਪਲ ਤੋਂ ਉਸ ਦੀ ਫੋਟੋਆਂ ਮੰਗ ਰਹੇ ਹਨ।ਦੱਸ ਦਈਏ ਕਿ ਲਗਭਗ 2 ਮਿੰਟ ਦੀ ਕਾਲ ਰਿਕਾਰਡਿੰਗ ਵਿੱਚ ਰਵੀ ਆਨੰਦ ਨੇ ਮਹਿਲਾ ਪ੍ਰਿੰਸੀਪਲ ਤੋਂ ਨੌਂ ਵਾਰ ਉਸ ਦੀ ਫੋਟੋ ਮੰਗੀ। ਪ੍ਰਿੰਸੀਪਲ ਨੇ ਉਸ ਨੂੰ ਵਾਰ-ਵਾਰ ਕਿਹਾ ਕਿ ਉਹ ਫੋਟੋਆਂ ਸਾਂਝੀ ਨਹੀਂ ਕਰ ਸਕਦੀ। ਅਖੀਰ ਵਿੱਚ ਪ੍ਰਿੰਸੀਪਲ ਨੇ ਇੱਥੋਂ ਤੱਕ ਕਹਿ ਦਿੱਤਾ ਕਿ ਰਿਸ਼ਤਿਆਂ ਵਿੱਚ ਕੁਝ ਸ਼ਰਮ ਵੀ ਹੁੰਦੀ ਹੈ। ਮਹਿਲਾ ਪ੍ਰਿੰਸੀਪਲ ਦਾ ਦਾਅਵਾ ਹੈ ਕਿ ਉਸ ਦੀ ਇਹ ਰਿਕਾਰਡਿੰਗ ਫੇਸਬੁੱਕ ਮੈਸੇਂਜਰ ਦੀ ਹੈ।

ਦਰਅਸਲ, ਇਹ ਮਾਮਲਾ ਉਸ ਵੇਲੇ ਹੋਰ ਵੀ ਭੱਖ ਗਿਆ, ਜਦੋਂ ਹਾਲ ਹੀ ਵਿੱਚ ਇੱਕ ਮਹਿਲਾ ਅਧਿਆਪਕਾ ਨੇ ਜਨਤਕ ਤੌਰ @ਤੇ ਸਾਹਮਣੇ ਆ ਕੇ ਮੇਅਰ ਦੇ ਪਤੀ @ਤੇ ਗੰਭੀਰ ਦੋਸ਼ ਲਗਾਏ। ਉਸ ਨੇ ਦਾਅਵਾ ਕੀਤਾ ਕਿ ਦੋਸ਼ੀ ਉਸਨੂੰ ਲਗਾਤਾਰ ਮੈਸੇਜ ਕਰਦਾ ਰਿਹਾ ਅਤੇ ਵਾਰ-ਵਾਰ ਨਿੱਜੀ ਫੋਟੋਆਂ ਭੇਜਣ ਲਈ ਦਬਾਅ ਪਾਉਂਦਾ ਰਿਹਾ। ਉਸਨੇ ਇਹ ਵੀ ਦੋਸ਼ ਲਗਾਇਆ ਕਿ ਜਦੋਂ ਉਸਨੇ ਇਨ੍ਹਾਂ ਮੰਗਾਂ ਤੋਂ ਇਨਕਾਰ ਕਰ ਦਿੱਤਾ, ਤਾਂ ਉਸਨੂੰ ਧਮਕੀਆਂ ਦਿੱਤੀਆਂ ਗਈਆਂ। ਮਾਮਲਾ ਤੇਜ਼ੀ ਨਾਲ ਵਧਿਆ, ਅਤੇ ਹੁਣ ਇੱਕ ਕਥਿਤ ਆਡੀਓ ਕਲਿੱਪ ਜਾਰੀ ਹੋਣ ਨਾਲ ਵਿਵਾਦ ਹੋਰ ਵੀ ਜ਼ਿਆਦਾ ਭੱਖ ਗਿਆ ਹੈ। ਪ੍ਰਿੰਸੀਪਲ ਨੇ ਖੁੱਲ੍ਹ ਕੇ ਦੋਸ਼ ਲਗਾਇਆ ਕਿ ਦੋਸ਼ੀ ਉਸਨੂੰ ਅਪਮਾਨਜਨਕ ਭਾਸ਼ਾ ਦੀ ਵਰਤੋਂ ਕਰਦੇ ਹੋਏ ਸੁਨੇਹੇ ਭੇਜਦਾ ਸੀ, ਉਸਦੀਆਂ ਫੋਟੋਆਂ ਮੰਗਦਾ ਸੀ ਅਤੇ ਇੱਥੋਂ ਤੱਕ ਕਿ ਉਸਨੂੰ ਬਾਹਰ ਜਾਣ ਲਈ ਵੀ ਕਹਿੰਦਾ ਸੀ।

# ਮਾਂ ਵੈਸਨੋ ਦੇਵੀ ਸੇਵਾ ਦਲ ਅਤੇ ਕੌਂਸਲਰ ਤੁਲਸੀ ਰਾਮ ਬਾਂਸਲ ਵੱਲੋਂ ਪਾਣੀ ਵਾਲੀ ਟੈਂਕੀ ਰਵਾਨਾ

**ਜੈਤੋ, 30 ਅਪ੍ਰੈਲ, -ਸੰਧੀਰ ਗਰਗ-**
**-ਪ੍ਰੈਸ ਕੀ ਤਾਕਤ ਬਿਊਰੋ-**



ਜੈਤੋ ਸ਼ਹਿਰ ਵਿੱਚ ਲੋਕ ਸੇਵਾ ਨੂੰ ਸਮਰਪਿਤ ਇਕ ਹੋਰ ਕਦਮ ਤਹਿਤ ਮਾਂ ਵੈਸਨੋ ਦੇਵੀ ਸੇਵਾ ਦਲ ਅਤੇ ਕੌਂਸਲਰ ਤੁਲਸੀ ਰਾਮ ਬਾਂਸਲ ਵੱਲੋਂ ਪਾਣੀ ਦੀ ਟੈਂਕੀ ਰਵਾਨਾ ਕੀਤੀ ਗਈ। ਇਹ ਟੈਂਕੀ ਗਰਮੀ ਦੇ ਮੌਸਮ ਦੌਰਾਨ ਲੋਕਾਂ ਨੂੰ ਠੰਡਾ ਪੀਣ ਵਾਲਾ ਪਾਣੀ ਉਪਲਬਧ ਕਰਵਾਉਣ ਲਈ ਲਗਾਈ ਜਾਵੇਗੀ। ਇਸ ਮੌਕੇ ਗੱਲਬਾਤ ਕਰਦੇ ਹੋਏ ਕੌਂਸਲਰ ਤੁਲਸੀ ਰਾਮ ਬਾਂਸਲ ਨੇ ਕਿਹਾ ਕਿ ਸੇਵਾ ਦਲ ਵੱਲੋਂ ਹਮੇਸ਼ਾ ਹੀ ਲੋਕ ਭਲਾਈ ਦੇ ਕੰਮ ਕੀਤੇ ਜਾਂਦੇ ਹਨ ਅਤੇ ਗਰਮੀ ਵਿੱਚ ਪਾਣੀ ਦੀ ਵੱਡੀ ਲੋੜ ਨੂੰ ਦੇਖਦੇ ਹੋਏ ਇਹ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮਨੁੱਖਤਾ ਦੀ ਸੇਵਾ ਸਭ ਤੋਂ ਵੱਡੀ ਸੇਵਾ ਹੈ ਅਤੇ ਅਸੀਂ ਹਮੇਸ਼ਾ ਇਸੇ ਰਾਹ ’ਤੇ ਚੱਲਦੇ ਰਹਾਂਗੇ। ਉਨ੍ਹਾਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੀ ਅਜਿਹੇ ਸਮਾਜਿਕ ਕੰਮਾਂ ਵਿੱਚ ਆਪਣਾ ਯੋਗਦਾਨ ਪਾਉਣ ਤਾਂ ਜੋ ਲੋੜਵੰਦ ਲੋਕਾਂ ਦੀ ਮਦਦ ਕੀਤੀ ਜਾ ਸਕੇ। ਇਸ ਮੌਕੇ ਤੇ ਨਰਿੰਦਰ ਬਾਂਸਲ ਕੱਦੂ . ਪ੍ਰਧਾਨ ਪ੍ਰਿੰਸ ਗਰਗ .ਵਿਸ਼ੂ ਮਿੱਤਲ. ਨਿਸ਼ੂ ਬਾਂਸਲ. ਅਨਿਲ ਮਿੱਤਲ. ਬੋਬੀ ਜੈਨ. ਸੌਰਵ ਬਾਂਸਲ. ਅਭੀ ਮਿੱਤਲ. ਈਸ਼ਵਰ ਕੁਮਾਰ .ਹੈਪੀ ਸ਼ਰਮਾ ਹਾਜ਼ਰ ਸਨ।

# ਸਰਕਾਰੀ ਸਕੂਲ ਵਿਖੇ ਅੱਖਾਂ ਦਾ ਚੈੱਕਅਪ ਕੈਂਪ ਲਗਾਇਆ ਗਿਆ : ਜੌਂਟੀ ਵਿਜ



**ਜੈਤੋ, 30 ਅਪ੍ਰੈਲ, -ਸੰਧੀਰ ਗਰਗ-**
**-ਪ੍ਰੈਸ ਕੀ ਤਾਕਤ ਬਿਊਰੋ-**

ਪੰਜਾਬ ਸਰਕਾਰ ਦੇ ਸਿਹਤ ਵਿਭਾਗ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਦੇ ਹਿੱਸੇ ਵਜੋਂ, ਡਾ. ਅਵਤਾਰ ਜੀਤ ਸਿੰਘ ਗੋਂਦਾਰਾ, ਆਈ ਮੋਬਾਈਲ ਵਿੰਗ ਇੰਚਾਰਜ, ਅਤੇ ਡਾ. ਵਰਿੰਦਰ ਕੁਮਾਰ, ਸੀਨੀਅਰ ਮੈਡੀਕਲ ਅਫਸਰ, ਸਿਵਲ ਹਸਪਤਾਲ ਨੇ ਜੈਤੋ ਦੇ ਸ਼ਹਿਰ ਦੇ ਸਭ ਤੋਂ ਪੁਰਾਣੇ ਸਰਕਾਰੀ ਐਚਐਸਐਨ ਹਾਈ ਸਕੂਲ ਵਿੱਚ ਅੱਖਾਂ ਦਾ ਚੈੱਕਅਪ ਕੈਂਪ ਲਗਾਇਆ।

ਨੇਤਰ ਅਧਿਕਾਰੀ ਮੈਡਮ ਜੌਂਟੀ ਵਿਜ ਨੇ 162 ਬੱਚਿਆਂ ਦੀਆਂ ਅੱਖਾਂ ਦੀ ਜਾਂਚ ਕੀਤੀ। ਜਾਂਚ ਦੌਰਾਨ 63 ਬੱਚਿਆਂ ਨੂੰ ਐਨਕਾਂ ਦੀ ਜ਼ਰੂਰਤ ਪਾਈ ਗਈ।

ਨੇਤਰ ਅਧਿਕਾਰੀ ਮੈਡਮ ਜੌਂਟੀ ਵਿਜ ਨੇ ਸਾਰੇ ਬੱਚਿਆਂ ਨੂੰ ਆਪਣੀਆਂ ਅੱਖਾਂ ਦੀ ਸੁਰੱਖਿਆ ਦੇ ਉਪਾਵਾਂ ਬਾਰੇ ਵੀ ਦੱਸਿਆ ਅਤੇ ਕਿਹਾ ਕਿ ਇਸ ਅੱਤ ਦੀ ਗਰਮੀ ਅਤੇ ਚੱਲ ਰਹੀ ਭਿਆਨਕ ਗਰਮੀ ਵਿੱਚ ਅੱਖਾਂ ਦੀ ਰੱਖਿਆ ਕਰਨਾ ਬਹੁਤ ਜ਼ਰੂਰੀ ਹੈ। ਇਸ ਕੈਂਪ ਵਿੱਚ ਅਮਰਜੀਤ ਕੌਰ ਕਲਾਸ ਇੰਚਾਰਜ, ਮੈਡਮ ਰਮਨਦੀਪ ਕੌਰ ਸਕੂਲ ਹੈਲਥ ਕੇਅਰ, ਮੈਡਮ ਕਿਰਨਦੀਪ ਕੌਰ, ਮੈਡਮ ਨਵਦੀਪ ਕੌਰ, ਮੈਡਮ ਨੀਤੂ ਨਾਰੰਗ ਤੋਂ ਇਲਾਵਾ ਲਾਇਨ ਆਈ ਕੇਅਰ ਸੈਂਟਰ ਜੈਤੋ ਦੇ ਕੈਂਪ ਚੇਅਰਮੈਨ ਲਾਇਨ ਨਰੇਸ਼ ਕੁਮਾਰ ਮਿੱਤਲ ਵੀ ਮੌਜੂਦ ਸਨ। ਜਲਦੀ ਹੀ ਸਰਕਾਰ ਵੱਲੋਂ 63 ਲੋੜਵੰਦ ਬੱਚਿਆਂ ਨੂੰ ਮੁਫ਼ਤ ਐਨਕਾਂ ਪ੍ਰਦਾਨ ਕੀਤੀਆਂ ਜਾਣਗੀਆਂ।

# ਕੈਲਟੈਕਸ ਦੇ ਦੌਰਾਨ ਲੁਧਿਆਣਾ ਅਤੇ ਬਠਿੰਡਾ ਦੇ ਮੈਕੇਨਿਕਾਂ ਨੂੰ ਮੈਗਾ ਇਨਾਮਾਂ ਨਾਲ ਨਿਵਾਜਿਆ ਗਿਆ

**ਲੁਧਿਆਣਾ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**




ਕੈਲਟੇਕਸ ਲੁਬਰੀਕੇਂਟਸ ਇੰਡੀਆ ਨੇ ਹਾਲ ਹੀ ਵਿੱਚ ਲੁਧਿਆਣਾ ਅਤੇ ਬਠਿੰਡੇ ਵਿੱਚ ਆਪਣੀ @ਕੈਲਟੈਕਸ @ਯਾਨੀ ਕਮਿਟਮੈਂਟ@ ਦੇ ਦੌਰਾਨ ਇੱਕ ਲੱਕੀ ਡਰਾਅ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਥਾਨਕ ਮਕੈਨਿਕ ਭਾਈਚਾਰੇ ਦੀ ਜ਼ੋਰਦਾਰ ਭਾਗੀਦਾਰੀ ਦੇਖਣ ਨੂੰ ਮਿਲੀ ॥ ਇਸ ਪਹਿਲਕਦਮੀ ਤਹਿਤ 14 ਮਕੈਨਿਕਾਂ ਨੂੰ ਜੇਤੂ ਐਲਾਨਿਆ ਗਿਆ।

ਇਸ ਮੁਹਿੰਮ ਦੌਰਾਨ, ਬ੍ਰਾਂਡੇਡ ਬਾਈਕਰਾਂ ਦੀ ਇੱਕ ਟੀਮ ਨੇ ਜਾਗਰੂਕਤਾ ਅਤੇ ਸ਼ਮੂਲੀਅਤ ਵਧਾਉਣ ਲਈ ਪੂਰੇ ਖੇਤਰ ਵਿੱਚ ਆਉਟਲੈਟਾਂ ਦਾ ਦੌਰਾ ਕੀਤਾ,, ਦੇ ਨਤੀਜੇ ਵਜੋਂ 24 ਮਕੈਨਿਕ ਲੱਕੀ ਡਰਾਅ ਲਈ ਯੋਗ ਬਣੇ॥

ਪ੍ਰਤਿਭਾਗੀਯੋ ਅਤੇ ਐਚਪੀਸੀਐਲ ਟੀਮ ਦੀ ਮੌਜੂਦਗੀ ਵਿੱਚ ਇੱਕ ਇੱਕ ਨਿਰਧਾਰਤ ਸਥਾਨ @ਤੇ ਲੱਕੀ ਡਰਾਅ ਦੇ ਜੇਤੂਆਂ ਦੀ ਚੋਣ ਇੱਕ ਪਾਰਦਰਸ਼ੀ ਕੂਪਨ-ਅਧਾਰਤ ਪ੍ਰਕਿਰਿਆ ਦੁਆਰਾ ਕੀਤੀ ਗਈ। ਇਨਾਮਾਂ ਵਿੱਚ 1 ਬਾਈਕ (ਬਜਾਜ ਪਲਸਰ 3 ਮੋਬਾਈਲ ਫੋਨ (ਸੈਮਸੰਗ ਗੈਲੇਕਸੀ ਐਸ 24 5 ਜੀ) ਅਤੇ 10 ਓਬੀਡੀ ਸਕੈਨਰ ਸ਼ਾਮਲ ਸਨ, ਦਰਸ਼ਕਾਂ ਵਿੱਚ ਮੈਕੇਨਿਕਸ ਦੁਆਰਾ ਰੈਂਡਮ ਵਿਧੀ ਤੋਂ ਕੂਪਨ ਕੱਢੇ ਗਏ।

ਇਸ ਮੁਹਿੰਮ ਵਿੱਚ ਵੱਖ-ਵੱਖ ਬਾਜ਼ਾਰਾਂ ਵਿੱਚ ਮਜ਼ਬੂਤ ਭਾਗੀਦਾਰੀ ਦੇਖਣ ਨੂੰ ਮਿਲ ਰਹੀ ਹੈ, ਜਿਸ ਨਾਲ ਲੁਧਿਆਣਾ ਅਤੇ ਬਠਿੰਡੇ ਵਿੱਚ ਮੈਕੇਨਿਕਸ ਅਤੇ ਰਿਟੇਲਰਸ ਦੇ ਨਾਲ ਕੈਲਟੈਕਸ ਦੀ ਸਾਂਝ ਹੋਰ ਮਜ਼ਬੂਤ ਹੋ ਰਹੀ ਹੈ।

# ਓਰੀਐਂਟ ਇੰਟਰਨੈਸ਼ਨਲ ਸਕੂਲ ਅਤੇ ਸਪੋਰਟਸ ਅਕੈਡਮੀ ਵਿੱਚ ਮਜ਼ਦੂਰ ਦਿਵਸ ਮਨਾਇਆ

**ਮਾਛੀਵਾੜਾ ਸਾਹਿਬ, 30 ਅਪ੍ਰੈਲ**
**-ਸਤੀਸ਼ ਕੁਮਾਰ-**
**-ਪ੍ਰੈਸ ਕੀ ਤਾਕਤ ਬਿਊਰੋ-**




ਓਰੀਐਂਟ ਇੰਟਰਨੈਸ਼ਨਲ ਸਕੂਲ ਅਤੇ ਸਪੋਰਟਸ ਅਕੈਡਮੀ ਨੇ 1 ਮਈ ਨੂੰ ਸਮਰਪਿਤ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ, ਸਕੂਲ ਦੇ ਸਹਾਇਕ ਸਟਾਫ਼, ਜਿਸ ਵਿੱਚ ਹਾਊਸਕੀਪਿੰਗ, ਸੁਰੱਖਿਆ ਅਤੇ ਪ੍ਰਸ਼ਾਸਨਿਕ ਕਰਮਚਾਰੀ ਸ਼ਾਮਲ ਸਨ।ਉਹਨਾਂ ਦੇ ਸਮਰਪਣ ਦਾ ਸਨਮਾਨ ਕਰਨ ਲਈ ਇੱਕ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ।

ਵਿਦਿਆਰਥੀਆਂ ਨੇ ਤੋਹਫ਼ੇ ਪੇਸ਼ ਕੀਤੇ, ਗੀਤ ਪੇਸ਼ ਕੀਤੇ ਅਤੇ ਕਿਰਤ ਦੀ ਸ਼ਾਨ ਅਤੇ ਸਾਰੇ ਪੇਸ਼ਿਆਂ ਲਈ ਸਤਿਕਾਰ @ਤੇ ਜ਼ੋਰ ਦਿੰਦੇ ਹੋਏ ਭਾਸ਼ਣ ਦਿੱਤੇ।

ਇਸ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਨੂੰ ਸਮਾਜ ਵਿੱਚ ਕਾਮਿਆਂ ਦੇ ਅਨਮੁੱਲੇ ਯੋਗਦਾਨ ਬਾਰੇ ਜਾਗਰੂਕ ਕਰਨਾ ਸੀ। ਸਕੂਲ ਪ੍ਰਿੰਸੀਪਲ ਦੀਪਾਲੀ ਨੰਦਾ ਨੇ ਕਿਹਾ ਕਿ ÷ਸਹਾਇਕ ਸਟਾਫ਼ ਸਾਡੀ ਸੰਸਥਾ ਦੇ ਥੰਮ੍ਹ ਹਨ, ਅਤੇ ਇਹ ਦਿਨ ਉਨ੍ਹਾਂ ਦੇ ਅਣਥੱਕ ਯਤਨਾਂ ਦੀ ਕਦਰ ਕਰਨ ਲਈ ਸਮਰਪਿਤ ਹੈ । ਇਹ ਸਾਡੀ ਜ਼ਿੰਦਗੀ ਦਾ ਅਹਿਮ ਹਿੱਸਾ ਹਨ ਇਹਨਾਂ ਦੀ ਮਿਹਨਤ ਨਾਲ ਹੀ ਸਮਾਜ ਦੀ ਤਰੱਕੀ ਸੰਭਵ ਹੈ ।

ਇਹ ਦਿਨ ਸਾਰੇ ਵਿਦਿਆਰਥੀਆਂ ਨੂੰ ਯਾਦ ਦਿਵਾਉਂਦਾ ਹੈ ਕਿ ਕੋਈ ਵੀ ਕੰਮ ਛੋਟਾ ਨਹੀਂ ਹੁੰਦਾ, ਅਤੇ ਹਰ ਕੰਮ ਮਾਣ ਅਤੇ ਸਤਿਕਾਰ ਦਾ ਹੱਕਦਾਰ ਹੁੰਦਾ ਹੈ।

ਵਿਦਿਆਰਥੀਆਂ ਨੇ ਇਹਨਾਂ ਦੇ ਯੋਗਦਾਨ ਨੂੰ ਯਾਦ ਰੱਖਣ ਦਾ ਸੰਕਲਪ ਲਿਆ ।

ਇਸ ਮੌਕੇ @ਤੇ, ਡਾਇਰੈਕਟਰ, ਰਜਤ ਸ਼ਰਮਾ ਨੇ ਕਰਮਚਾਰੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀਆਂ ਨਿਰਸਵਾਰਥ ਸੇਵਾਵਾਂ ਅਤੇ ਸਕੂਲ ਦੇ ਸੁਚਾਰੂ ਕੰਮਕਾਜ ਲਈ ਅਨਮੋਲ ਯੋਗਦਾਨ ਲਈ ਧੰਨਵਾਦ ਕੀਤਾ ।

# ਜ਼ਿਲੇ ਦੀਆਂ ਸਮੂਹ ਮੰਡੀਆਂ ਵਿੱਚ 195636 ਮੀਟ੍ਰਿਕ ਟਨ ਕਣਕ ਦੀ ਖਰੀਦ ਮੁਕੰਮਲ

**ਮਲੇਰਕੋਟਲਾ, 30 ਅਪ੍ਰੈਲ**
**-ਰਾਜੇਸ਼ ਸ਼ਰਮਾ-**
**-ਪ੍ਰੈਸ ਕੀ ਤਾਕਤ ਬਿਊਰੋ-**



ਜ਼ਿਲ੍ਹੇ ਵਿੱਚ ਰਬੀ ਸੀਜ਼ਨ ਦੌਰਾਨ ਕਣਕ ਦੀ ਖਰੀਦ ਪ੍ਰਕਿਰਿਆ ਸੁਚੱਜੇ ਢੰਗ ਨਾਲ ਜਾਰੀ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਦੀ ਵਿਕਰੀ ਅਤੇ ਅਦਾਇਗੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਜ਼ਿਲਾ ਪ੍ਰਸ਼ਾਸ਼ਨ ਵੱਲੋਂ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ।ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਵੱਖ-ਵੱਖ ਮੰਡੀਆਂ ਵਿੱਚ ਕੁੱਲ 195636 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖਰੀਦੀ ਗਈ ਕਣਕ ਦੀ ਅਦਾਇਗੀ ਕਿਸਾਨਾਂ ਨੂੰ ਲਗਾਤਾਰ ਕੀਤੀ ਜਾ ਰਹੀ ਹੈ ਅਤੇ ਹੁਣ ਤੱਕ ਕਰੀਬ 488 ਕਰੋੜ ਰੁਪਏ ਦੀ ਰਕਮ ਸਿੱਧੇ ਤੌਰ ‘ਤੇ ਕਿਸਾਨਾਂ ਦੇ ਖਾਤਿਆਂ ਵਿੱਚ ਜਾਰੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਹੋਰ ਦੱਸਿਆ ਕਿ ਖਰੀਦ ਕਾਰਜ ਵਿੱਚ ਪਨਗਰੇਨ, ਮਾਰਕਫੈੱਡ, ਪਨਸਪ, ਪੰਜਾਬ ਵੇਅਰਹਾਊਸ ਸਮੇਤ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਸਰਗਰਮ ਭੂਮਿਕਾ ਨਿਭਾਈ ਜਾ ਰਹੀ ਹੈ। ਹੁਣ ਤੱਕ ਪਨਗਰੇਨ ਵੱਲੋਂ 109624 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 16640 ਮੀਟ੍ਰਿਕ ਟਨ, ਪਨਸਪ ਵੱਲੋਂ 29745 ਮੀਟ੍ਰਿਕ ਟਨ, ਵੇਅਰ ਹਾਊਸ ਵੱਲੋਂ 39497 ਮੀਟ੍ਰਿਕ ਟਨ ਅਤੇ ਪ੍ਰਾਈਵੇਟ ਵਪਾਰੀਆਂ ਵੱਲੋਂ 130 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

# ਵਿਸ਼ਵ ਮਲੇਰੀਆ ਦਿਵਸ ਸਰਕਾਰੀ ਹਾਈ ਸਕੂਲ ਕੋਟ ਟੋਡਰਮਲ ਵਿਖੇ ਮਨਾਇਆ

**ਸ੍ਰੀ ਹਰਗੋਬਿੰਦਪੁਰ, 30 ਅਪ੍ਰੈਲ**
**-ਕੁਲਜੀਤ ਸਿੰਘ ਖੋਖਰ-**
**-ਪ੍ਰੈਸ ਕੀ ਤਾਕਤ ਬਿਊਰੋ-**




ਸਿਵਲ ਸਰਜਨ ਗੁਰਦਾਸਪੁਰ ਡਾਕਟਰ ਮਹੇਸ਼ ਪ੍ਰਭਾਕਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਐਚਸੀ ਕਾਹਨੂੰਵਾਨ ਐਸਐਮਓ ਡਾਕਟਰ ਗੁਰਦੀਪ ਸਿੰਘ ਦੀ ਯੋਗ ਅਗਵਾਈ ਹੇਠ ਵਿਸ਼ਵ ਮਲੇਰੀਆ ਦਿਵਸ ਸਰਕਾਰੀ ਹਾਈ ਸਕੂਲ ਕੋਟ ਟੋਡਰਮਲ ਵਿਖੇ ਮਨਾਇਆ ਗਿਆ ।ਇਸ ਵਿੱਚ ਡਾਕਟਰ ਸੁਰਿੰਦਰ ਪਾਲ ,ਹੈਲਥ ਇੰਸਪੈਕਟਰ ਮਨਜੀਤ ਰਾਜ ਨੇ ਸਕੂਲੀ ਬੱਚਿਆਂ ਨੂੰ ਦੱਸਿਆ ਕਿ ਕੋਈ ਵੀ ਬੁਖਾਰ ਮਲੇਰੀਆ ਹੋ ਸਕਦਾ ਹੈ ।ਇਹ ਮਾਦਾ ਐਨੋਫਲੀਜ ਮੱਛਰ ਦੇ ਕੱਟਣ ਨਾਲ ਹੁੰਦਾ ਹੈ।

ਇਸ ਵਿੱਚ ਤੇਜ ਬੁਖਾਰ, ਸਿਰ ਦਰਦ, ਠੰਡ ਲੱਗਣਾ ,ਉਲਟੀ ਆਉਣਾ ਅਤੇ ਪਸੀਨਾ ਆ ਕੇ ਬੁਖਾਰ ਉਤਰਨਾ ਸ਼ਰੀਰ ਨੂੰ ਕਮਜ਼ੋਰੀ ਮਹਿਸੂਸ ਹੋਣਾ ਇਹਦੇ ਲੱਛਣ ਹਨ । ਡਾ ਸੁਰਿੰਦਰਪਾਲ ਨੇ ਦੱਸਿਆ ਕਿ ਆਪਣੇ ਘਰਾਂ ਦੇ ਆਲੇ ਦੁਆਲੇ ਪਾਣੀ ਖੜਾ ਨਾ ਹੋਣ ਦਿਓ ,ਕੂਲਰਾਂ ਨੂੰ ਹਫਤੇ ਵਿੱਚ ਇੱਕ ਵਾਰੀ ਸਾਫ ਕਰੋ ਅਤੇ ਕੁਆਰ ਦੇ ਸਮਾਨ ਵਿੱਚ ਬਰਸਾਤੀ ਪਾਣੀ ਜਮਾ ਨਾ ਹੋਣ ਦਿਓ, ਪੀਣ ਵਾਲਾ ਪਾਣੀ ਢੱਕ ਕੇ ਰੱਖੋ, ਪੂਰੀਆਂ ਬਾਹਾਂ ਦੇ ਕੱਪੜੇ ਪਾ ਕੇ ਰੱਖੋ, ਮੱਛਰਦਾਨੀ ਦੀ ਵਰਤੋਂ ਕਰੋ ,ਬੁਖਾਰ ਹੋਣ ਦੀ ਸੂਰਤ ਵਿੱਚ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰੋ ,ਮਲੇਰੀਆ ਦਾ ਇਲਾਜ ਅਤੇ ਟੈਸਟ ਸਰਕਾਰ ਵੱਲੋਂ ਫਰੀ ਕੀਤੇ ਜਾਂਦੇ ਹਨ । ਇਸ ਮੌਕੇ ਹੋਰਨਾਂ ਤੋਂ ਇਲਾਵਾ ਸਿਹਤ ਕਰਮਚਾਰੀ ਰਣਜੀਤ ਸਿੰਘ ਅਤੇ ਅਧਿਆਪਕ ਪ੍ਰਗਟ ਸਿੰਘ ਅਜੇ ਕੁਮਾਰ ਆਦਿ ਹਾਜ਼ਰ ਸਨ।

# ਧੂਮ ਧਾਮ ਨਾਲ ਮਨਾਇਆ ਜਾਵੇਗਾ ਮਾਤਾ ਚਿੰਤਪੁਰਨੀ ਜੀ ਦਾ ਜਨਮਦਿਨ

**ਜੈਤੋ, 30 ਅਪ੍ਰੈਲ, -ਸੰਧੀਰ ਗਰਗ-**
**-ਪ੍ਰੈਸ ਕੀ ਤਾਕਤ ਬਿਊਰੋ-**



ਮਾਂ ਚਿੰਤਪੁਰਨੀ ਚੈਰੀਟੇਬਲ ਟਰਸਟ ਅਤੇ ਮਾਂ ਚਿੰਤਪੁਰਨੀ ਸੰਕੀਰਤਨ ਅਤੇ ਜਾਗਰਨ ਮੰਡਲ ਵੱਲੋਂ 30 ਅਪ੍ਰੈਲ ਦਿਨ ਵੀਰਵਾਰ ਨੂੰ ਮਾਤਾ ਚਿੰਤਪੁਰਨੀ ਜੀ ਦਾ ਜਨਮ ਉਤਸਵ ਬੜੀ ਧੂਮਧਾਮ ਅਤੇ ਉਤਸਾਹ ਦੇ ਨਾਲ ਪੰਚਾਇਤੀ ਗਊਸ਼ਾਲਾ ਵਿਖੇ ਮਨਾਇਆ ਜਾ ਰਿਹਾ ਹੈ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਤੀਸ਼ ਕੁਮਾਰ ਹੈਪੀ ਰਾਵਨ ਨੇ ਦੱਸਿਆ ਕਿ ਪ੍ਰਸ਼ਾਦ ਅਤੇ ਪਿੰਡੀ ਪੂਜਨ ਦੁਪਹਿਰ 12 ਵਜੇ ਤੋਂ ਸ਼ੁਰੂ ਹੋ ਜਾਵੇਗਾ ਮਾਤਾ ਜੀ ਦੀ ਚੌਂਕੀ ਰਾਤ ਨੂੰ 7 ਵਜੇ ਸ਼ੁਰੂ ਹੋਵੇਗੀ ਅਤੇ ਮਾਤਾ ਜੀ ਦਾ ਭੋਗ ਸ਼ਾਮ 7 ਵਜੇ ਸ਼ੁਰੂ ਹੋ ਜਾਵੇਗਾ।ਉਹਨਾਂ ਕਿਹਾ ਕਿ ਜੋ ਵੀ ਭਗਤ ਜਨ ਸ਼ਰਧਾ ਦੇ ਨਾਲ ਮਹਾਮਾਈ ਦੇ ਚਰਨਾਂ ਵਿੱਚ ਅਰਦਾਸ ਲਗਾਉਣਗੇ ਮਹਾਮਾਈ ਉਹਨਾਂ ਦੀ ਅਰਦਾਸ ਬੜੀ ਜਲਦੀ ਪੂਰੀ ਕਰੇਗੀ। ਉਹਨਾਂ ਕਿਹਾ ਕਿ ਬਾਹਰ ਸੜਕ ਉੱਪਰ ਉਦਾਂ ਹੀ ਬਾਜ਼ਾਰ ਲੱਗੇਗਾ ਜਿਸ ਤਰਾਂ ਚਿੰਤਪੁਰਨੀ ਮਾਤਾ ਦੇ ਮੰਦਰ ਕੋਲ ਹੁੰਦਾ ਹੈ ਹੈਪੀ ਨੇ ਕਿਹਾ ਕੀ ਸਾਡੇ ਕੋਲ ਮਾਤਾ ਦੀ ਪਿੰਡੀ ਦੀ ਪੂਜਾ ਲਈ ਐਡਵਾਂਸ ਲੋਕਾਂ ਨੇ ਬੁਕਿੰਗਾਂ ਕਰਵਾ ਰੱਖੀਆਂ ਨੇ ਅਤੇ ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਆਪਣੇ ਘਰੋਂ ਆਉਂਦੇ ਹੋਏ ਮਾਤਾ ਦੀ ਪਵਿੱਤਰ ਜੋਤ ਲਈ ਆਪਣੀ ਸ਼ਰਧਾ ਅਨੁਸਾਰ ਘਿਓ ਜਰੂਰ ਲੈ ਕੇ ਆਉਣ ਤਾਂ ਕਿ ਸਾਰੀ ਮੰਡੀ ਨਿਵਾਸੀਆਂ ਦਾ ਇਸ ਸ਼ੁਭ ਕੰਮ ਵਿੱਚ ਸਹਿਯੋਗ ਹੋਵੇ ਉਹਨਾਂ ਅੱਗੇ ਕਿਹਾ ਕਿ ਇਸ ਕਾਰਜ ਵਿੱਚ ਸ੍ਰੀ ਸ਼ਾਮ ਪ੍ਰਚਾਰ ਮੰਡਲ ਵੱਲੋਂ ਸੰਗਤ ਲਈ ਜਲ ਜਿਰਾ ਅਤੇ ਠੰਡੇ ਪਾਣੀ ਦਾ ਲੰਗਰ ਲਗਾਇਆ ਜਾਵੇਗਾ। ਇਸ ਮੌਕੇ ਉਹਨਾਂ ਨਾਲ ਪਰਵੀਨ ਜਿੰਦਲ, ਭੂਸ਼ਣ ਸੋਢੀ, ਰਮੇਸ਼ ਵਰਮਾ, ਸੰਦੀਪ ਜਿੰਦਲ ਆਦੀ ਮੈਂਬਰ ਹਾਜ਼ਰ ਸਨ

# ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਨੇ ਕੂੜਾ ਸਾੜਨ ਤੋਂ ਰੋਕਣ ਤੇ ਹਵਾ ਗੁਣਵੱਤਾ ਦੇ ਪ੍ਰਬੰਧਨ ਨੂੰ ਮਜ਼ਬੂਤ ਕਰਨ ਲਈ 13,000 ਤੋਂ ਵਧੇਰੇ ਕੂੜਾ ਕਰਮਚਾਰੀਆਂ ਨੂੰ ਜਾਗਰੂਕ ਕੀਤਾ

**ਪਟਿਆਲਾ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**



ਭਾਰਤ ਵਿੱਚ ਆਪਣੀ ਕਿਸਮ ਦੀ ਪਹਿਲੀ ਪਹਿਲਕਦਮੀ ਕਰਦਿਆਂ , ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਨੇ ਰਾਜ ਦੀਆਂ ਸਾਰੀਆਂ ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ 13,000 ਤੋਂ ਵੱਧ ਕੂੜਾ ਅਤੇ ਬਾਗਬਾਨੀ ਕਰਮਚਾਰੀਆਂ ਨੂੰ ਸਿਖਲਾਈ ਦੇ ਕੇ ਇੱਕ ਵਿਸ਼ਾਲ ਰਾਜ ਵਿਆਪੀ ਜਾਗਰੂਕਤਾ ਮੁਹਿੰਮ ਨੂੰ ਸਫਲਤਾਪੂਰਵਕ ਪੂਰਾ ਕੀਤਾ ਹੈ। ਇਹ ਹਵਾ ਦੀ ਗੁਣਵੱਤਾ ਅਤੇ ਵਾਤਾਵਰਣ ਪ੍ਰਬੰਧਨ ਵਿੱਚ ਸੁਧਾਰ ਕਰਨ ਦੇ ਯਤਨਾਂ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ।

ਸਿਖਲਾਈ ਦੀ ਸ਼ੁਰੂਆਤ ਨਵੰਬਰ 2025 ਵਿੱਚ ਪਟਿਆਲਾ ਵਿਖੇ @ਮਿਸ਼ਨ ਕਲੀਨ ਏਅਰ ਪਟਿਆਲਾ@ ਮੁਹਿੰਮ ਦੇ ਹਿੱਸੇ ਵਜੋਂ ਕੀਤੀ ਗਈ ਸੀ, ਜਿਸਦਾ ਉਦਘਾਟਨ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੀ ਚੇਅਰਪਰਸਨ ਰੀਨਾ ਗੁਪਤਾ, ਮੈਂਬਰ ਸਕੱਤਰ ਲਵਨੀਤ ਦੂਬੇ ਅਤੇ ਪਟਿਆਲਾ ਦੇ ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਨੇ ਕੀਤਾ ਸੀ। ਉਦੋਂ ਤੋਂ, 216 ਬੈਚਾਂ ਵਿੱਚ, ਪੰਜਾਬ ਦੇ ਸਾਰੀਆਂ 166 ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ 13,023 ਕੂੜਾ ਅਤੇ ਬਾਗਬਾਨੀ ਕਰਮਚਾਰੀਆਂ (ਨਿਯਮਤ ਅਤੇ ਗੈਰ-ਰਸਮੀ ਦੋਵੇਂ) ਨੂੰ ਜਾਗਰੂਕ ਕੀਤਾ ਗਿਆ।

ਇਹ ਪ੍ਰੋਗਰਾਮ ਵਿਗਿਆਨਕ ਕੂੜਾ ਪ੍ਰਬੰਧਨ, ਸਰੋਤ ਤੋਂ ਵੱਖਰਾ ਕਰਨਾ, ਕੂੜਾ ਸਾੜਨ ਤੋਂ ਰੋਕਣ ਅਤੇ ਕੁਸ਼ਲ ਨਿਪਟਾਰੇ ਦੇ ਤਰੀਕਿਆਂ @ਤੇ ਕੇਂਦਰਿਤ ਸੀ।

ਖੁੱਲ੍ਹੇ ਵਿੱਚ ਕੂੜਾ ਸਾੜਨ ਦੇ ਵਿਰੁੱਧ ਵਾਤਾਵਰਣ ਅਤੇ ਕਾਨੂੰਨੀ ਜਾਗਰੂਕਤਾ ਪ੍ਰਦਾਨਕਰਨ ਦੇ ਨਾਲ-ਨਾਲ, ਇਹ ਸਿਖਲਾਈ (ਸੈਂਟਰ ਫਾਰ ਸਟੱਡੀ ਆਫ ਸਾਇੰਸ, ਟੈਕਨਾਲੋਜੀ ਐਂਡ ਪਾਲਿਸੀ ਦੁਆਰਾ ਤਿਆਰ ਕੀਤੀ ਗਈ) ਵਾਤਾਵਰਣ ਦੀ ਸੰਭਾਲਦੇ ਸੱਭਿਆਚਾਰਕ ਅਤੇ ਨੈਤਿਕ ਮਹੱਤਵ @ਤੇ ਜ਼ੋਰ ਦੇਣ ਲਈ ਧਾਰਮਿਕ ਗ੍ਰੰਥਾਂ ਦੇ ਹਵਾਲਿਆਂ ਨੂੰ ਵਿਲੱਖਣ ਰੂਪ ਵਿੱਚ ਸ਼ਾਮਲ ਕੀਤਾ ਗਿਆ ਹੈ।

ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ @ਪੰਜਾਬ ਵਿੱਚ ਹਵਾ ਦੀ ਗੁਣਵੱਤਾ ਦੇ ਕਈ ਅਧਿਐਨਾਂ ਨੇ ਨਗਰ ਨਿਗਮ ਦੇ ਠੋਸ ਕੂੜੇ ਨੂੰ ਖੁੱਲ੍ਹੇ ਵਿੱਚ ਸਾੜਨ ਨੂੰ ਹਵਾ ਪ੍ਰਦੂਸ਼ਣ ਦਾ ਇੱਕ ਵੱਡਾ ਕਾਰਨ ਮੰਨਿਆ ਹੈ।

ਉਨ੍ਹਾਂ ਕਿਹਾ ਕਿ ਇਸ ਨੂੰ ਰੋਕਣ ਲਈ ਸਜ਼ਾ ਯੋਗ ਕਾਰਵਾਈਆਂ ਦੀ ਬਜਾਏ ਉਨ੍ਹਾਂ ਨੂੰ ਸ਼ਕਤੀ ਪ੍ਰਦਾਨ ਕਰਕੇ, ਬੋਰਡ ਨੇ ਸਾਫ਼ ਹਵਾ ਅਤੇ ਸਿਹਤਮੰਦ ਵਾਤਾਵਰਣ ਵਿੱਚ ਆਪਣੇ ਫਰੰਟਲਾਈਨ ਕਰਮਚਾਰੀਆਂ ਦੀ ਸਰਗਰਮ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਹੈ।

ਰੀਨਾ ਗੁਪਤਾ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੂੜਾ ਨਾ ਸਾੜਨ ਅਤੇ ਦੂਜਿਆਂ ਨੂੰ ਵੀ ਅਜਿਹਾ ਕਰਨ ਤੋਂ ਰੋਕਣ।

ਉਨ੍ਹਾਂ ਕਿਹਾ ਕਿ ਉਲੰਘਣਾ ਕਰਨ ਵਾਲਿਆਂ ਨੂੰ 25,000 ਰੁਪਏ ਤੱਕ ਦੇ ਚਲਾਨ ਕੀਤੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਕੂੜਾ ਸਾੜਨ ਵਾਲਿਆਂ ਦੀ ਸਥਾਨਕ ਅਧਿਕਾਰੀਆਂ ਜਾਂ ਬੋਰਡ ਨੂੰ ਇਸ ਦੀ ਰਿਪੋਰਟ ਕਰਨੀ ਚਾਹੀਦੀ ਹੈ।

# ਸਵਾਭਿਮਾਨ ਐਵਾਰਡ ਸਮਾਰੋਹ ਵਿੱਚ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਗਰੀਬ ਬੱਚਿਆਂ ਦੀ ਸਿੱਖਿਆ ’ਤੇ ਜ਼ੋਰ



**ਲੁਧਿਆਣਾ, 30 ਅਪ੍ਰੈਲ**
**ਕੁਲਦੀਪ ਦੁੱਗਰੀ**
**-ਪ੍ਰੈਸ ਕੀ ਤਾਕਤ ਬਿਊਰੋ-**

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਆਰਥਿਕ ਤੌਰ ‘ਤੇ ਕਮਜ਼ੋਰ ਵਰਗਾਂ ਦੇ ਬੱਚਿਆਂ ਨੂੰ ਸਿੱਖਿਆ ਦੇ ਮੌਕੇ ਪ੍ਰਦਾਨ ਕਰਨਾ ਮਨੁੱਖਤਾ ਦੀ ਸੱਚੀ ਸੇਵਾ ਹੈ। ਉਹ ਸਵਾਭਿਮਾਨ ਐਵਾਰਡ ਸੇਰੇਮੋਨੀ ਦੌਰਾਨ ਨੋਬਲ ਫਾਉਂਡੇਸ਼ਨ ਟਰੱਸਟ ਵੱਲੋਂ ਕਰਵਾਏ ਸਮਾਗਮ ਦੀ ਪ੍ਰਧਾਨਗੀ ਕਰ ਰਹੇ ਸਨ।

ਰਾਜਪਾਲ ਨੇ ਸੰਸਥਾ ਦੇ ਸਥਾਪਕਾਂ ਅਤੇ ਦਾਨੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਿੱਖਿਆ ਦੇ ਰਾਹੀਂ ਹੀ ਦੇਸ਼ ਦੀ ਤਰੱਕੀ ਸੰਭਵ ਹੈ ਅਤੇ ਹਰ ਵਰਗ ਤੱਕ ਗੁਣਵੱਤਾ ਵਾਲੀ ਸਿੱਖਿਆ ਪਹੁੰਚਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਗਰੀਬ ਵਿਦਿਆਰਥੀਆਂ ਨੂੰ ਸਿੱਖਿਆ ਦੇਣਾ ਸਿਰਫ਼ ਦਾਨ ਨਹੀਂ, ਸਗੋਂ ਸਮਾਜ ਦੇ ਵਿਕਾਸ ਵਿੱਚ ਯੋਗਦਾਨ ਹੈ।

ਉਨ੍ਹਾਂ ਵਿਦਿਆਰਥੀਆਂ ਨੂੰ ਅਨੁਸ਼ਾਸਨ, ਨੈਤਿਕ ਮੁੱਲਾਂ ਅਤੇ ਸਮਾਜ ਸੇਵਾ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਚੰਗੀ ਸ਼ਖਸੀਅਤ ਦੀ ਨਿਰਮਾਣ ਨਾਲ ਹੀ ਜ਼ਿੰਮੇਵਾਰ ਨਾਗਰਿਕ ਬਣਦੇ ਹਨ।

ਇਸ ਮੌਕੇ ‘ਤੇ ਰਾਜਪਾਲ ਨੇ ਓਂਕਾਰ ਸਿੰਘ ਪਾਹਵਾ, ਨਾਰਾਇਣ ਵਟ ?ਸ, ਸੁਰਿੰਦਰ ਪਾਲ ਸ਼ਰਮਾ, ਸਾਹਿਬ ਸਿੰਘ ਥਿੰਦ ਅਤੇ ਸੁਚੇਤਾ ਭੱਟਾਚਾਰਜੀ ਨੂੰ ਸਨਮਾਨਿਤ ਕੀਤਾ।

Press Ki Taquat Printed, published and owned by Shiv Narayan Jangra, printed at Daffodil Printers, Factory Area, Patiala and published at Office Press Ki Taquat Press Complex, Near Arna Barna Chowk Patiala.
Editor : Pitamber Sharma

ਨੋਟ : ਸੰਪਾਦਕ ਸਿਰਫ ਪੀ ਆਰ ਬੀ ਐਕਟ ਅਧੀਨ ਖਬਰਾਂ ਲਈ ਜਿੰਮੇਵਾਰ।
ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Press Ki Taquat, Daily Punjabi Newspaper, Patiala
Editor in Chief : Shiv Narayan Jangra
Editor : Pitamber Sharma
Contact : 9041568800, 93170-88800,98140-76224
Email : presskitaquatpunjabi@gmail.com
www.presskitaquat.com
For Advertisement : 9041568800, 93170-88800

### ਪੰਜਾਬੀ ਯੂਨੀਵਰਸਿਟੀ ਨੇ ਮਨਾਇਆ ਆਪਣਾ 65ਵਾਂ ਸਥਾਪਨਾ ਦਿਵਸ

# ਪੰਜਾਬੀ ਯੂਨੀਵਰਸਿਟੀ ਨੇ ਵਿਸ਼ਵ ਭਰ ਵਿੱਚ ਫੈਲੇ ਪੰਜਾਬੀਆਂ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਵਿੱਚ ਨਿਭਾਈ ਅਹਿਮ ਭੂਮਿਕਾ: ਡਾ. ਜਗਦੀਪ ਸਿੰਘ

## ਪੰਜਾਬੀ ਯੂਨੀਵਰਸਿਟੀ ਨੇ ਮਾਲਵਾ ਖੇਤਰ ਦੇ ਪੱਛੜੇਪਣ ਨੂੰ ਦੂਰ ਕੀਤਾ : ਡਾ. ਨਰਿੰਦਰ ਸਿੰਘ ਕਪੂਰ

ਪਟਿਆਲਾ, 30 ਅਪ੍ਰੈਲ

– ਪ੍ਰੈਸ ਕੀ ਤਾਕਤ ਬਿਊਰੋ –

ਪੰਜਾਬੀ ਯੂਨੀਵਰਸਿਟੀ ਨੇ ਦੁਨੀਆਂ ਭਰ ਵਿੱਚ ਪੰਜਾਬੀਅਤ ਦੀ ਮਹਿਕ ਬਿਖੇਰੀ ਹੈ। ਸਾਡੀ ਇਹ ਮਾਣਮੱਤੀ ਸੰਸਥਾ ਸਾਡੇ ਸਭ ਲਈ ਮਾਂ ਵਰਗਾ ਦਰਜਾ ਰੱਖਦੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬੀ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਅੱਜ ਇੱਥੇ ਯੂਨੀਵਰਸਿਟੀ ਦੇ 65ਵੇਂ ਸਥਾਪਨਾ ਦਿਵਸ ਮੌਕੇ ਰੱਖੇ ਗਏ ਵਿਸ਼ੇਸ਼ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਸਿਰਫ਼ ਇੱਕ ਰਵਾਇਤੀ ਕਿਸਮ ਦਾ ਵਿਦਿਅਕ ਅਦਾਰਾ ਹੀ ਨਹੀਂ, ਸਗੋਂ ਪੰਜਾਬੀ ਭਾਸ਼ਾ, ਕਲਾ ਅਤੇ ਸੱਭਿਆਚਾਰ ਦਾ ਇੱਕ ਅਜਿਹਾ ਧੁਰਾ ਹੈ ਜਿਸ ਨੇ ਪਿਛਲੇ ਛੇ ਦਹਾਕਿਆਂ ਤੋਂ ਵੱਧ ਸਮੇਂ ਦੌਰਾਨ ਆਪਣੀ ਇੱਕ ਵਿਲੱਖਣ ਪਛਾਣ ਬਣਾਈ ਹੈ। ਉਨ੍ਹਾਂ ਨੇ ਯੂਨੀਵਰਸਿਟੀ ਦੇ ਸਫ਼ਰ ਨੂੰ ਯਾਦ ਕਰਦਿਆਂ ਕਿਹਾ ਕਿ ਇਸ ਸੰਸਥਾ ਨੇ ਵਿਸ਼ਵ ਭਰ ਵਿੱਚ ਫੈਲੇ ਪੰਜਾਬੀਆਂ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਪਿਛਲੇ ਇੱਕ ਸਾਲ ਦੌਰਾਨ ਯੂਨੀਵਰਸਿਟੀ ਵਿੱਚ ਹੋਈਆਂ ਵੱਖ ਵੱਖ ਗਤੀਵਿਧੀਆਂ ਅਤੇ ਉਪਲਬਧੀਆਂ ਦੇ ਵੇਰਵੇ ਸਾਂਝੇ ਕਰਦਿਆਂ ਵਿਦਿਆਰਥੀਆਂ ਅਤੇ ਖੋਜਾਰਥੀਆਂ ਨੂੰ ਅਪੀਲ ਕੀਤੀ ਕਿ ਉਹ ਖੋਜ ਦੇ ਖੇਤਰ ਵਿੱਚ ਨਵੀਆਂ ਪੁਲਾਂਘਾਂ ਪੁੱਟਣ ਤਾਂ ਜੋ ਯੂਨੀਵਰਸਿਟੀ ਦਾ ਨਾਮ ਕੌਮਾਂਤਰੀ ਪੱਧਰ 'ਤੇ ਹੋਰ ਰੌਸ਼ਨ ਹੋ ਸਕੇ।





ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਮੌਜੂਦਾ ਸਮੇਂ ਵਿੱਤੀ ਚੁਣੌਤੀਆਂ ਦੇ ਬਾਵਜੂਦ, ਸਮੂਹ ਸਟਾਫ ਅਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਇਸ ਮਾਣਮੱਤੀ ਸੰਸਥਾ ਦੇ ਰੁਤਬੇ ਨੂੰ ਬਰਕਰਾਰ ਰੱਖਿਆ ਜਾਵੇਗਾ। ਸਥਾਪਨਾ ਦਿਵਸ ਭਾਸ਼ਣ ਖੇਤੀ ਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਉਪ-ਕੁਲਪਤੀ ਡਾ. ਸਤਿਬੀਰ ਸਿੰਘ ਗੋਸਲ ਵੱਲੋਂ ਦਿੱਤਾ ਗਿਆ।

ਡਾ. ਸਤਿਬੀਰ ਸਿੰਘ ਗੋਸਲ ਵੱਲੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਅਤੇ ਪੰਜਾਬੀ ਯੂਨੀਵਰਸਿਟੀ ਦੀਆਂ ਆਪਸੀ ਅਕਾਦਮਿਕ ਸਾਂਝਾਂ ਦੇ ਹਵਾਲੇ ਨਾਲ ਆਪਣੀ ਗੱਲ ਰੱਖੀ। ਉਨ੍ਹਾਂ ਕਿਹਾ ਕਿ ਇਨ੍ਹਾਂ ਦੋਹੇਂ ਯੂਨੀਵਰਸਿਟੀਆਂ ਦੀ ਵਿਲੱਖਣਤਾ ਇਹ ਹੈ ਕਿ ਇਹ ਸਿੱਧੇ ਤੌਰ ਤੇ ਪੇਂਡੂ ਅਵਾਮ ਨਾਲ ਜੁੜੀਆਂ ਸੰਸਥਾਵਾਂ ਹਨ । ਉਨ੍ਹਾਂ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀ ਕਾਰਜ ਸ਼ੈਲੀ ਅਤੇ ਉਪਲਬਧੀਆਂ ਬਾਰੇ ਵਿਸ਼ੇਸ਼ ਜ਼ਿਕਰ ਕਰਦਿਆਂ ਪੰਜਾਬੀ ਯੂਨੀਵਰਸਿਟੀ ਨਾਲ਼ ਹੋਰ ਨਵੀਆਂ ਅਕਾਦਮਿਕ ਸਾਂਝਾ ਸਿਰਜੇ ਜਾ ਸਕਣ ਦੀਆਂ ਸੰਭਾਵਨਾਵਾਂ ਬਾਰੇ ਉਮੀਦ ਪ੍ਰਗਟਾਈ।

ਡਾ. ਨਰਿੰਦਰ ਸਿੰਘ ਕਪੂਰ ਨੇ ਇਸ ਮੌਕੇ ਦਿੱਤੇ ਗਏ ਭਾਵਪੂਰਤ ਭਾਸ਼ਣ ਦੌਰਾਨ ਕਿਹਾ ਕਿ ਕਿਸੇ ਸਮੇਂ ਪੰਜਾਬ ਦੇ ਮਾਲਵਾ ਖਿੱਤੇ ਨੂੰ ਪਛੜਿਆ ਹੋਇਆ ਇਲਾਕਾ ਸਮਝਿਆ ਜਾਂਦਾ ਸੀ ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਨੇ ਮਾਲਵਾ ਖੇਤਰ ਦੇ ਪੱਛੜੇਪਣ ਨੂੰ ਦੂਰ ਕੀਤਾ ਹੈ। ਉਨ੍ਹਾਂ ਕਿਹਾ ਕਿ ਉਹ ਇਸ ਗੱਲ 'ਤੇ ਸਦਾ ਮਾਣ ਕਰਦੇ ਹਨ ਕਿ ਉਹ ਪੰਜਾਬੀ ਯੂਨੀਵਰਸਿਟੀ ਦੀ ਸ਼ੁਰੂਆਤ ਸਮੇਂ ਦੇ ਦੂਜੇ ਬੈਚ ਦੇ ਵਿਦਿਆਰਥੀ ਰਹੇ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਯੂਨੀਵਰਸਿਟੀ ਦਾ ਅਸਲ ਕਾਰਜ ਨਵੇ ਵਿਚਾਰਾਂ ਪੈਦਾ ਕਰਨਾ, ਨਵੇਂ ਸਮਾਜਿਕ ਆਗੂ ਪੈਦਾ ਕਰਨਾ ਅਤੇ ਸਮਾਜ ਵਿੱਚ ਆਉਣ ਵਾਲੀਆਂ ਨਵੇਂ ਯੁਗ ਦੀਆਂ ਸਕਾਰਾਤਮਕ ਤਬਦੀਲੀਆਂ ਲਈ ਰਾਹ ਪੱਧਰਾ ਕਰਨਾ ਹੁੰਦਾ ਹੈ, ਪੰਜਾਬੀ ਯੂਨੀਵਰਸਿਟੀ ਨੇ ਇਹ ਕਾਰਜ ਬਾਖੂਬੀ ਕੀਤਾ ਹੈ। ਉਨ੍ਹਾਂ ਪੰਜਾਬੀ ਯੂਨੀਵਰਸਿਟੀ ਦੀ ਸ਼ੁਰੂਆਤ ਸਮੇਂ ਦੀਆਂ ਵੱਖ-ਵੱਖ ਯਾਦਾਂ ਸਾਂਝੀਆਂ ਕੀਤੀਆਂ ਅਤੇ ਦੱਸਿਆ ਕਿ ਕਿਵੇਂ ਆਪਣੇ ਸ਼ੁਰੂਆਤ ਸਮੇਂ ਜਦੋਂ ਯੂਨੀਵਰਸਿਟੀ ਕੋਲ ਕੋਈ ਕੈਂਪਸ ਨਹੀਂ ਹੁੰਦਾ ਸੀ ਤਾਂ ਸਰਕਾਰੀ ਮਹਿੰਦਰਾ ਕਾਲਜ ਅਤੇ ਥਾਪਰ ਕਾਲਜ ਵਿੱਚ ਇਸ ਦੀਆਂ ਜਮਾਤਾਂ ਲਗਦੀਆਂ ਸਨ। ਉਨ੍ਹਾਂ ਦੱਸਿਆ ਕਿ ਉਨ੍ਹਾਂ ਖੁਦ ਵੀ ਆਪਣੀ ਐੱਮ. ਏ. ਅੰਗਰੇਜ਼ੀ ਦਾ ਪਹਿਲਾ ਸਾਲ ਸਰਕਾਰੀ ਮਹਿੰਦਰਾ ਕਾਲਜ ਦੀ ਇਮਾਰਤ ਵਿੱਚ ਪੂਰਾ ਕੀਤਾ।

ਡਾ. ਕਪੂਰ ਨੇ ਕਿਹਾ ਕਿ ਹੁਣ ਜਦੋਂ ਵਿਸ਼ਵੀਕਰਨ ਦਾ ਦੌਰ ਹੈ ਤਾਂ ਪੰਜਾਬੀ ਯੂਨੀਵਰਸਿਟੀ ਨੂੰ ਵੀ ਨਵੀਆਂ ਚੁਣੌਤੀਆਂ ਦਰਪੇਸ਼ ਹਨ। ਹੁਣ ਅਸੀਂ ਆਪਣੀ ਯੂਨੀਵਰਸਿਟੀ ਦਾ ਮੁਕਾਬਲਾ ਸਿਰਫ ਨੇੜਲੇ ਖੇਤਰਾਂ ਦੀਆਂ ਹੋਰ ਯੂਨੀਵਰਸਿਟੀਆਂ ਨਾਲ ਹੀ ਨਹੀਂ ਮੰਨ ਕੇ ਚੱਲ ਸਕਦੇ ਬਲਕਿ ਸੰਸਾਰ ਦੇ ਕਿਸੇ ਵੀ ਹਿੱਸੇ ਵਿੱਚ ਸਥਿਤ ਹੋਰ ਗਲੋਬਲ ਪੱਧਰ ਦੀਆਂ ਯੂਨੀਵਰਸਿਟੀਆਂ ਅੱਜ ਸਾਡੇ ਮੁਕਾਬਲੇ ਵਿੱਚ ਹਨ। ਇਸ ਲਈ ਸਾਨੂੰ ਨਵੇਂ ਤਕਨੀਕੀ ਹੁਨਰਾਂ ਅਤੇ ਆਧੁਨਿਕ ਸਿੱਖਿਆ ਪ੍ਰਣਾਲੀ ਨੂੰ ਅਪਣਾਉਣ ਦੀ ਲੋੜ ਹੈ ਤਾਂ ਜੋ ਅਸੀਂ ਇਸ ਗਲੋਬਲ ਮੁਕਾਬਲੇ ਵਿੱਚ ਨਾ ਸਿਰਫ਼ ਟਿਕੇ ਰਹੀਏ, ਬਲਕਿ ਮੋਹਰੀ ਭੂਮਿਕਾ ਵੀ ਨਿਭਾ ਸਕੀਏ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਪਹਿਲੇ ਬੈਚ ਦੇ ਵਿਦਿਆਰਥੀ ਡਾ. ਤਰਲੋਕ ਸਿੰਘ ਅਨੰਦ, ਜੀਵ ਵਿਗਿਆਨ ਵਿਭਾਗ ਦੇ ਪਹਿਲੇ ਪੀਐੱਚ.ਡੀ. ਵਿਦਿਆਰਥੀ ਡਾ. ਮਲਕੀਤ ਸਿੰਘ ਸੈਣੀ ਅਤੇ ਹਾਲ ਹੀ ਵਿੱਚ ਨੇਪਾਲ ਦੀ ਐਮਾ ਡੈਬਲਮ ਚੋਟੀ ਨੂੰ ਸਰ ਕਰਦਿਆਂ ਪਹਿਲੀ ਪੰਜਾਬੀ ਮਹਿਲਾ ਦਾ ਮਾਣ ਹਾਸਿਲ ਕਰਨ ਵਾਲੀ ਸੁੱਖੀ ਬੱਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਇਸ ਸਮਾਗਮ ਦਾ ਸਵਾਗਤੀ ਭਾਸ਼ਣ ਰਜਿਸਟਰਾਰ ਡਾ. ਦਵਿੰਦਰ ਪਾਲ ਸਿੰਘ ਸਿੱਧੂ ਨੇ ਦਿੱਤਾ ਜਦੋਂ ਕਿ ਧੰਨਵਾਦੀ ਸ਼ਬਦ ਡੀਨ ਅਕਾਦਮਿਕ ਮਾਮਲੇ ਡਾ. ਜਸਵਿੰਦਰ ਸਿੰਘ ਬਰਾੜ ਨੇ ਕਹੇ। ਸਮਾਗਮ ਵਿੱਚ ਯੂਨੀ-ਵਰਸਿਟੀ ਦੇ ਵਿਦਿਆਰਥੀਆਂ ਅਧਿਆਪਕਾਂ ਕਰਮਚਾਰੀਆਂ ਅਤੇ ਅਧਿਕਾਰੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਯੂਨੀ-ਵਰਸਿਟੀ ਦੇ ਬਹੁਤ ਸਾਰੇ ਸਾਬਕਾ ਅਧਿਆਪਕ ਸਾਹਿਬਾਨ ਵੀ ਇਸ ਸਮਾਗਮ ਵਿੱਚ ਹਾਜ਼ਰ ਰਹੇ।

### ਮਨੁੱਖਤਾ ਦੀ ਮਿਸਾਲ: ਸੜਕ ਹਾਦਸੇ ਦੌਰਾਨ ਤੁਰੰਤ ਮਦਦ ਨਾਲ ਬਚੀ ਜ਼ਿੰਦਗੀ

# ਐਡਵੋਕੇਟ ਹਰਪਾਲ ਜੁਨੇਜਾ ਨੇ ਮਨੁੱਖਤਾ ਦਾ ਫਰਜ਼ ਨਿਭਾਇਆ, ਰਸਤੇ 'ਚ ਸੜਕ ਦੁਰਘਟਨਾ ਦੇ ਪੀੜਤ ਨੂੰ ਰਜਿੰਦਰਾ ਹਸਪਤਾਲ ਪਹੁੰਚਾਇਆ

ਪਟਿਆਲਾ, 30 ਅਪ੍ਰੈਲ

– ਪ੍ਰੈਸ ਕੀ ਤਾਕਤ ਬਿਊਰੋ –



ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਮਨੁੱਖਤਾ ਦਾ ਫਰਜ਼ ਨਿਭਾਇਆ, ਅੱਜ ਸਵੇਰੇ ਦਫ਼ਤਰ ਜਾਂਦੇ ਸਮੇਂ ਰਸਤੇ 'ਚ ਸੜਕ ਦੁਰਘਟਨਾ ਦੇ ਪੀੜਤ ਨੂੰ ਉਨ੍ਹਾਂ ਨੇ ਰਜਿੰਦਰਾ ਹਸਪਤਾਲ ਪਹੁੰਚਾਇਆ। ਇਸ ਤਰ੍ਹਾਂ ਹਰਪਾਲ ਜੁਨੇਜਾ ਨੇ ਮਨੁੱਖਤਾ ਦੀ ਮਿਸਾਲ ਪੇਸ਼ ਕੀਤੀ ਜਿਸ ਸਦਕਾ ਸੜਕ ਹਾਦਸੇ ਦੌਰਾਨ ਤੁਰੰਤ ਮਦਦ ਨਾਲ ਇੱਕ ਮਨੁੱਖੀ ਜ਼ਿੰਦਗੀ ਬਚ ਗਈ।

ਐਡਵੋਕੇਟ ਹਰਪਾਲ ਜੁਨੇਜਾ ਨੇ ਦੱਸਿਆ ਕਿ ਅੱਜ ਰੋਜ਼ਾਨਾ ਦੀ ਤਰ੍ਹਾਂ ਦਫ਼ਤਰ ਜਾਂਦੇ ਸਮੇਂ ਰਸਤੇ ਵਿੱਚ ਇੱਕ ਸੜਕ ਦੁਰਘਟਨਾ ਵਾਪਰੀ, ਜਿਸ ਵਿੱਚ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ, ਘਟਨਾ ਨੂੰ ਦੇਖਦੇ ਹੀ ਤੁਰੰਤ ਮਨੁੱਖਤਾ ਦਾ ਫਰਜ਼ ਨਿਭਾਉਂਦੇ ਹੋਏ ਉਨ੍ਹਾਂ ਨੇ ਆਪਣਾ ਵਾਹਨ ਰੋਕਿਆ ਅਤੇ ਆਪਣੀ ਟੀਮ ਦੀ ਸਹਾਇਤਾ ਨਾਲ ਜ਼ਖ਼ਮੀ ਵਿਅਕਤੀ ਨੂੰ ਤੁਰੰਤ ਸਰਕਾਰੀ ਰਜਿੰਦਰਾ ਹਸਪਤਾਲ, ਪਟਿਆਲਾ ਵਿਖੇ ਪਹੁੰਚਾ ਕੇ ਇਲਾਜ ਲਈ ਦਾਖਲ ਕਰਵਾਇਆ।

ਹਰਪਾਲ ਜੁਨੇਜਾ ਨੇ ਦੱਸਿਆ ਕਿ ਉਹ ਸ਼ਾਮ ਨੂੰ ਮੁੜ ਜ਼ਖ਼ਮੀ ਰਾਮਦੀਨ ਦਾ ਪਤਾ ਲੈਣ ਹਸਪਤਾਲ ਗਏ ਤਾਂ ਦੇਖਿਆ ਕਿ ਡਾਕਟਰਾਂ ਦੀ ਮਿਹਨਤ ਅਤੇ ਪਰਮਾਤਮਾ ਦੀ ਕਿਰਪਾ ਸਦਕਾ ਜ਼ਖ਼ਮੀ ਵਿਅਕਤੀ ਹੁਣ ਖਤਰੇ ਤੋਂ ਬਾਹਰ ਹੈ। ਉਨ੍ਹਾਂ ਨੇ ਇਸ ਮੌਕੇ ਸਰਕਾਰੀ ਰਜਿੰਦਰਾ ਹਸਪਤਾਲ ਦੇ ਡਾਕਟਰਾਂ ਅਤੇ ਸਮੂਹ ਸਟਾਫ ਦਾ ਵਿਸ਼ੇਸ਼ ਧੰਨਵਾਦ ਕੀਤਾ, ਜਿਨ੍ਹਾਂ ਵੱਲੋਂ ਸਮੇਂ ਸਿਰ ਇਲਾਜ ਅਤੇ ਪੂਰਾ ਸਹਿਯੋਗ ਪ੍ਰਦਾਨ ਕੀਤਾ ਗਿਆ। ਹਰਪਾਲ ਜੁਨੇਜਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਅਤੇ ਜਨ-ਹਿੱਤ ਨੂੰ ਧਿਆਨ ਵਿੱਚ ਰੱਖਦੇ ਹੋਏ ਅਨੇਕਾਂ ਲੋਕ-ਪੱਖੀ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ, ਇਸੇ ਕੜੀ ਤਹਿਤ ਫਰਿਸ਼ਤੇ ਸਕੀਮ ਅਤੇ ਸੜਕ ਸੁਰੱਖਿਆ ਫੋਰਸ ਦਾ ਮੁੱਖ ਉਦੇਸ਼ ਸੜਕ ਹਾਦਸਿਆਂ ਦੌਰਾਨ ਜ਼ਖ਼ਮੀਆਂ ਨੂੰ ਸਮੇਂ ਸਿਰ ਸਹਾਇਤਾ ਪ੍ਰਦਾਨ ਕਰਨਾ ਅਤੇ ਕੀਮਤੀ ਜਾਨਾਂ ਬਚਾਉਣਾ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾਵਾਂ ਲੋਕਾਂ ਨੂੰ ਪ੍ਰੇਰਿਤ ਕਰਦੀਆਂ ਹਨ ਕਿ ਉਹ ਹਾਦਸਾਗ੍ਰਸਤ ਵਿਅਕਤੀਆਂ ਦੀ ਮਦਦ ਲਈ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਅੱਗੇ ਆਉਣ।

ਚੇਅਰਮੈਨ ਨੇ ਕਿਹਾ ਕਿ ਸਮਾਜ ਵਿੱਚ ਮਨੁੱਖਤਾ ਅਤੇ ਆਪਸੀ ਸਹਿਯੋਗ ਦੀ ਭਾਵਨਾ ਹੀ ਅਸਲ ਸੇਵਾ ਹੈ। ਜੇਕਰ ਹਰ ਨਾਗਰਿਕ ਸੜਕ ਹਾਦਸੇ ਜਾਂ ਕਿਸੇ ਵੀ ਆਫਤ ਦੀ ਸਥਿਤੀ ਵਿੱਚ ਲੋੜਵੰਦਾਂ ਦੀ ਮਦਦ ਲਈ ਤਤਪਰ ਰਹੇ, ਤਾਂ ਅਨੇਕਾਂ ਪਰਿਵਾਰਾਂ ਨੂੰ ਅਪਾਰ ਦੁੱਖ ਤੋਂ ਬਚਾਇਆ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਸਭ ਨੂੰ ਇਹ ਸੰਕਲਪ ਕਰਨਾ ਚਾਹੀਦਾ ਹੈ ਕਿ ਮਨੁੱਖਤਾ ਦੇ ਨਾਤੇ ਜਿੱਥੇ ਵੀ ਕਿਸੇ ਨੂੰ ਮਦਦ ਦੀ ਲੋੜ ਹੋਵੇ, ਅੱਗੇ ਵੱਧ ਕੇ ਆਪਣਾ ਫਰਜ਼ ਨਿਭਾਈਏ, ਸਮੇਂ ਸਿਰ ਕੀਤਾ ਗਿਆ ਇੱਕ ਛੋਟਾ ਜਿਹਾ ਉਪਰਾਲਾ ਵੀ ਕਿਸੇ ਦੀ ਜ਼ਿੰਦਗੀ ਬਚਾ ਕੇ ਪਰਿਵਾਰ ਦੀਆਂ ਖੁਸ਼ੀਆਂ ਨੂੰ ਬਰਕਰਾਰ ਰੱਖ ਸਕਦਾ ਹੈ।

# ਲੋਕਾਂ ਦੇ ਫ਼ਤਵੇ ਨਾਲ ਗ਼ਦਾਰੀ ਕਰਨ ਵਾਲਿਆਂ ਨੂੰ ਜਨਤਾ ਕਦੇ ਮੁਆਫ਼ ਨਹੀਂ ਕਰੇਗੀ : ਰਣਜੋਧ ਹਡਾਣਾ

## 'ਆਪ' ਆਗੂਆਂ ਨੇ ਹਲਕਾ ਸਨੌਰ ਵਿੱਚ ਵੱਖ ਵੱਖ ਥਾਂਵਾ ਤੇ ਭਾਜਪਾ 'ਚ ਸ਼ਾਮਲ ਹੋਏ 7 ਰਾਜ ਸਭਾ ਮੈਂਬਰਾਂ ਦੇ ਪੁਤਲੇ ਫੂਕੇ



ਸਨੌਰ, ਦੇਵੀਗੜ੍ਹ , 30 ਅਪ੍ਰੈਲ

– ਜਗਜੀਤ ਜੱਗੀ –

– ਪ੍ਰੈਸ ਕੀ ਤਾਕਤ ਬਿਊਰੋ –

ਆਮ ਆਦਮੀ ਪਾਰਟੀ ਦੇ 7 ਰਾਜ ਸਭਾ ਮੈਂਬਰਾਂ ਵੱਲੋਂ ਪਾਰਟੀ ਨੂੰ ਪਿੱਠ ਦਿਖਾ ਕੇ ਭਾਜਪਾ ਵਿੱਚ ਸ਼ਾਮਲ ਹੋਣ ਦੇ ਫ਼ੈਸਲੇ ਵਿਰੁੱਧ ਅੱਜ ਹਲਕਾ ਸਨੌਰ ਵਿੱਚ ਭਾਰੀ ਰੋਸ ਦੇਖਣ ਨੂੰ ਮਿਲਿਆ। ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਇਕੱਠੇ ਹੋਏ 'ਆਪ' ਆਗੂਆਂ ਅਤੇ ਵਲੰਟੀਅਰਾਂ ਨੇ ਹਲਕਾ ਸਨੌਰ ਵਿੱਚ ਵੱਖ ਵੱਖ ਥਾਂਵਾ ਤੇ ਇਨ੍ਹਾਂ ਮੈਂਬਰਾਂ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ ਉਨ੍ਹਾਂ ਦੇ ਪੁਤਲੇ ਸਾੜੇ।

ਇਸ ਮੌਕੇ ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ ਮਾਰਕਿਟ ਕਮੇਟੀ ਦੂਧਨ ਸਾਧਾਂ, ਸ਼ਵਿੰਦਰ ਕੌਰ ਧੰਜੂ ਪ੍ਰਧਾਨ ਨਗਰ ਕੌਂਸਲ ਦੇਵੀਗੜ੍ਹ, ਸਰਬਜੀਤ ਸਿੰਘ ਨੈਂਣਾਂ ਚੇਅਰਮੈਨ, ਹਰਪ੍ਰੀਤ ਸਿੰਘ ਘੁਮਾਣ ਵਾਈਸ ਚੇਅਰਮੈਨ, ਗੁਰਪ੍ਰੀਤ ਸਿੰਘ ਸਰਪੰਚ, ਅਮਰ ਸੰਘੇੜਾ ਯੂਥ ਪ੍ਰਧਾਨ, ਗੁਰਪ੍ਰੀਤ ਸਿੰਘ ਗੋਪੀ ਜਿਲ੍ਹਾ ਪ੍ਰੀਸ਼ਦ ਮੈਂਬਰ ਤੋਂ ਇਲਾਵਾ ਅਤੇ ਵੱਖ-ਵੱਖ ਵਾਰਡਾਂ ਦੇ ਕੌਂਸਲਰ, ਬਲਾਕ ਪ੍ਰਧਾਨ, ਸਰਪੰਚ ਅਤੇ ਵੱਡੀ ਗਿਣਤੀ ਵਿੱਚ ਆਪ ਆਗੂ ਤੇ ਪਾਰਟੀ ਵਰਕਰ ਹਾਜ਼ਰ ਸਨ.

ਰੋਸ ਪ੍ਰਦਰਸ਼ਨ ਦੌਰਾਨ ਹੱਥਾਂ ਵਿੱਚ ਪੋਸਟਰ ਫੜ ਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ. ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਇਹ ਰਾਜ ਸਭਾ ਮੈਂਬਰ ਆਮ ਆਦਮੀ ਪਾਰਟੀ ਦੀ ਬਦੌਲਤ ਅਤੇ ਲੋਕਾਂ ਦੇ ਵਿਸ਼ਵਾਸ ਸਦਕਾ ਉੱਚੇ ਅਹੁਦਿਆਂ ਤੱਕ ਪਹੁੰਚੇ ਸਨ। ਉਨ੍ਹਾਂ ਕਿਹਾ, ਜਿਸ ਪਾਰਟੀ ਨੇ ਇਨ੍ਹਾਂ ਨੂੰ ਪਛਾਣ ਦਿੱਤੀ, ਉਸੇ ਨਾਲ ਧੋਖਾ ਕਰਕੇ ਭਾਜਪਾ ਵਿੱਚ ਸ਼ਾਮਲ ਹੋਣਾ ਸਿਆਸੀ ਮੰਦਭਾਗੀ ਅਤੇ ਗ਼ਦਾਰੀ ਦੀ ਸਭ ਤੋਂ ਵੱਡੀ ਮਿਸਾਲ ਹੈ। ਇਸ ਤੋਂ ਵੱਡੀ ਨੀਚਤਾ ਹੋਰ ਕੀ ਹੋ ਸਕਦੀ ਹੈ। ਸ. ਹਡਾਣਾ ਨੇ ਭਾਜਪਾ 'ਤੇ ਵਰ੍ਹਦਿਆਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਲੋਕਤੰਤਰ ਦਾ ਘਾਣ ਕਰ ਰਹੀ ਹੈ ਅਤੇ ਦੂਜੀਆਂ ਪਾਰਟੀਆਂ ਦੇ ਆਗੂਆਂ ਨੂੰ ਲਾਲਚ ਜਾਂ ਡਰਾ-ਧਮਕਾ ਕੇ ਆਪਣੇ ਵੱਲ ਖਿੱਚ ਰਹੀ ਹੈ। ਹਲਕਾ ਇੰਚਾਰਜ ਨੇ ਕਿਹਾ ਕਿ ਅਜਿਹੇ ਮੌਕਾਪ੍ਰਸਤ ਆਗੂਆਂ ਦੇ ਜਾਣ ਨਾਲ ਆਮ ਆਦਮੀ ਪਾਰਟੀ ਨੂੰ ਕੋਈ ਫ਼ਰਕ ਨਹੀਂ ਪਵੇਗਾ, ਕਿਉਂਕਿ ਪਾਰਟੀ ਦੀ ਅਸਲ ਤਾਕਤ ਇਸ ਦੇ ਇਮਾਨਦਾਰ ਵਲੰਟੀਅਰ ਅਤੇ ਜਨਤਾ ਹੈ।

ਪੁਤਲੇ ਸਾੜਨ ਮੌਕੇ ਮੌਜੂਦ ਆਪ ਆਗੂਆਂ ਨੇ ਕਿਹਾ ਕਿ ਜਿਨ੍ਹਾਂ ਮੈਂਬਰਾਂ ਨੇ ਪਾਰਟੀ ਨਾਲ ਗ਼ਦਾਰੀ ਕੀਤੀ ਹੈ, ਉਨ੍ਹਾਂ ਨੂੰ ਇਤਿਹਾਸ ਕਦੇ ਮੁਆਫ਼ ਨਹੀਂ ਕਰੇਗਾ। ਪ੍ਰਦਰਸ਼ਨ ਦੌਰਾਨ ਸਨੌਰ ਹਲਕੇ ਦੇ ਮੁੱਖ ਚੌਕਾਂ ਵਿੱਚ ਇਨ੍ਹਾਂ ਆਗੂਆਂ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ।

# ਸਵਾਭਿਮਾਨ ਐਵਾਰਡ ਸਮਾਰੋਹ ਵਿੱਚ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਗਰੀਬ ਬੱਚਿਆਂ ਦੀ ਸਿੱਖਿਆ 'ਤੇ ਜ਼ੋਰ



ਲੁਧਿਆਣਾ, 30 ਅਪ੍ਰੈਲ

– ਕੁਲਦੀਪ ਦੁੱਗਰੀ –

– ਪ੍ਰੈਸ ਕੀ ਤਾਕਤ ਬਿਊਰੋ –

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਬੱਚਿਆਂ ਨੂੰ ਸਿੱਖਿਆ ਦੇ ਮੌਕੇ ਪ੍ਰਦਾਨ ਕਰਨਾ ਮਨੁੱਖਤਾ ਦੀ ਸੱਚੀ ਸੇਵਾ ਹੈ। ਉਹ ਸਵਾਭਿਮਾਨ ਐਵਾਰਡ ਸੇਰੇਮੋਨੀ ਦੌਰਾਨ ਨੋਬਲ ਫਾਉਂਡੇਸ਼ਨ ਟਰੱਸਟ ਵੱਲੋਂ ਕਰਵਾਏ ਸਮਾਗਮ ਦੀ ਪ੍ਰਧਾਨਗੀ ਕਰ ਰਹੇ ਸਨ।

ਰਾਜਪਾਲ ਨੇ ਦਾਨੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਿੱਖਿਆ ਦੇ ਰਾਹੀਂ ਹੀ ਦੇਸ਼ ਦੀ ਤਰੱਕੀ ਸੰਭਵ ਹੈ ਅਤੇ ਹਰ ਵਰਗ ਤੱਕ ਗੁਣਵੱਤਾ ਵਾਲੀ ਸਿੱਖਿਆ ਪਹੁੰਚਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਗਰੀਬ ਵਿਦਿਆਰਥੀਆਂ ਨੂੰ ਸਿੱਖਿਆ ਦੇਣਾ ਸਿਰਫ਼ ਦਾਨ ਨਹੀਂ, ਸਗੋਂ ਸਮਾਜ ਦੇ ਵਿਕਾਸ ਵਿੱਚ ਯੋਗਦਾਨ ਹੈ।

ਉਨ੍ਹਾਂ ਵਿਦਿਆਰਥੀਆਂ ਨੂੰ ਅਨੁਸ਼ਾਸਨ, ਨੈਤਿਕ ਮੁੱਲਾਂ ਅਤੇ ਸਮਾਜ ਸੇਵਾ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਚੰਗੀ ਸ਼ਖਸੀਅਤ ਦੀ ਨਿਰਮਾਣ ਨਾਲ ਹੀ ਜ਼ਿੰਮੇਵਾਰ ਨਾਗਰਿਕ ਬਣਦੇ ਹਨ। ਇਸ ਮੌਕੇ 'ਤੇ ਰਾਜਪਾਲ ਨੇ ਓਂਕਾਰ ਸਿੰਘ ਪਾਹਵਾ, ਨਾਰਾਇਣ ਵਟ੍ਸ, ਸੁਰਿੰਦਰ ਪਾਲ ਸ਼ਰਮਾ, ਸਾਹਿਬ ਸਿੰਘ ਥਿੰਦ ਅਤੇ ਸੁਚੇਤਾ ਭੱਟਾਚਾਰਜੀ ਨੂੰ ਸਨਮਾਨਿਤ ਕੀਤਾ। ਸਮਾਰੋਹ ਵਿੱਚ ਬਾਲ ਮੁਕੰਦ ਸ਼ਰਮਾ ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ।

# ਫੋਕਲ ਪੁਆਇੰਟ ਤੇ ਹੋਰ ਇੰਡਸਟ੍ਰੀ ਨਾਲ ਜੁੜਦੇ ਵਿਭਾਗਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ - ਡਾ. ਹਿਮਾਂਸ਼ੂ ਅਗਰਵਾਲ

ਪਟਿਆਲਾ, 30 ਅਪ੍ਰੈਲ

– ਪ੍ਰੈਸ ਕੀ ਤਾਕਤ ਬਿਊਰੋ –



ਜ਼ਿਲ੍ਹਾ ਪਟਿਆਲਾ ਵਿੱਚ ਉਦਯੋਗਿਕ ਵਿਕਾਸ ਨੂੰ ਹੋਰ ਤੇਜ਼ ਕਰਨ ਅਤੇ ਇੰਡਸਟ੍ਰੀ ਵਿਭਾਗ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਦੇ ਤੁਰੰਤ ਹੱਲ ਲਈ ਅੱਜ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਇੱਕ ਮਹੱਤਵਪੂਰਨ ਸਮੀਖਿਆ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਉਦਯੋਗਿਕ ਸੰਸਥਾਵਾਂ ਦੇ ਨੁਮਾਇੰਦੇ, ਇੰਡੀਸਟ੍ਰੀ ਵਿਭਾਗ ਅਤੇ ਸਬੰਧਤ ਸਰਕਾਰੀ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੀਟਿੰਗ ਦਾ ਮੁੱਖ ਉਦੇਸ਼ ਇੰਡਸਟ੍ਰੀ ਵਿਭਾਗ ਵੱਲੋਂ ਪਟਿਆਲਾ ਫੋਕਲ ਪੁਆਇੰਟ ਵਿੱਚ ਦਰਪੇਸ਼ ਆ ਰਹੀਆਂ ਪ੍ਰਸ਼ਾਸਨਿਕ, ਬਿਜਲੀ, ਪਾਣੀ, ਟੈਕਸੇਸ਼ਨ, ਲਾਇਸੈਂਸਿੰਗ ਅਤੇ ਬੁਨਿਆਦੀ ਢਾਂਚੇ ਨਾਲ ਜੁੜੀਆਂ ਮੁਸ਼ਕਲਾਂ ਦੀ ਪਹਿਚਾਣ ਕਰਕੇ ਉਨ੍ਹਾਂ ਦਾ ਹਲ ਕਰਨਾ ਹੈ।

ਡਿਪਟੀ ਕਮਿਸ਼ਨਰ ਨੇ ਇਹ ਵੀ ਸਪਸ਼ਟ ਕੀਤਾ ਕਿ ਜ਼ਿਲ੍ਹਾ ਪ੍ਰਸ਼ਾਸਨ ਉਦਯੋਗਿਕ ਵਿਕਾਸ ਨੂੰ ਪ੍ਰਾਥਮਿਕਤਾ ਦੇ ਰਿਹਾ ਹੈ ਅਤੇ ਕਿਸੇ ਵੀ ਇੰਡਸਟ੍ਰੀ ਨੂੰ ਬੇਵਜ੍ਹਾ ਪ੍ਰੇਸ਼ਾਨੀ ਨਹੀਂ ਹੋਣ ਦਿੱਤੀ ਜਾਵੇਗੀ। ਮੀਟਿੰਗ ਦੌਰਾਨ ਇੰਡਸਟ੍ਰੀ ਵਿਭਾਗ ਦੇ ਅਧਿਕਾਰੀਆਂ ਨੇ ਆਪਣੀਆਂ ਸਮੱਸਿਆਵਾਂ ਵਿਸਥਾਰ ਨਾਲ ਰੱਖੀਆਂ। ਉਨ੍ਹਾਂ ਨੇ ਖਾਸ ਤੌਰ 'ਤੇ ਉਦਯੋਗਿਕ ਖੇਤਰਾਂ ਵਿੱਚ ਸੜਕਾਂ ਦੀ ਹਾਲਤ, ਡਰੇਨੇਜ ਪ੍ਰਣਾਲੀ, ਬਿਜਲੀ ਸਪਲਾਈ ਦੀ ਅਸਥਿਰਤਾ ਅਤੇ ਵੱਖ-ਵੱਖ ਵਿਭਾਗਾਂ ਵਿੱਚ ਤਾਲਮੇਲ ਦੀ ਕਮੀ ਵਰਗੇ ਮੁਦਿੱਆਂ ਨੂੰ ਪੇਸ਼ ਕੀਤਾ।

ਡਾ. ਹਿਮਾਂਸ਼ੂ ਅਗਰਵਾਲ ਨੇ ਸਾਰੇ ਮੁੱਦਿਆਂ ਨੂੰ ਧਿਆਨ ਨਾਲ ਸੁਣਿਆ ਅਤੇ ਸਬੰਧਤ ਵਿਭਾਗਾਂ ਨੂੰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦਾ ਮੁੱਖ ਉਦੇਸ਼ ਵਪਾਰਕ ਕਾਰਜਾਂ ਦੀ ਸੁਚਾਰੂ ਅਤੇ ਸੁਗਮ ਪ੍ਰਕਿਰਿਆ ਨੂੰ ਮਜ਼ਬੂਤ ਕਰਨਾ ਹੈ ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇੰਡਸਟ੍ਰੀ ਵਿਭਾਗ ਦੇ ਕੇਸਾਂ ਨੂੰ ਪਹਿਲ ਦੇ ਆਧਾਰ 'ਤੇ ਨਿਪਟਾਇਆ ਜਾਵੇ ਅਤੇ ਕਿਸੇ ਵੀ ਪੱਧਰ 'ਤੇ ਲੰਬਿਤ ਫਾਈਲਾਂ ਨੂੰ ਤੁਰੰਤ ਹੱਲ ਕੀਤਾ ਜਾਵੇ। ਇਸਦੇ ਨਾਲ ਹੀ ਹਰ ਮਹੀਨੇ ਨਿਯਮਤ ਸਮੀਖਿਆ ਮੀਟਿੰਗਾਂ ਕਰਕੇ ਉਦਯੋਗਿਕ ਮਾਹੌਲ ਨੂੰ ਸੁਧਾਰਨ ਦੀ ਯੋਜਨਾ ਵੀ ਤਿਆਰ ਕੀਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਇੰਡਸਟ੍ਰੀ ਵਿਭਾਗ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਉਨ੍ਹਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਹੈ ਅਤੇ ਉਦਯੋਗਿਕ ਵਿਕਾਸ ਲਈ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਇੰਡਸਟ੍ਰੀ ਵਿਭਾਗ ਦੇ ਅਧਿਕਾਰੀਆਂ ਨੂੰ ਵੀ ਕਿਹਾ ਕਿ ਉਹ ਆਪਣੇ ਸੁਝਾਅ ਅਤੇ ਸਮੱਸਿਆਵਾਂ ਨਿਰੰਤਰ ਪ੍ਰਸ਼ਾਸਨ ਨਾਲ ਸਾਂਝੀਆਂ ਕਰਦੇ ਰਹਿਣ ਤਾਂ ਜੋ ਉਨ੍ਹਾਂ ਦਾ ਸਮੇਂ ਸਿਰ ਹੱਲ ਕੀਤਾ ਜਾ ਸਕੇ।

# ਗਉ ਸੇਵਾ ਕਮਿਸ਼ਨ ਦੇ ਚੇਅਰਮੈਨ ਨੇ ਬੇਸਹਾਰਾ ਗਊਆਂ ਦੀ ਸਾਂਭ ਸੰਭਾਲ 'ਤੇ ਡੀ ਸੀ ਪਟਿਆਲਾ ਨਾਲ ਕੀਤੀ ਉੱਚ ਪੱਧਰੀ ਬੈਠਕ

## ਪਸ਼ੂਆਂ ਦੀ ਸਾਂਭ ਸੰਭਾਲ ਚ ਲਾਪਰਵਾਹੀ ਬਰਦਾਸ਼ਤ ਨਹੀਂ – ਡਾ.ਹਿਮਾਂਸ਼ੂ ਅਗਰਵਾਲ



ਪਟਿਆਲਾ, 30 ਅਪ੍ਰੈਲ

– ਪ੍ਰੈਸ ਕੀ ਤਾਕਤ ਬਿਊਰੋ –

ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਸ਼੍ਰੀ ਅਸ਼ੋਕ ਲੱਖਾ ਦੀ ਅਗਵਾਈ ਹੇਠ ਇਕ ਮਹੱਤਵਪੂਰਨ ਬੈਠਕ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨਾਲ ਕੀਤੀ ਗਈ। ਬੈਠਕ ਦੌਰਾਨ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਨੇ ਵੱਖ-ਵੱਖ ਵਿਭਾਗਾਂ ਵੱਲੋਂ ਪਸ਼ੂਆਂ ਦੀ ਸਾਂਭ ਸੰਭਾਲ ਸਬੰਧੀ ਕੀਤੀਆਂ ਜਾ ਰਹੀਆਂ ਕਾਰਵਾਈਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਲਈ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਪਸ਼ੂਆਂ ਦੀ ਸਾਂਭ ਸੰਭਾਲ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵੱਧ ਤੋਂ ਵੱਧ ਲੋਕਾਂ ਨੂੰ ਐਸ.ਪੀ.ਸੀ.ਏ. (ਸੋਸਾਇਟੀ ਫਾਰ ਪ੍ਰਿਵੈਂਨਸ਼ਨ ਆਫ ਕਰੂਏਲਟੀ ਟੂ ਐਨੀਮਲਜ਼) ਦੇ ਮੈਂਬਰ ਬਣਨ ਲਈ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਗਊਸ਼ਾਲਾਵਾਂ ਵਿੱਚ ਰਹਿੰਦੇ ਪਸ਼ੂਆਂ ਲਈ ਸਾਫ਼-ਸੁਥਰਾ ਵਾਤਾਵਰਣ, ਪੀਣ ਵਾਲਾ ਸਾਫ ਪਾਣੀ, ਹਰਾ ਚਾਰਾ ਅਤੇ ਸਮੇਂ-ਸਿਰ ਦਵਾਈਆਂ ਉਪਲਬਧ ਕਰਵਾਈਆਂ ਜਾ ਸਕਣ।

ਡਿਪਟੀ ਕਮਿਸ਼ਨਰ ਡਾ ਹਿਮਾਂਸ਼ੂ ਅਗਰਵਾਲ ਨੇ ਇਹ ਵੀ ਕਿਹਾ ਕਿ ਬੇਸਹਾਰਾ ਪਸ਼ੂਆਂ ਦੀ ਸੰਭਾਲ ਬਿਹਤਰ ਢੰਗ ਨਾਲ ਕੀਤੀ ਜਾਵੇ। ਉਹਨਾ ਕਿਹਾ ਕਿ ਪਟਿਆਲਾ ਸ਼ਹਿਰ ਵਿੱਚ ਬੇਸਹਾਰਾ ਪਸ਼ੂਆਂ ਨੂੰ ਸੜਕਾਂ ਤੋਂ ਹਟਾ ਕੇ ਸਰਕਾਰੀ ਗਊਸ਼ਾਲਾ ਤੱਕ ਪਹੁੰਚਾਇਆ ਜਾਵੇਗਾ।

ਡਾ. ਹਿਮਾਂਸ਼ੂ ਅਗਰਵਾਲ ਨੇ ਸਖਤ ਰੁਖ ਅਪਣਾਉਂਦਿਆਂ ਕਿਹਾ ਕਿ ਸੜਕਾਂ 'ਤੇ ਬੇਸਹਾਰਾ ਪਸ਼ੂ ਨਹੀਂ ਦਿਖਣੇ ਚਾਹੀਦੇ। ਓਹਨਾ ਵਧੀਕ ਡਿਪਟੀ ਕਮਿਸ਼ਨਰ ਨੂੰ ਨਿਰਦੇਸ਼ ਦਿੱਤੇ ਕਿ ਇਸ ਮਾਮਲੇ ਵਿੱਚ ਹੋ ਰਹੀ ਪ੍ਰਗਤੀ ਦੀ ਸਮੀਖਿਆ ਲਈ ਹਰ ਮਹੀਨੇ ਮੀਟਿੰਗ ਕਰਵਾਈ ਜਾਵੇ। ਉਨ੍ਹਾਂ ਨੇ ਆਮ ਜਨਤਾ ਨੂੰ ਵੀ ਅਪੀਲ ਕੀਤੀ ਕਿ ਪਸ਼ੂਆਂ ਦੀ ਸੁਰੱਖਿਆ ਅਤੇ ਸੰਭਾਲ ਲਈ ਸਰਕਾਰ ਦਾ ਸਾਥ ਦੇਣ ਅਤੇ ਇਸ ਮਹੱਤਵਪੂਰਨ ਕੰਮ ਵਿੱਚ ਆਪਣਾ ਯੋਗਦਾਨ ਪਾਉਣ।

ਇਸ ਮੌਕੇ ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਮੈਡਮ ਸੋਨਮ, ਵਧੀਕ ਡਿਪਟੀ ਕਮਿਸ਼ਨਰ ਦਮਨਜੀਤ ਸਿੰਘ ਮਾਨ, ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ, ਐਸ.ਡੀ.ਐਮ. ਸਮਾਣਾ ਰਿਚਾ ਗੋਇਲ, ਪਸ਼ੂ ਪਾਲਣ ਵਿਭਾਗ ਤੋਂ ਸਹਾਇਕ ਡਾਇਰੈਕਟਰ ਸੋਨਿੰਦਰ ਕੌਰ, ਸਹਾਇਕ ਡਾਇਰੈਕਟਰ ਰਾਜਨੀਕ ਭੌਰਾ ਸਮੇਤ ਹੋਰ ਅਧਿਕਾਰੀ ਜਿਵੇਂ ਦੀਪਇੰਦਰ ਸਿੰਘ, ਜਤਿੰਦਰ ਸਿੰਘ, ਅਮਨਦੀਪ ਸਿੰਘ ਅਤੇ ਜਗਪ੍ਰੀਤ ਸਿੰਘ ਵੀ ਮੌਜੂਦ ਸਨ।

# ਡੈਮੇਜ ਕੰਟਰੋਲ ਚ ਲੱਗੀ ਆਪ ਉਤੇ ਰਾਜਾ ਵੜਿੰਗ ਦਾ ਤਨਜ਼ ਕਿਹਾ- ਮੀਟਿੰਗਾਂ ਨਾਲ ਹਕੀਕਤ ਨਹੀਂ ਲੁਕ ਸਕਣੀ



ਲੁਧਿਆਣਾ, 30 ਅਪ੍ਰੈਲ

– ਐਸ ਕੇ ਵਰਮਾ –

– ਪ੍ਰੈਸ ਕੀ ਤਾਕਤ ਬਿਊਰੋ –

ਪੰਜਾਬ ਦੀ ਰਾਜਨੀਤੀ ਵਿੱਚ ਬਿਆਨਬਾਜ਼ੀ ਤੇਜ਼ ਹੋ ਗਈ ਹੈ। ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਆਮ ਆਦਮੀ ਪਾਰਟੀ ਤੇ ਨਿਸ਼ਾਨਾ ਸਾਧਦੇ ਹੋਏ, ਇਸਦੇ ਹਾਲੀਆ ਸੰਗਠਨਾਤਮਕ ਸਮਾਗਮਾਂ ਨੂੰ ਆਖਰੀ ਸਮੇਂ ਦੀ ਤਾਕਤ ਦਾ ਪ੍ਰਦਰਸ਼ਨ ਦੱਸਿਆ। ਉਨ੍ਹਾਂ ਕਿਹਾ ਕਿ ਜਲੰਧਰ ਵਿੱਚ ਨਿਰੀਖਕਾਂ ਦੀ ਮੀਟਿੰਗ ਅਸਲ ਵਿੱਚ ਇੱਕ ਡੈਮੇਜ ਕੰਟਰੋਲ ਅਭਿਆਸ ਸੀ, ਜੋ ਪਾਰਟੀ ਦੇ ਡਿੱਗਦੇ ਮਨੋਬਲ ਨੂੰ ਮਜ਼ਬੂਤ ਕਰਨ ਲਈ ਕੀਤੀ ਜਾ ਰਹੀ ਹੈ।

ਵੜਿੰਗ ਨੇ ਦੋਸ਼ ਲਗਾਇਆ ਕਿ ਆਪ ਦਾ ਭਰੋਸੇਯੋਗਤਾ ਸੰਕਟ ਸਰਕਾਰ ਅਤੇ ਸੰਗਠਨਾਤਮਕ ਪੱਧਰ ਦੋਵਾਂ @ਤੇ ਡੂੰਘਾ ਹੁੰਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਤਾਕਤ ਦੇ ਨਕਲੀ ਪ੍ਰਦਰਸ਼ਨ ਵਿੱਚ ਲੱਗੀ ਹੋਈ ਹੈ, ਜਦੋਂ ਕਿ ਜ਼ਮੀਨੀ ਹਕੀਕਤ ਬਿਲਕੁਲ ਉਲਟ ਹੈ। ਉਨ੍ਹਾਂ ਅਨੁਸਾਰ, ਪੰਜਾਬ ਦੇ ਲੋਕ ਹੁਣ ਸਰਕਾਰ ਦੇ ਕੰਮ ਅਤੇ ਵਾਅਦਿਆਂ ਦੀ ਅਸਲੀਅਤ ਨੂੰ ਸਮਝ ਗਏ ਹਨ। ਕਾਂਗਰਸ ਸੂਬਾ ਪ੍ਰਧਾਨ ਨੇ ਸਿੱਧਾ ਹਮਲਾ ਕਰਦੇ ਹੋਏ ਕਿਹਾ ਕਿ 2022 ਦੀਆਂ ਚੋਣਾਂ ਜਿੱਤਣ ਵਿੱਚ ਪਾਰਟੀ ਦੀ ਮਦਦ ਕਰਨ ਵਾਲੇ ਜ਼ਮੀਨੀ ਪੱਧਰ ਦੇ ਵਰਕਰਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਅਤੇ ਕਰੋੜਪਤੀਆਂ ਨੂੰ ਉਨ੍ਹਾਂ ਦੀ ਜਗ੍ਹਾ ਤਰਜੀਹ ਦਿੱਤੀ ਗਈ ਅਤੇ ਰਾਜ ਸਭਾ ਵਿੱਚ ਭੇਜਿਆ ਗਿਆ। ਹੁਣ ਜਦੋਂ ਉਹੀ ਲੋਕ ਪਾਰਟੀ ਛੱਡ ਰਹੇ ਹਨ, ਤਾਂ ਲੀਡਰਸ਼ਿਪ ਆਪਣੇ ਵਰਕਰਾਂ ਦੀ ਘਾਟ ਮਹਿਸੂਸ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਆਪ ਅੰਦਰ ਅਸੰਤੋਸ਼ ਲਗਾਤਾਰ ਵਧ ਰਿਹਾ ਹੈ, ਅਤੇ ਇਸਦਾ ਪ੍ਰਭਾਵ ਸੰਗਠਨ ਤੇ ਸਪੱਸ਼ਟ ਤੌਰ ਤੇ ਦਿਖਾਈ ਦੇ ਰਿਹਾ ਹੈ। ਹਾਲ ਹੀ ਵਿੱਚ ਹੋਏ ਅਸਤੀਫ਼ਿਆਂ ਦਾ ਹਵਾਲਾ ਦਿੰਦੇ ਹੋਏ, ਵੜਿੰਗ ਨੇ ਕਿਹਾ ਕਿ ਇਹ ਸਿਰਫ ਸ਼ੁਰੂਆਤ ਹੈ, ਅਤੇ ਭਵਿੱਖ ਵਿੱਚ ਹੋਰ ਤਰੇੜਾਂ ਉੱਭਰ ਸਕਦੀਆਂ ਹਨ। ਵੜਿੰਗ ਨੇ ਸਪੱਸ਼ਟ ਤੌਰ @ਤੇ ਕਿਹਾ ਕਿ ਮੀਟਿੰਗਾਂ ਅਤੇ ਟੀਮ-ਨਿਰਮਾਣ ਗਤੀਵਿਧੀਆਂ ਪਾਰਟੀ ਦੀ ਡਿੱਗਦੀ ਭਰੋਸੇਯੋਗਤਾ ਨੂੰ ਨਹੀਂ ਬਚਾ ਸਕਦੀਆਂ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਹੁਣ ਆਪ ਸਰਕਾਰ ਤੋਂ ਨਿਰਾਸ਼ ਹਨ, ਅਤੇ ਆਖਰੀ ਸਮੇਂ ਦੀਆਂ ਕੋਈ ਵੀ ਚਾਲਾਂ ਗੁਆਚੇ ਵਿਸ਼ਵਾਸ ਨੂੰ ਬਹਾਲ ਨਹੀਂ ਕਰ ਸਕਦੀਆਂ।

# ਕੈਬਨਿਟ ਮੰਤਰੀ ਸੰਜੀਵ ਅਰੋੜਾ ਵੱਲੋਂ ਮਾਨਸੂਨ ਤੋਂ ਪਹਿਲਾਂ ਸੀਵਰੇਜ ਦੀ ਸਮੇਂ ਸਿਰ ਸਫਾਈ, ਸਖ਼ਤ ਨਿਗਰਾਨੀ ਅਤੇ ਰਿਪੋਰਟਿੰਗ ਦੇ ਨਿਰਦੇਸ਼

ਚੰਡੀਗੜ੍ਹ, 30 ਅਪ੍ਰੈਲ

– ਪ੍ਰੈਸ ਕੀ ਤਾਕਤ ਬਿਊਰੋ –



ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਅਤੇ ਸਥਾਨਕ ਸਰਕਾਰਾਂ ਬਾਰੇ ਕੈਬਨਿਟ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਅੱਜ ਸਾਰੇ ਨਗਰ ਨਿਗਮ ਕਮਿਸ਼ਨਰਾਂ ਅਤੇ ਵਧੀਕ ਡਿਪਟੀ ਕਮਿਸ਼ਨਰਾਂ (ਜੀ ਐਂਡ ਯੂਡੀ) ਨੂੰ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚ ਸੀਵਰੇਜ ਸਿਸਟਮ ਦੀ ਸਮੇਂ ਸਿਰ ਅਤੇ ਯੋਜਨਾਬੱਧ ਢੰਗ ਨਾਲ ਸਫਾਈ ਕਰਨਾ ਅਤੇ ਗਾਰ ਕੱਢਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਮੌਨਸੂਨ ਸੀਜ਼ਨ ਤੋਂ ਪਹਿਲਾਂ ਤਿਆਰੀਆਂ @ਤੇ ਜ਼ੋਰ ਦਿੰਦਿਆਂ ਮੰਤਰੀ ਨੇ ਕਿਹਾ ਕਿ ਸੁਚੱਜੇ ਢੰਗ ਨਾਲ ਗਾਰ ਨਾ ਕੱਢਣ ਦੇ ਨਤੀਜੇ ਵਜੋਂ ਸ਼ਹਿਰੀ ਖੇਤਰਾਂ ਵਿੱਚ ਪਾਣੀ ਭਰ ਜਾਂਦਾ ਹੈ, ਸੀਵਰ ਓਵਰਫਲੋਅ ਹੋ ਜਾਂਦਾ ਹੈ, ਆਵਾਜਾਈ ਵਿੱਚ ਰੁਕਾਵਟ ਪੈ ਜਾਂਦੀ ਹੈ ਅਤੇ ਲੋਕਾਂ ਨੂੰ ਭਾਰੀ ਅਸੁਵਿਧਾ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਸਥਿਤੀਆਂ ਤੋਂ ਬਚਣ ਅਤੇ ਡਰੇਨੇਜ ਪ੍ਰਣਾਲੀਆਂ ਦੀ ਸੁਚਾਰੂ ਕਾਰਜਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਸਰਗਰਮ ਉਪਾਅ ਕੀਤੇ ਜਾਣੇ ਚਾਹੀਦੇ ਹਨ।

ਸ੍ਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਸੀਵਰ ਦੀ ਸਫਾਈ ਅਤੇ ਗਾਰ ਕੱਢਣ ਲਈ ਪਹਿਲਾਂ ਹੀ ਠੇਕੇ ਦਿੱਤੇ ਜਾ ਚੁੱਕੇ ਹਨ ਅਤੇ ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਕੰਮ ਤੁਰੰਤ ਸ਼ੁਰੂ ਕਰਨ ਅਤੇ ਮਾਨਸੂਨ ਦੀ ਸ਼ੁਰੂਆਤ ਤੋਂ ਪਹਿਲਾਂ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਇਹਨਾਂ ਕਾਰਜਾਂ ਨੂੰ ਮੁਕੰਮਲ ਕਰਨ। ਉਨ੍ਹਾਂ ਨੇ ਨੀਵੇਂ ਅਤੇ ਸੇਮ ਵਾਲੇ ਖੇਤਰਾਂ ਵੱਲ ਵਿਸ਼ੇਸ਼ ਧਿਆਨ ਦੇਣ ਦੇ ਨਿਰਦੇਸ਼ ਵੀ ਦਿੱਤੇ।

ਸੀਵਰ ਵਿੱਚੋਂ ਸਮੇਂ ਸਿਰ ਗਾਰ ਕੱਢਣ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਮੰਤਰੀ ਨੇ ਕਿਹਾ ਕਿ ਇਹ ਮੀਂਹ ਦੇ ਪਾਣੀ ਦੇ ਨਿਰਵਿਘਨ ਵਹਾਅ ਨੂੰ ਯਕੀਨੀ ਬਣਾਉਂਦਾ ਹੈ, ਭਾਰੀ ਬਾਰਿਸ਼ ਦੌਰਾਨ ਪਾਣੀ ਭਰਨ ਦੇ ਜੋਖਮ ਨੂੰ ਕਾਫ਼ੀ ਹੱਦ ਤੱਕ ਘਟਾਉਂਦਾ ਹੈ ਅਤੇ ਸੀਵਰ ਲਾਈਨਾਂ ਦੇ ਓਵਰਫਲੋ ਨੂੰ ਰੋਕਦਾ ਹੈ, ਜਿਸ ਨਾਲ ਸ਼ਹਿਰਾਂ ਵਿੱਚ ਸਫਾਈ ਬਣੀ ਰਹਿੰਦੀ ਹੈ। ਇਹ ਡੇਂਗੂ, ਮਲੇਰੀਆ ਅਤੇ ਹੈਜ਼ਾ ਵਰਗੀਆਂ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦੇ ਫੈਲਾਅ ਨੂੰ ਘਟਾਉਣ ਵਿੱਚ ਵੀ ਮਦਦ ਕਰਦਾ ਹੈ।

ਸੀਵਰੇਜ ਦੀ ਸਫਾਈ ਨਾਲ ਇਸਦੇ ਬੁਨਿਆਦੀ ਢਾਂਚੇ ਦੀ ਸਮੁੱਚੀ ਕੁਸ਼ਲਤਾ ਲੰਬੇ ਸਮੇਂ ਤੱਕ ਬਰਕਰਾਰ ਰਹਿੰਦੀ ਹੈ। ਇਸ ਨਾਲ ਸੜਕਾਂ ਅਤੇ ਜਨਤਕ ਸੰਪਤੀ ਨੂੰ ਖੜ੍ਹੇ ਪਾਣੀ ਕਾਰਨ ਹੋਣ ਵਾਲੇ ਨੁਕਸਾਨ ਤੋਂ ਬਚਾਇਆ ਜਾ ਸਕਦਾ ਹੈ। ਇਹ ਸੁਚਾਰੂ ਆਵਾਜਾਈ ਨੂੰ ਯਕੀਨੀ ਬਣਾਉਂਦਾ ਹੈ ਅਤੇ ਬਾਰਸ਼ ਦੌਰਾਨ ਪੈਦਾ ਹੋਣ ਵਾਲੀ ਅਸੁਵਿਧਾ ਨੂੰ ਦੂਰ ਕਰਦਾ ਹੈ। ਇਸ ਨਾਲ ਸ਼ਹਿਰਾਂ, ਖਾਸ ਕਰਕੇ ਸੰਘਣੀ ਆਬਾਦੀ ਵਾਲੇ ਸ਼ਹਿਰੀ ਖੇਤਰਾਂ, ਵਿੱਚ ਬਿਹਤਰ ਜਨਤਕ ਸਿਹਤ ਅਤੇ ਸਾਫ-ਸਫਾਈ ਨੂੰ ਯਕੀਨੀ ਬਣਾਇਆ ਜਾ ਸਕਦਾ ਹੈ। ਸਫਾਈ ਸਬੰਧੀ ਸਮੱਸਿਆਵਾਂ ਦੇ ਅਗਾਊਂ ਨਿਪਟਾਰੇ ਰਾਹੀਂ ਐਮਰਜੈਂਸੀ ਰੱਖ-ਰਖਾਅ ਦੇ ਖਰਚਿਆਂ ਨੂੰ ਵੀ ਘਟਾਇਆ ਜਾ ਸਕਦਾ ਹੈ।

ਮੰਤਰੀ ਨੇ ਸਾਰੇ ਸਬੰਧਤ ਅਧਿਕਾਰੀਆਂ ਨੂੰ ਇਹਨਾਂ ਕੰਮਾਂ ਦੀ ਸਖ਼ਤ ਅਤੇ ਲਗਾਤਾਰ ਨਿਗਰਾਨੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਜਵਾਬਦੇਹੀ @ਤੇ ਜ਼ੋਰ ਦਿੰਦਿਆਂ ਕਿ ਉਨ੍ਹਾਂ ਪ੍ਰਗਤੀ ਅਤੇ ਕੀਤੀ ਗਈ ਕਾਰਵਾਈ ਬਾਰੇ ਵਿਸਤ੍ਰਿਤ ਰਿਪੋਰਟਾਂ ਜਲਦ ਤੋਂ ਜਲਦ ਉਨ੍ਹਾਂ ਦੇ ਦਫ਼ਤਰ ਵਿੱਚ ਜਮ੍ਹਾਂ ਕਰਵਾਉਣ ਦੇ ਨਿਰਦੇਸ਼ ਦਿੱਤੇ।

ਸੂਬੇ ਦੇ ਨਾਗਰਿਕਾਂ ਦੀ ਭਲਾਈ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਸ੍ਰੀ ਸੰਜੀਵ ਅਰੋੜਾ ਨੇ ਕਿਹਾ ਕਿ ਸਾਰੇ ਵਿਭਾਗਾਂ ਨੂੰ ਤਾਲਮੇਲ ਨਾਲ ਕੰਮ ਕਰਨਾ ਚਾਹੀਦਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਅਗਾਮੀ ਮਾਨਸੂਨ ਸੀਜ਼ਨ ਦੌਰਾਨ ਪੰਜਾਬ ਦੇ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

# ਕਿਸਾਨਾਂ ਨੂੰ ਸਿੰਚਾਈ ਲਈ ਕੋਈ ਕਮੀ ਨਹੀਂ ਆਵੇਗੀ : ਮੁੱਖ ਮੰਤਰੀ ਭਗਵੰਤ ਸਿੰਘ ਮਾਨ



ਸੰਗਰੂਰ , 30 ਅਪ੍ਰੈਲ

– ਪ੍ਰੈਸ ਕੀ ਤਾਕਤ ਬਿਊਰੋ –

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਟਿਕਾਊ ਖੇਤੀ ਅਤੇ ਲੰਮੇ ਸਮੇਂ ਤੱਕ ਪਾਣੀ ਦੀ ਸੰਭਾਲ ਲਈ ਵਿਆਪਕ ਤੌਰ 'ਤੇ ਰੂਪ ਰੇਖਾ ਦਾ ਖੁਲਾਸਾ ਕਰਦਿਆਂ ਪੰਜਾਬ ਦੇ ਕਿਸਾਨਾਂ ਨੂੰ ਧਰਤੀ ਹੇਠਲੇ ਪਾਣੀ ਤੋਂ ਨਿਰਭਰਤਾ ਘਟਾ ਕੇ ਨਹਿਰੀ ਪਾਣੀ ਦੀ ਸਿੰਚਾਈ ਵੱਲ ਮੁੜਨ ਦਾ ਸੱਦਾ ਦਿੱਤਾ।

ਆਪਣੇ ਜੱਦੀ ਪਿੰਡ ਸਤੌਜ ਦੇ ਦੌਰੇ ਦੌਰਾਨ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਗੱਲ @ਤੇ ਜ਼ੋਰ ਦਿੱਤਾ ਕਿ ਪੰਜਾਬ ਦਾ ਭਵਿੱਖ ਇਸ ਦੇ ਜਲ ਸਰੋਤਾਂ ਨਾਲ ਅਟੁੱਟ ਰੂਪ ਵਿੱਚ ਜੁੜਿਆ ਹੋਇਆ ਹੈ ਅਤੇ ਇਨ੍ਹਾਂ ਨੂੰ ਸੁਰੱਖਿਅਤ ਰੱਖਣਾ ਬਹੁਤ ਜ਼ਰੂਰੀ ਹੈ ਅਤੇ ਇਸ ਲਈ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਦਾ ਵਜੂਦ ਸੁਭਾਵਿਕ ਤੌਰ 'ਤੇ ਇਸ ਦੇ ਪਾਣੀਆਂ ਨਾਲ ਜੁੜਿਆ ਹੋਇਆ ਹੈ ਅਤੇ ਇਸ ਨੂੰ ਮਹਿਫੂਜ਼ ਰੱਖਣਾ ਸਿਰਫ਼ ਨੀਤੀਗਤ ਤਰਜੀਹ ਨਹੀਂ ਸਗੋਂ ਨੈਤਿਕ ਜ਼ਿੰਮੇਵਾਰੀ ਵੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਉਣ ਵਾਲੇ ਝੋਨੇ ਦੇ ਸੀਜ਼ਨ ਲਈ ਇਕ ਮਈ ਤੋਂ ਹੀ ਨਹਿਰੀ ਪਾਣੀ ਦਿੱਤਾ ਜਾਵੇਗਾ, ਜੋ ਕਿ ਰਵਾਇਤੀ ਸਿੰਚਾਈ ਸਮਾਂ-ਸਾਰਣੀ ਤੋਂ ਮਹੱਤਵਪੂਰਨ ਤਬਦੀਲੀ ਹੈ।

ਉਨ੍ਹਾਂ ਅੱਗੇ ਕਿਹਾ, ÷ਇਹ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੈ ਕਿ ਝੋਨੇ ਦੀ ਬਿਜਾਈ ਦੇ ਸੀਜ਼ਨ ਤੋਂ ਪਹਿਲਾਂ ਕਿਸਾਨਾਂ ਨੂੰ ਲਾਭ ਪਹੁੰਚਾਉਣ ਲਈ ਇਕ ਮਈ ਤੋਂ ਨਹਿਰੀ ਪਾਣੀ ਛੱਡਿਆ ਜਾ ਰਿਹਾ ਹੈ।÷ ਇਸ ਪਹਿਲਕਦਮੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਲਦ ਹੀ ਸਿੰਚਾਈ ਦੀ ਸਹੂਲਤ ਲਈ ਨਹਿਰਾਂ ਤੇ ਖਾਲਿਆਂ ਵਿੱਚ 21,000 ਕਿਊਸਿਕ ਪਾਣੀ ਪਹਿਲਾਂ ਹੀ ਛੱਡਿਆ ਜਾ ਚੁੱਕਾ ਹੈ। ਉਨ੍ਹਾਂ ਕਿਹਾ, ਅਸੀਂ ਇਹ ਯਕੀਨੀ ਬਣਾਉਣ ਲਈ ਵਚਨਬੱਧ ਹਾਂ ਕਿ ਪਾਣੀ ਦੀ ਇੱਕ-ਇੱਕ ਬੂੰਦ ਨੂੰ ਸੁਰੱਖਿਅਤ ਰੱਖਿਆ ਜਾਵੇ ਅਤੇ ਸੁਚੱਜੇ ਢੰਗ ਨਾਲ ਵਰਤਿਆ ਜਾਵੇ। ਪੰਜਾਬ ਦੇ ਪਾਣੀਆਂ ਤੇ ਹੱਕ ਦੀ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਪੰਜਾਬ ਨੇ ਨਾ ਤਾਂ ਦੂਜੇ ਸੂਬਿਆਂ ਨਾਲ ਪਾਣੀਆਂ 'ਤੇ ਕੋਈ ਸਮਝੌਤਾ ਕੀਤਾ ਹੈ ਅਤੇ ਨਾ ਹੀ ਪਾਕਿਸਤਾਨ ਵੱਲ ਪਾਣੀ ਜਾਣ ਦਿੱਤਾ ਹੈ ਤਾਂ ਕਿ ਸਾਰਾ ਪਾਣੀ ਸਾਡੇ ਕਿਸਾਨਾਂ ਦੇ ਹਿੱਤ ਲਈ ਵਰਤਿਆ ਜਾਵੇ।÷ ਉਨ੍ਹਾਂ ਨੇ ਦਹਾਕਿਆਂ ਤੋਂ ਲਗਾਤਾਰ ਜ਼ਿਆਦਾ ਪਾਣੀ ਧਰਤੀ ਹੇਠੋਂ ਕੱਢਣ ਨਾਲ ਚਿੰਤਾਜਨਕ ਪੱਧਰ ਤੱਕ ਪਾਣੀ ਘਟਣ ਦੀ ਚੁਣੌਤੀ ਪੈਦਾ ਹੋਈ ਹੈ ਅਤੇ ਇਸ ਲਈ ਪਹੁੰਚ ਵਿੱਚ ਤੁਰੰਤ ਤਬਦੀਲੀ ਦੀ ਲੋੜ @ਤੇ ਜ਼ੋਰ ਦਿੱਤਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਸਾਨਾਂ ਨੂੰ ਟਿਊਬਵੈੱਲਾਂ ਤੇ ਨਿਰਭਰਤਾ ਘਟਾਉਣ ਦੀ ਅਪੀਲ ਕਰਦਿਆਂ ਕਿਹਾ ਧਰਤੀ ਹੇਠਲਾ ਪਾਣੀ ਇੱਕ ਕੀਮਤੀ ਅਤੇ ਸੀਮਤ ਸਰੋਤ ਹੈ ਜਿਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਰੱਖਣਾ ਚਾਹੀਦਾ ਹੈ। ਆਪਣੀ ਸੋਚ ਵਿੱਚ ਸਮੂਹਿਕ ਤਬਦੀਲੀ ਲਿਆਉਣ ਦਾ ਸਮਾਂ ਆ ਗਿਆ ਹੈ। ਨਹਿਰੀ ਪਾਣੀ ਸਿਰਫ਼ ਬਦਲ ਨਹੀਂ ਹੈ, ਇਹ ਪੰਜਾਬ ਦੀ ਖੇਤੀਬਾੜੀ ਦਾ ਭਵਿੱਖ ਹੈ।

ਸਰਕਾਰ ਦੇ ਯਤਨਾਂ @ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮਾਰਚ, 2026 ਤੋਂ ਲੈ ਕੇ ਹੁਣ ਤੱਕ ਸੂਬੇ ਭਰ ਵਿੱਚ ਸਿੰਚਾਈ ਪ੍ਰੋਜੈਕਟਾਂ @ਤੇ 6,700 ਕਰੋੜ ਰੁਪਏ ਖਰਚ ਕੀਤੇ ਗਏ ਹਨ ਜਿਸ ਤਹਿਤ ਪਾਣੀ ਦੀ ਸੁਚੱਜੀ ਵੰਡ ਨੂੰ ਯਕੀਨੀ ਬਣਾਉਣ ਅਤੇ ਨੁਕਸਾਨ ਨੂੰ ਘੱਟ ਕਰਨ ਲਈ ਲਗਭਗ 14,000 ਕਿਲੋਮੀਟਰ ਪਾਈਪਲਾਈਨਾਂ ਵਿਛਾਈਆਂ ਗਈਆਂ ਹਨ ਅਤੇ ਖਾਲਿਆਂ ਨੂੰ ਬਹਾਲ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਝੋਨੇ ਦੇ ਮੌਜੂਦਾ ਸੀਜ਼ਨ ਤੋਂ ਪਹਿਲਾਂ 4,000 ਕਿਲੋਮੀਟਰ ਹੋਰ ਖਾਲੇ ਅਤੇ 3,000 ਕਿਲੋਮੀਟਰ ਪਾਈਪਲਾਈਨਾਂ ਕਾਰਜਸ਼ੀਲ ਹੋ ਜਾਣਗੀਆਂ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, '21,000 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ ਜਿਸ ਨਾਲ ਇਨ੍ਹਾਂ ਪ੍ਰਣਾਲੀਆਂ ਦੀ ਪਰਖ ਕਰਨ, ਰੁਕਾਵਟਾਂ ਦੀ ਪਛਾਣ ਕਰਨ ਅਤੇ ਕਮੀਆਂ ਨੂੰ ਦੂਰ ਕਰਨ ਵਿੱਚ ਵੀ ਮਦਦ ਮਿਲੇਗੀ। ਇਸ ਬੁਨਿਆਦੀ ਢਾਂਚੇ ਨੂੰ ਵੱਡੇ ਪੱਧਰ @ਤੇ ਵਿਕਸਿਤ ਕੀਤਾ ਗਿਆ ਹੈ ਅਤੇ ਇਹ ਪੰਜਾਬ ਦੇ ਸਿੰਚਾਈ ਨੈੱਟਵਰਕ ਨੂੰ ਆਧੁਨਿਕ ਬਣਾਉਣ ਪ੍ਰਤੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ।'

ਇਸ ਢਾਂਚੇ ਦੀ ਵਿਆਪਕਤਾ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਦੋ ਭਾਖੜਾ ਨਹਿਰਾਂ ਦੇ ਬਰਾਬਰ ਪਾਣੀ ਛੱਡਿਆ ਜਾ ਰਿਹਾ ਹੈ ਜਿਸ ਨਾਲ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਧਰਤੀ ਹੇਠਲੇ ਪਾਣੀ @ਤੇ ਨਿਰਭਰਤਾ ਕਾਫ਼ੀ ਘਟ ਜਾਵੇਗੀ।' ਉਨ੍ਹਾਂ ਅੱਗੇ ਕਿਹਾ ਕਿ ਇਸ ਪਹਿਲ ਤਹਿਤ ਸਮਰਪਿਤ ਯੋਜਨਾਵਾਂ ਰਾਹੀਂ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਵਿੱਚ ਸਹਾਇਤਾ ਮਿਲੇਗੀ ਜਿਸ ਨਾਲ ਲੰਬੇ ਸਮੇਂ ਦੀ ਸਥਿਰਤਾ ਨੂੰ ਯਕੀਨੀ ਬਣਾਇਆ ਜਾ ਸਕੇਗਾ।

ਉਨ੍ਹਾਂ ਕਿਹਾ, 'ਇਹ ਸਿਰਫ਼ ਮੌਜੂਦਾ ਫ਼ਸਲੀ ਚੱਕਰ ਬਾਰੇ ਨਹੀਂ ਹੈ ਸਗੋਂ ਇਹ ਪੰਜਾਬ ਦੀ ਖੇਤੀਬਾੜੀ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਅਤੇ ਇਹ ਯਕੀਨੀ ਬਣਾਉਣ ਬਾਰੇ ਹੈ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਇਕ ਸਥਾਈ ਈਕੋਸਿਸਟਮ ਬਰਕਰਾਰ ਰੱਖਿਆ ਜਾ ਸਕੇ।'

ਮੁੱਖ ਮੰਤਰੀ ਨੇ ਕਿਹਾ, ਇਹ ਮੇਰਾ ਪਿੰਡ ਅਤੇ ਮੇਰੇ ਆਪਣੇ ਲੋਕ ਹਨ। ਮੈਂ ਇੱਥੇ ਸਾਰਿਆਂ ਨੂੰ ਨਿੱਜੀ ਤੌਰ @ਤੇ ਜਾਣਦਾ ਹਾਂ ਅਤੇ ਇਹ ਇਸ ਫੇਰੀ ਨੂੰ ਹੋਰ ਵੀ ਖਾਸ ਬਣਾਉਂਦਾ ਹੈ।' ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਸਿੱਧੀ ਅਪੀਲ ਕਰਦਿਆਂ ਕਿਹਾ, ਟਿਊਬਵੈੱਲਾਂ ਰਾਹੀਂ ਜ਼ਿਆਦਾ ਜ਼ਮੀਨੀ ਪਾਣੀ ਨਾ ਕੱਢੋ।

# ਸੂਬੇ ਵਿਚ ਡਾਕਟਰਾਂ ਅਤੇ ਅਮਲੇ ਦੀ ਕਮੀ ਨੂੰ ਪੂਰਾ ਕਰਨ ਲਈ ਸਰਕਾਰ ਵੱਲੋਂ ਹਰੇਕ ਜਿਲੇ ਵਿਚ ਇਕ ਨਵਾਂ ਮੈਡੀਕਲ ਕਾਲਜ ਖੋਲ੍ਹਿਆ ਜਾਵੇਗਾ

ਚੰਡੀਗੜ੍ਹ, 30 ਅਪ੍ਰੈਲ

– ਪ੍ਰੈਸ ਕੀ ਤਾਕਤ ਬਿਊਰੋ –




ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਨੇ ਕਿਹਾ ਕਿ ਸਿਹਤ ਹਰਿਆਣਾ ਹੀ ਵਿਕਸਿਤ ਹਰਿਆਣਾ ਦਾ ਨੀਂਹਪੱਥਰ ਹੈ। ਇਸ ਟੀਚੇ ਨੂੰ ਧਿਆਨ ਵਿਚ ਰੱਖਦੇ ਹੋਏ ਸੂਬਾ ਸਰਕਾਰ ਸੂਬੇ ਵਿਚ ਸਿਹਤ ਸੇਵਾਵਾਂ ਦੇ ਮਜ਼ਬੂਤੀਕਰਣ ਅਤੇ ਵਿਸਥਾਰ ਲਈ ਲਗਾਤਾਰ ਸਖਤ ਕਦਮ ਚੁੱਕ ਰਹੀ ਹੈ। ਚਾਲੂ ਮਾਲੀ ਵਰ੍ਹੇ ਦੇ ਬਜਟ ਵਿਚ ਸਿਹਤ ਖੇਤਰ ਲਈ ਪਿਛਲੇ ਸਾਲ ਦੀ ਤੁਲਨਾ ਵਿਚ 32.89 ਫੀਸਦੀ ਦਾ ਵਰਣਨਯੋਗ ਵਾਧਾ ਕਰਦੇ ਹੋਏ ਲਗਭਗ 14,000 ਕਰੋੜ ਰੁਪਏ ਦੀ ਵਿਵਸਥਾ ਕੀਤੀ ਹੈ। ਇਹ ਵਾਧਾ ਸੂਬੇ ਦੇ ਨਾਗਰਿਕਾਂ ਨੂੰ ਵਧੀਆ ਅਤੇ ਆਸਾਨ ਸਿਹਤ ਸਹੂਲਤਾਂ ਮਹੁੱਇਆ ਕਰਵਾਉਣ ਦੀ ਦਿਸ਼ਾ ਵਿਚ ਸਰਕਾਰ ਦੀ ਪਹਿਲ ਨੂੰ ਦਰਸਾਉਂਦੀ ਹੈ। ਜਦੋਂ ਕਿ ਸਾਲ 2014 ਵਿਚ ਸੂਬਾ ਦਾ ਸਿਹਤ ਬਜਟ 2,646 ਕਰੋੜ ਰੁਪਏ ਸੀ, ਜਿਸ ਸਾਲ 2025-26 ਵਿਚ ਵੱਧਾ ਕੇ 10,500 ਕਰੋੜ ਰੁਪਏ ਕਰ ਦਿੱਤਾ ਹੈ। ਇਸ ਤਰ੍ਹਾਂ, ਪਿਛਲੇ ਸਾਲਾਂ ਵਿਚ ਸਿਹਤ ਬਜਟ ਵਿਚ ਲਗਭਗ 298 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ।

ਮੁੱਖ ਮੰਤਰੀ ਅੱਜ ਚੰਡੀਗੜ੍ਹ ਵਿਚ ਸਿਹਤ ਖੇਤਰ ਦੀ ਮਿਸਾਲੀ ਪਹਿਲਾਂ @ਤੇ ਆਯੋਜਿਤ ਦੋ ਦਿਨਾਂ ਕੌਮੀ ਸੰਮੇਲਨ ਨੂੰ ਸੰਬੋਧਤ ਕਰ ਰਹੇ ਸਨ। ਸੰਮੇਲਨ ਵਿਚ ਕੇਂਦਰੀ ਸਿਹਤ ਤ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਬਤੌਰ ਮੁੱਖ ਮਹਿਮਾਨ ਵੱਜੋਂ ਸ਼ਾਮਿਲ ਸਨ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਹ ਮੌਕਾ ਦੇਸ਼ ਦੇ ਜਨਤਕ ਸਿਹਤ ਤੰਤਰ ਦੇ ਭਵਿੱਖ ਨੂੰ ਦਿਸ਼ਾ ਦੇਣ ਵਾਲਾ ਇਕ ਮਹੱਤਵਪੂਰਨ ਪੜਾਅ ਹੈ। ਦੋ ਦਿਨ ਤਕ ਇਸ ਖੇਤਰ ਵਿਚ ਦੇਸ਼ ਭਰ ਵਿਚ ਕੀਤੇ ਜਾ ਰਹੇ ਵਧੀਆ ਤੇ ਮਿਸਾਲੀ ਪਹਿਲਾਂ ਨੂੰ ਸਾਂਝਾ ਕੀਤਾ ਜਾਵੇਗਾ। ਉਨ੍ਹਾਂ ਨੇ ਭਰੋਸਾ ਪ੍ਰਗਟਾਇਆ ਕਿ ਇਹ ਸੰਮੇਲਨ ਦੇਸ਼ ਦੇ ਸਿਹਤ ਖੇਤਰ ਦੀ ਵੱਧੀਆ ਸੇਵਾਵਾਂ ਅਤੇ ਨਵਾਂਚਾਰਾਂ ਨੂੰ ਪੇਸ਼ ਕਰਨ ਦਾ ਮਹੱਤਵਪੂਰਨ ਮੰਚ ਸਿੱਧ ਹੋਵੇਗਾ।

ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਨੇ ਮਰੀਜਾਂ ਦੇ ਰਿਸ਼ਤੇਦਾਰਾਂ ਨੂੰ ਸਿੱਖਿਅਤ ਕਰਨ ਲਈ ਕੇਅਰ ਕੈਂਪੇਨਿੰਗ ਪ੍ਰੋਗ੍ਰਾਮ ਚਲਾਇਆ ਹੈ। ਇਸ ਪ੍ਰੋਗ੍ਰਾਮ ਰਾਹੀਂ 188 ਕੇਂਦਰਾਂ ਵਿਚ ਮਰੀਜਾਂ ਦੇ ਰਿਸ਼ਤੇਦਾਰਾਂ ਨੂੰ ਸਿੱਖਿਅਤ ਕੀਤਾ ਹੈ। ਉਨ੍ਹਾਂ ਨੇ ਵਟਾਸਅੱਪ ਆਧਾਰਿਤ ਮੋਬਾਇਲ ਕੇਅਰ ਸਰਵਿਸ ਨਾਲ ਵੀ ਜੋੜਿਆ ਹੈ। ਡਿਜੀਟਲ ਹੈਲਥ (ਈ-ਸੰਜੀਵਨੀ) ਪ੍ਰੋਗ੍ਰਾਮ ਵਿਚ ਆਯੂਸ਼ਮਾਨ ਆਰੋਗ ਮੰਦਿਰ ਹੁਣ ਤਕ ਰੋਜਾਨਾ 2200 ਤੋਂ ਵੱਧ ਟੈਲੀ ਸਲਾਹ ਹੋ ਰਹੇ ਹਨ। ਉਹ ਪੇਂਡੂ ਮਰੀਜਾਂ ਨੂੰ ਸਿੱਧੇ ਪੀਜੀਆਈ ਚੰਡੀਗੜ੍ਹ ਵਰਗੀ ਸੰਸਥਾਨਾਂ ਦੇ ਮਾਹਿਰਾਂ ਨਾਲ ਸਲਾਹ ਦਿਵਾਉਂਦੇ ਹਨ। ਓ-ਹੈ੧ਟ ਅਤੇ ਕੜ੧ਟ ਵਰਗੇ ਡਿਜੀਟਲ ਪਲੇਟਫਾਰਮ ਵੱਲੋਂ ਟੀਕਾਕਰਣ ਅਤੇ ਵੈਕਸੀਨ ਦੀ ਸਪਲਾਈ ਚੈਨ ਨੂੰ ਪੂਰੀ ਤਰ੍ਹਾਂ ਡਿਜੀਟਲ ਕਰ ਦਿੱਤਾ ਹੈ। ਇਸ ਨਾਲ ਸੌ ਫੀਸਦੀ ਟੀਕਾਕਰਣ ਕਵਰੇਜ ਯਕੀਨੀ ਹੋ ਰਹੀ ਹੈ।

ਮੰਤਰੀ ਨੇ ਕਿਹਾ ਕਿ ਸੂਬੇ ਵਿਚ ਡਾਕਟਰਾਂ ਅਤੇ ਅਮਲੇ ਦੀ ਕਮੀ ਨੂੰ ਪੂਰਾ ਕਰਨ ਲਈ ਸਰਕਾਰ ਵੱਲੋਂ ਹਰੇਕ ਜਿਲੇ ਵਿਚ ਇਕ ਨਵਾਂ ਮੈਡੀਕਲ ਕਾਲਜ ਖੋਲ੍ਹਿਆ ਜਾਵੇਗਾ। ਸਾਲ 2014 ਵਿਚ ਸੂਬੇ ਵਿਚ ਸਿਰਫ 6 ਮੈਡੀਕਲ ਕਾਲਜ ਸਨ। ਹੁਣ ਇੰਨ੍ਹਾਂ ਦੀ ਗਿਣਤੀ 17 ਹੋ ਚੁੱਕੀ ਹੈ। ਐਮਬੀਬੀਐਸ ਦੀਆਂ ਸੀਟਾਂ 700 ਤੋਂ ਵੱਧਾ ਕੇ 2,710 ਹੋ ਗਈ ਹੈ। ਇਸ ਤਰ੍ਹਾਂ, ਨਰਸਿੰਗ, ਫਿਜੀਓਥੈਰਪੀ ਤੇ ਪੈਰਾਮੈਡੀਕਲ ਵਿਚ ਸਿੱਖਿਆ ਦਾ ਵਿਸਥਾਰ ਕੀਤਾ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਸਿਰਫ ਸਿਹਤ ਸੰਸਥਾਵਾਂ ਦੀ ਗਿਣਤੀ ਹੀ ਨਹੀਂ ਵੱਧਾਈ, ਸਗੋਂ ਉਨ੍ਹਾਂ ਦੀ ਗੁਣਵੱਤਾ @ਤੇ ਵੀ ਖਾਸ ਧਿਆਨ ਦਿੱਤਾ ਹੈ। ਸੂਬੇ ਦੇ 1,479 ਸਿਹਤ ਸੰਸਥਾ ਕੌਮੀ ਗੁਣਵੱਤਾ ਭਰੋਸਾ ਮਾਨਕਾਂ ਦੇ ਤਹਿਤ ਪ੍ਰਮਾਣਿਤ ਹੋ ਚੁੱਕੇ ਹਨ। ਸਰਕਾਰ ਦਾ ਟੀਚਾ ਹੈ ਕਿ ਹਰੇਕ ਨਾਗਰਿਕ ਨੂੰ ਵਿਸ਼ਵ ਪੱਧਰੀ ਸਿਹਤ ਸੇਵਾਵਾਂ ਉਨ੍ਹਾਂ ਦੇ ਨੇੜੇ ਹੀ ਮਹੁੱਈਆ ਹੋਵੇ। ਹਰੇਕ ਜਿਲਾ ਹਸਪਤਾਲ ਵਿਚ ਆਧੁਨਿਕ ਮਾਂ ਤੇ ਬੱਚਾ ਸਿਹਤ ਵਿੰਗ ਸਥਾਪਿਤ ਕਰਨ ਦਾ ਕੰਮ ਤੇਜੀ ਨਾਲ ਹੋ ਰਿਹਾ ਹੈ। ਅੱਜ ਸੂਬੇ ਵਿਚ ਸੰਸਥਾਗਤ ਜਣੇਪਾ ਦਰ 98.80 ਫੀਸਦੀ ਤਕ ਪੁੱਜ ਚੁੱਕੀ ਹੈ। ਇਸ ਨਾਲ ਮਾਂ ਤੇ ਬੱਚਾ ਮੌਤ ਦਰ ਵਿਚ ਵੀ ਵਰਣਨਯੋਗ ਕਮੀ ਆਈ ਹੈ। ਇਸ ਤਰ੍ਹਾਂ ਸੂਬੇ ਵਿਚ ਪੂਰਾ ਟੀਕਾਕਰਣ ਦਰ 105 ਫੀਸਦੀ ਹੋ ਚੁੱਕਾ ਹੈ।

ਉਨ੍ਹਾਂ ਕਿਹਾ ਕਿ ਨਿਰੋਗੀ ਹਰਿਆਣਾਂ ਵਰਗੀ ਪਹਿਲ ਰਾਹੀਂ ਹਰੇਕ ਨਾਗਰਿਕ ਦੇ ਸਿਹਤ ਦੀ ਜਾਂਚ ਯਕੀਨੀ ਕੀਤੀ ਜਾ ਰਹੀ ਹੈ। ਹੁਣ ਤਕ ਅੰਤਯੋਦਯ ਪਰਿਵਾਰਾਂ ਦੇ ਲਗਭਗ 1 ਕਰੋੜ ਨਾਗਰਿਕਾਂ ਦੀ ਸਕਰਿਨਿੰਗ ਕੀਤੀ ਜਾ ਚੁੱਕੀ ਹੈ ਅਤੇ 5.86 ਕਰੋੜ ਤੋਂ ਵੱਧ ਲੈਬ ਟੈਸਟ ਮੁਫਤ ਕੀਤੇ ਗਏ ਹਨ। ਇਸ ਨਾਲ ਬਿਮਾਰੀਆਂ ਦਾ ਸਮੇਂ ਰਹਿੰਦੇ ਪਤਾ ਲਗਾਕੇ ਉਨ੍ਹਾਂ ਦਾ ਇਲਾਜ ਸੰਭਵ ਹੋ ਪਾਇਆ ਹੈ। ਸੂਬੇ ਵਿਚ ਐਮਰਜੈਂਸੀ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ 550 ਐਂਬੂਲੈਂਸ ਦਾ ਨੈਟਵਰਕ ਸਥਾਪਿਤ ਕੀਤਾ ਹੈ। ਇਹ ਡਾਇਲ 112 ਨਾਲ ਜੋੜਿਆ ਹੋਇਆ ਹੈ। ਕਿਸੇ ਵੀ ਐਮਰਜੈਂਸੀ ਸਥਿਤੀ ਵਿਚ ਫੋਨ ਆਉਂਦੇ ਹੀ 9 ਤੋਂ 10 ਮਿੰਟ ਵਿਚ ਅੰਬੂਲੈਂਸ ਉੱਥੇ ਪੁੱਜ ਜਾਂਦੀ ਹੈ।

ਉਨ੍ਹਾਂ ਕਿਹਾ ਕਿ ਸਾਰੇ ਜਿਲ੍ਹਿਆਂ ਵਿਚ ਸੀਟੀ ਸੈਕਨ ਅਤ ਐਮਆਰਆਈ ਸੇਵਾਵਾਂ ਮਹੁੱਇਆ ਕਰਵਾਉਣ ਦਾ ਕੰਮ ਵੀ ਤੇਜੀ ਨਾਲ ਕੀਤਾ ਜਾ ਰਿਹਾ ਹੈ। ਇਸ ਸਮੇਂ 18 ਜਿਲਾ ਨਾਗਰਿਕ ਹਸਪਤਾਲਾਂ ਵਿਚ ਸੀਟੀ ਸੈਕਨ ਸੇਵਾਵਾਂ, 7 ਜਿਲਾ ਨਾਗਰਿਕ ਹਸਪਤਾਲਾਂ ਵਿਚ ਐਮਆਰਆਈ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਸੂਬੇ ਦੇ 22 ਨਾਗਰਿਕ ਹਸਪਤਾਲਾਂ ਵਿਚ ਮੁਫਤ ਹੋਮੋ ਡਾਇਲਿਸਿਸ ਸੇਵਾਵਾਂ ਵੀ ਮਹੁੱਇਆ ਹਨ। ਇਸ ਤਰ੍ਹਾਂ, 4 ਕੇਂਦਰਾਂ ਵਿਚ ਕੈਥ ਲੈਬ ਅਤੇ ਕਾਰਡਿਯਕ ਕੇਅਰ ਯੂਨਿਟ ਚਲ ਰਹੇ ਸਨ। ਇਹ 6 ਹੋਰ ਸਿਹਤ ਸੰਸਥਾਵਾਂ ਵਿਚ ਮਹੁੱਇਆ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਕੈਂਸਰ ਦੇ ਮਰੀਜਾਂ ਨੂੰ ਮੁਫਤ ਯਾਤਰਾ ਸਹੂਲਤ ਅਤੇ ਆਰਥਿਕ ਮਦਦ ਵੀ ਮਹੁੱਇਆ ਕਰਵਾਈ ਜਾ ਰਹੀ ਹੈ।

ਉਨ੍ਹਾਂ ਨੇ ਅਪੀਲ ਕੀਤੀ ਕਿ ਮਿਲ ਕੇ ਇਕ ਅਜਿਹੇ ਭਾਰਤ ਦਾ ਨਿਰਮਾਣ ਕਰਨਾ ਹੈ, ਜਿੱਥੇ ਹਰੇਕ ਨਾਗਰਿਕ ਸਿਹਤਮੰਦ ਹੋਵੇ, ਹਰੇਕ ਪਰਿਵਾਰ ਸੁਰੱਖਿਅਤ ਹੋਵੇ ਅਤੇ ਹਰੇਕ ਸੂਬਾ ਤਰੱਕੀ ਦੀ ਰਾਹ @ਤੇ ਮੋਹਰੀ ਹੋਵੇ ਅਤੇ ਸਿਹਤ ਭਾਰਤ, ਮਜ਼ਬੂਤ ਭਾਰਤ ਦਾ ਸੁਪਨਾ ਸਾਕਾਰ ਹੋਵੇ।

ਇਸ ਮੌਕੇ @ਤੇ ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ, ਸਿਹਤ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਸਮੇਤ ਕੇਂਦਰ ਸਰਕਾਰ ਤੋਂ ਇਲਾਵਾ ਵੱਖ-ਵੱਖ ਸੂਬਿਆਂ ਦੇ ਸੀਨੀਅਰ ਅਧਿਕਾਰੀ ਹਾਜਿਰ ਸਨ।

# ਡਿਪਟੀ ਕਮਿਸ਼ਨਰ ਦਫ਼ਤਰ ਗੁਰਦਾਸਪੁਰ ਦੇ ਦੋ ਕਰਮਚਾਰੀ ਸੇਵਾ ਮੁਕਤ, ਨਿੱਘੀ ਵਿਦਾਇਗੀ ਪਾਰਟੀ ਨਾਲ ਸਨਮਾਨਿਤ



ਸ੍ਰੀ ਹਰਗੋਬਿੰਦਪੁਰ, 30 ਅਪ੍ਰੈਲ

– ਕੁਲਜੀਤ ਸਿੰਘ ਖੋਖਰ –

– ਪ੍ਰੈਸ ਕੀ ਤਾਕਤ ਬਿਊਰੋ –

ਡਿਪਟੀ ਕਮਿਸ਼ਨਰ ਦਫ਼ਤਰ ਗੁਰਦਾਸਪੁਰ ਤੋਂ ਆਪਣੀ 31 ਸਾਲਾਂ ਦੀ ਲੰਬੀ ਸੇਵਾ ਉਪਰੰਤ ਡਿਪਟੀ ਕਮਿਸ਼ਨਰ ਦੇ ਡਰਾਈਵਰ ਸ੍ਰੀ ਗੁਰਨਾਮ ਸਿੰਘ ਅਤੇ 40 ਸਾਲਾਂ ਦੀ ਸੇਵਾ ਪੂਰੀ ਕਰਨ ਉਪਰੰਤ ਸੀਨੀਅਰ ਸਹਾਇਕ ਸ਼੍ਰੀ ਚਰਨ ਦਾਸ ਨੂੰ ਸੇਵਾ ਮੁਕਤੀ ਮੌਕੇ ਨਿੱਘੀ ਵਿਦਾਇਗੀ ਪਾਰਟੀ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਆਦਿੱਤਿਆ ਉੱਪਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਚਰਨ ਦਾਸ ਅਤੇ ਸ੍ਰੀ ਗੁਰਨਾਮ ਸਿੰਘ ਨੇ ਆਪਣੇ ਸੇਵਾ ਕਾਲ ਦੌਰਾਨ ਵਿਭਾਗ ਨੂੰ ਬਹੁਤ ਹੀ ਇਮਾਨਦਾਰੀ ਅਤੇ ਲਗਨ ਨਾਲ ਸੇਵਾਵਾਂ ਪ੍ਰਦਾਨ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਦੋਨਾਂ ਕਰਮਚਾਰੀਆਂ ਨੇ 30 ਅਪ੍ਰੈਲ ਨੂੰ ਆਪਣੀ ਸਰਕਾਰੀ ਸੇਵਾ ਤੋਂ ਸਨਮਾਨ ਨਾਲ ਸੇਵਾ ਮੁਕਤੀ ਪ੍ਰਾਪਤ ਕੀਤੀ ਹੈ।

ਉਨ੍ਹਾਂ ਹੋਰ ਕਿਹਾ ਕਿ ਦੋਨਾਂ ਕਰਮਚਾਰੀਆਂ ਨੇ ਕਦੇ ਵੀ ਸ਼ਿਕਾਇਤ ਦਾ ਮੌਕਾ ਨਹੀਂ ਦਿੱਤਾ ਅਤੇ ਹਮੇਸ਼ਾਂ ਆਪਣੀਆਂ ਨਿੱਜੀ ਜ਼ਿੰਮੇਵਾਰੀਆਂ ਤੋਂ ਉਪਰ ਉੱਠ ਕੇ ਦਫ਼ਤਰੀ ਕੰਮ ਨੂੰ ਤਰਜੀਹ ਦਿੱਤੀ।

ਜਦੋਂ ਵੀ ਇਨ੍ਹਾਂ ਨੂੰ ਕੋਈ ਜ਼ਿੰਮੇਵਾਰੀ ਵਾਲਾ ਕੰਮ ਸੌਂਪਿਆ ਗਿਆ, ਉਨ੍ਹਾਂ ਨੇ ਉਸਨੂੰ ਬਖ਼ੂਬੀ ਨਿਭਾਇਆ। ਇਸ ਮੌਕੇ ਦਫ਼ਤਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਦੋਨਾਂ ਸੇਵਾ ਮੁਕਤ ਕਰਮਚਾਰੀਆਂ ਨੂੰ ਸ਼ਾਨਦਾਰ ਵਿਦਾਇਗੀ ਪਾਰਟੀ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੇ ਸੁਖਮਈ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਭਾਰਤ ਦੇ ਮਹਾਨ ਸਪੂਤ ਗਿਆਨੀ ਜੈਲ ਸਿੰਘ ਦੇ ਜਨਮਦਿਨ ਤੇ ਓ.ਬੀ.ਸੀ/ਬੀ.ਸੀ/ਐੱਸ.ਸੀ ਦਾ ਸੂਬਾ ਪੱਧਰੀ ਸਮਾਗਮ 5 ਮਈ ਨੂੰ ਗੁਰੂ ਨਾਨਕ ਭਵਨ ਵਿਖੇ ਹੋਵੇਗਾ - ਇੰਦਰਜੀਤ ਬੱਬੂ

ਲੁਧਿਆਣਾ, 30 ਅਪ੍ਰੈਲ

– ਕੁਲਦੀਪ ਦੁੱਗਰੀ –

– ਪ੍ਰੈਸ ਕੀ ਤਾਕਤ ਬਿਊਰੋ –





ਸਵ. ਗਿਆਨੀ ਜੈਲ ਸਿੰਘ ਸਾਬਕਾ ਰਾਸ਼ਟਰਪਤੀ ਭਾਰਤ ਸਰਕਾਰ ਅਤੇ ਸਾਬਕਾ ਮੁੱਖ ਮੰਤਰੀ ਪੰਜਾਬ ਦੇ ਜਨਮਦਿਨ ਤੇ ਓ.ਬੀ.ਸੀ/ ਬੀ.ਸੀ/ ਐੱਸ.ਸੀ ਵੱਲੋਂ ਵਿਸ਼ਾਲ ਸਮਾਗਮ ਦਾ ਆਯੋਜਨ 5 ਮਈ ਨੂੰ ਗੁਰੂ ਨਾਨਕ ਭਵਨ ਲੁਧਿਆਣਾ ਵਿਖੇ ਹੋਵੇਗਾ। ਇਹ ਜਾਣਕਾਰੀ ਕੁੱਲ ਹਿੰਦ ਕਾਂਗਰਸ ਓ.ਬੀ.ਸੀ ਵਿਭਾਗ ਦੇ ਵਾਈਸ ਪ੍ਰਧਾਨ ਇੰਦਰਜੀਤ ਬੱਬੂ ਅਤੇ ਕੁੱਲ ਹਿੰਦ ਕਾਂਗਰਸ ਦੇ ਓ.ਬੀ.ਸੀ ਦੇ ਕੋਆਰਡੀਨੇਟਰ ਕ੍ਰਿਸ਼ਨ ਕੁਮਾਰ ਬਾਵਾ ਇੰਚਾਰਜ ਹਿਮਾਚਲ ਪ੍ਰਦੇਸ਼ ਨੇ ਸਾਂਝੇ ਤੌਰ ਤੇ ਦਿੱਤੀ। ਬੱਬੂ ਅਤੇ ਬਾਵਾ ਨੇ ਕਿਹਾ ਕਿ ਗਿਆਨੀ ਜੀ ਮਹਾਨ ਦੇਸ਼ ਭਗਤ, ਸੁਤੰਤਰਤਾ ਸੰਗਰਾਮੀ, ਦੂਰਅੰਦੇਸ਼ ਸੋਚ ਦੇ ਉੱਚਕੋਟੀ ਦੇ ਨੇਤਾ ਸਨ।

ਉਹਨਾਂ ਨੇ ਹਮੇਸ਼ਾ ਭਾਈਚਾਰਕ ਸਾਂਝ ਨੂੰ ਮਜਬੂਤ ਕਰਨ ਲਈ ਕੰਮ ਕੀਤਾ। ਉਹਨਾਂ ਕਿਹਾ ਕਿ ਪੰਜਾਬ ਵਿੱਚ ਪੱਛੜੀਆਂ ਸ਼੍ਰੇਣੀਆਂ ਨਾਲ ਸੰਬੰਧਿਤ 71 ਜਾਤੀਆਂ ਹਨ ਅਤੇ ਤਕਰੀਬਨ 40% ਵੋਟ ਹੈ ਪਰ ਸਿਆਸੀ ਖੇਤਰ ਵਿੱਚ ਆਬਾਦੀ ਦੇ ਆਧਾਰ ਤੇ ਨੁਮਾਇੰਦਗੀ ਨਾ ਮਿਲਣਾ ਲੋਕਤੰਤਰ ਵਿੱਚ ਬੇਇਨਸਾਫੀ ਹੈ।

ਉਹਨਾਂ ਕਿਹਾ ਕਿ ਰਾਹੁਲ ਗਾਂਧੀ ਜੋ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਹਨ। ਉਹਨਾਂ ਨੇ ਪੱਛੜੀਆਂ ਸ਼੍ਰੇਣੀਆਂ (ਓ.ਬੀ.ਸੀ) ਨੂੰ ਆਬਾਦੀ ਦੇ ਆਧਾਰ ਤੇ ਸਿਆਸੀ ਨੁਮਾਇੰਦਗੀ ਦੇਣ ਦਾ ਭਾਰਤ ਦੇ ਲੋਕਾਂ ਨਾਲ ਵਾਅਦਾ ਕੀਤਾ ਹੈ ਅਤੇ ਪਾਰਟੀ ਅੰਦਰ ਉਹ ਇਸ ਸੰਦਰਭ ਵਿੱਚ ਉਸਾਰੂ ਫੈਸਲੇ ਲੈ ਰਹੇ ਹਨ।

# ਪੀ.ਐੱਮ. ਸ਼੍ਰੀ ਕੇਂਦਰੀ ਵਿਦਿਆਲਿਆ, ਮੋਹਾਲੀ ਵਿਖੇ 55ਵੇਂ ਡਵੀਜ਼ਨਲ ਖੇਡ ਮੁਕਾਬਲੇ ਦਾ ਸਮਾਪਤੀ ਸਮਾਰੋਹ ਸਫਲਤਾਪੂਰਵਕ ਹੋਇਆ ਸੰਪੰਨ

**ਕਰਨਵੀਰ ਸਿੰਘ ਅੰਡਰ 17 ਅਤੇ ਤਨਵੀਰ ਕੌਰ ਅੰਡਰ 14 ਨੇ 1000 ਮੀਟਰ ਰਿੰਕ ਰੇਸ ਵਿੱਚ ਜਿੱਤਿਆ ਗੋਲਡ ਮੈਡਲ ਅਤੇ ਬਰੋਂਜ ਮੈਡਲ**







ਪਟਿਆਲਾ, 30 ਅਪ੍ਰੈਲ

– ਪ੍ਰੈਸ ਕੀ ਤਾਕਤ ਬਿਊਰੋ –

ਪੀ.ਐੱਮ. ਸ਼੍ਰੀ ਕੇਂਦਰੀ ਵਿਦਿ-ਆਲਿਆ, ਮੋਹਾਲੀ ਵਿਖੇ 55ਵੇਂ ਡਵੀਜ਼ਨਲ ਖੇਡ ਮੁਕਾਬਲੇ ਦਾ ਸਮਾਪਤੀ ਸਮਾਰੋਹ ਸਫਲਤਾਪੂਰਵਕ ਸੰਪੰਨ ਹੋਇਆ। ਪੀ.ਐੱਮ. 20 ਅਪ੍ਰੈਲ 2026 ਤੋਂ 26 ਅਪ੍ਰੈਲ 2026 ਤੱਕ 55ਵੇਂ ਡਵੀਜ਼ਨਲ ਖੇਡ ਮੁਕਾਬਲੇ, (ਚੰਡੀਗੜ੍ਹ ਡਿਵੀਜ਼ਨ) ਦਾ ਸ਼ਾਨਦਾਰ ਆਯੋਜਨ ਸ਼੍ਰੀ ਕੇਂਦਰੀ ਵਿਦਿ-ਆਲਿਆ, ਮੋਹਾਲੀ ਵਿਖੇ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਚੰਡੀਗੜ੍ਹ ਡਿਵੀਜ਼ਨ ਦੇ ਕੁੱਲ 28 ਕੇਂਦਰੀ ਵਿਦਿਆਲਿਆਂ ਦੇ ਖਿਡਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਖੇਡ ਮੁਕਾਬਲੇ ਵਿੱਚ ਸਕੇਟਿੰਗ, ਟੇਬਲ ਟੈਨਿਸ, ਲਾਅਨ ਟੈਨਿਸ ਅਤੇ ਰੋਪ ਸਕਿਪਿੰਗ ਵਰਗੀਆਂ ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਅੰਡਰ-14, ਅੰਡਰ-17 ਅਤੇ ਅੰਡਰ-19 ਵਰਗਾਂ ਦੇ ਲੜਕੇ ਅਤੇ ਲੜਕੀਆਂ ਨੇ ਬਰਾਬਰ ਦੀ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਕਰਨਵੀਰ ਸਿੰਘ ਅੰਡਰ 17 ਨੇ 1000 ਮੀਟਰ ਰਿੰਕ ਰੇਸ ਵਿੱਚ ਗੋਲਡ ਮੈਡਲ ਅਤੇ ਵਨ ਲੈਪ ਰੋਡ ਰੇਸ ਵਿੱਚ ਵੀ ਗੋਲਡ ਮੈਡਲ ਹਾਸਲ ਕੀਤਾ। ਤਨਵੀਰ ਕੌਰ ਅੰਡਰ 14 ਨੇ 1000 ਮੀਟਰ ਰਿੰਕ ਰੇਸ ਵਿੱਚ ਬਰੋਂਜ ਮੈਡਲ ਹਾਸਲ ਕੀਤਾ।

ਸਾਰੇ ਮੁਕਾਬਲੇ ਖੇਡ ਭਾਵਨਾ, ਅਨੁਸ਼ਾਸਨ ਅਤੇ ਉਤਸ਼ਾਹ ਨਾਲ ਕਰਵਾਏ ਗਏ। ਸਮਾਪਤੀ ਸਮਾਰੋਹ ਮੌਕੇ ਜੇਤੂ ਖਿਡਾਰੀਆਂ ਨੂੰ ਟਰਾਫੀਆਂ, ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ, ਅਧਿਆਪਕ ਅਤੇ ਹੋਰ ਪਤਵੰਤੇ ਹਾਜ਼ਰ ਸਨ। ਆਪਣੇ ਸੰਬੋਧਨ ਵਿੱਚ ਪ੍ਰਿੰਸੀਪਲ ਸ੍ਰੀ ਜਗੇਸ਼ਵਰ ਜੀ ਨੇ ਸਾਰੇ ਪ੍ਰਤੀਯੋਗੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਮੁਕਾਬਲੇ ਦਾ ਸਫਲ ਆਯੋਜਨ ਸਕੂਲ ਪਰਿਵਾਰ ਦੇ ਸਮੂਹਿਕ ਯਤਨਾਂ ਦਾ ਨਤੀਜਾ ਸੀ।

# ਨੌਜਵਾਨਾਂ ਦੀ ਭਰਪੂਰ ਸ਼ਮੂਲੀਅਤ ਨਾਲ ਅਕਾਲੀ ਦਲ ਦਿੱਲੀ ਸਟੇਟ ਹੋਰ ਮਜ਼ਬੂਤ: ਹਰਮੀਤ ਸਿੰਘ ਕਾਲਕਾ



ਨਵੀਂ ਦਿੱਲੀ, 30 ਅਪ੍ਰੈਲ

– ਪ੍ਰੈਸ ਕੀ ਤਾਕਤ ਬਿਊਰੋ –

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅੱਜ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦਿਨੋਂ-ਦਿਨ ਮਜ਼ਬੂਤੀ ਦੀਆਂ ਨਵੀਆਂ ਉਚਾਈਆਂ ਛੂਹ ਰਿਹਾ ਹੈ। ਜਿਸ ਦੇ ਨਤੀਜੇ ਵਜੋਂ ਅੱਜ ਦਿੱਲੀ ਦੇ ਵੱਖ-ਵੱਖ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਪਾਰਟੀ ਵਿੱਚ ਸ਼ਮੂਲੀਅਤ ਕਰਕੇ ਆਪਣੇ ਭਰੋਸੇ ਅਤੇ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ।

ਸਰਦਾਰ ਕਾਲਕਾ ਨੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਪਾਰਟੀ ਦੇ ਲੋਕ-ਹਿਤੈਸ਼ੀ ਕਾਰਜਾਂ ਅਤੇ ਗੁਰੂ ਘਰਾਂ ਦੀ ਨਿਸ਼ਕਾਮ ਸੇਵਾ ਤੋਂ ਪ੍ਰਭਾਵਿਤ ਹੋ ਕੇ ਸੰਗਤਾਂ ਦਾ ਰੁਝਾਨ ਲਗਾਤਾਰ ਵਧ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਅੱਜ ਵਾਰਡ ਨੰਬਰ 15 ਸਮੇਤ ਦਿੱਲੀ ਦੇ ਵੱਖ ਵੱਖ ਇਲਾਕਿਆਂ ਤੋਂ ਆਏ ਨੌਜਵਾਨਾਂ ਦੀ ਇਹ ਟੀਮ ਪਾਰਟੀ ਲਈ ਇੱਕ ਨਵੀਂ ਊਰਜਾ ਅਤੇ ਦ੍ਰਿੜਤਾ ਦਾ ਪ੍ਰਤੀਕ ਹੈ।

ਉਨ੍ਹਾਂ ਨੇ ਸ਼ਾਮਿਲ ਹੋਏ ਸਾਰੇ ਨੌਜਵਾਨਾਂ ਦਾ ਦਿਲੋਂ ਸਵਾਗਤ ਕਰਦਿਆਂ ਕਿਹਾ ਕਿ ਇਹ ਸਾਰੇ ਆਪਣੇ-ਆਪਣੇ ਖੇਤਰਾਂ ਵਿੱਚ ਮਕਾਮ ਰੱਖਣ ਵਾਲੇ, ਸਮਾਜ ਸੇਵਾ ਅਤੇ ਗੁਰੂ ਪੰਥ ਨਾਲ ਜੁੜੇ ਹੋਏ ਵਿਅਕਤੀ ਹਨ, ਜਿਨ੍ਹਾਂ ਦਾ ਤਜਰਬਾ ਅਤੇ ਸਮਰਪਣ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਪਾਰਟੀ ਨੂੰ ਹੋਰ ਮਜ਼ਬੂਤ ਬਣਾਏਗਾ। ਸਰਦਾਰ ਕਾਲਕਾ ਨੇ ਵਿਸ਼ੇਸ਼ ਤੌਰ 'ਤੇ ਸਰਦਾਰ ਗੁਰਦੇਵ ਸਿੰਘ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਪ੍ਰੇਰਨਾ ਨਾਲ ਇਹ ਨੌਜਵਾਨ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜੇ। ਉਨ੍ਹਾਂ ਨੇ ਸ਼ਮੂਲੀਅਤ ਕਰਨ ਵਾਲੇ ਸਾਰੇ ਨੌਜਵਾਨਾਂ ਅਮਰਿੰਦਰ ਸਿੰਘ, ਅੰਮ੍ਰਿਤ ਸਿੰਘ, ਖੁਸ਼ਵਿੰਦਰ ਸਿੰਘ, ਗਗਨ ਸਿੰਘ, ਅਮਨ ਸਿੰਘ, ਮਨੀਕਰਨ ਸਿੰਘ, ਜਗਪ੍ਰੀਤ ਸਿੰਘ ਬਿੰਦਰਾ, ਦਿਵ ਕਰਨ ਸਿੰਘ, ਨਵਨੀਤ ਸਿੰਘ, ਰੌਣਕ ਸਿੰਘ, ਈਸ਼ਮੀਤ ਸਿੰਘ, ਅਭੀਜੀਤ ਸਿੰਘ, ਅਮਰਜੀਤ ਸਿੰਘ, ਹਮਰਾਜ ਸਿੰਘ, ਹਰਿੰਦਰ ਸਿੰਘ, ਹਰਨੂਰ ਸਿੰਘ ਅਤੇ ਈਸ਼ਰ ਸਿੰਘ ਸੇਠੀ ਆਦਿ ਦਾ ਵਿਸ਼ੇਸ਼ ਤੌਰ ਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿੱਚ ਸ਼ਾਮਿਲ ਹੋਣ 'ਤੇ ਵਧਾਈ ਦਿੱਤੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਸਰਪ੍ਰਸਤ ਸਰਦਾਰ ਰਵਿੰਦਰ ਸਿੰਘ ਖੁਰਾਣਾ ਅਤੇ ਜਨਰਲ ਸਕੱਤਰ ਸਰਦਾਰ ਸਤਪਾਲ ਸਿੰਘ ਮੰਗਾ ਵੀ ਮੌਜੂਦ ਸਨ। ਸਰਦਾਰ ਕਾਲਕਾ ਨੇ ਉਨ੍ਹਾਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਦੀ ਅਗਵਾਈ ਅਤੇ ਯਤਨਾਂ ਨਾਲ ਇਹ ਸ਼ਮੂਲੀਅਤ ਸੰਭਵ ਹੋਈ।

ਉਨ੍ਹਾਂ ਨੇ ਵਿਸ਼ਵਾਸ ਜਤਾਇਆ ਕਿ ਨੌਜਵਾਨਾਂ ਦੀ ਇਹ ਸ਼ਮੂਲੀਅਤ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਨੂੰ ਹੋਰ ਉੱਚਾਈਆਂ 'ਤੇ ਲੈ ਕੇ ਜਾਵੇਗੀ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਸਮਾਜਿਕ, ਧਾਰਮਿਕ ਅਤੇ ਲੋਕ-ਹਿਤੈਸ਼ੀ ਕਾਰਜਾਂ ਵਿੱਚ ਮਹਤਵਪੂਰਨ ਭੂਮਿਕਾ ਨਿਭਾਉਂਦਾ ਰਹੇਗਾ।

# ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਅਤੇ ਸਾਬਕਾ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਦੇ ਜਨਮ ਦਿਹਾੜੇ ਜ਼ਿਲ੍ਹਾ ਪੱਧਰ 'ਤੇ ਮਨਾਏ ਜਾਣਗੇ : ਇੰਦਰਜੀਤ ਸਿੰਘ ਬੱਬੂ



ਲੁਧਿਆਣਾ, 30 ਅਪ੍ਰੈਲ

– ਕੁਲਦੀਪ ਦੁੱਗਰੀ –

– ਪ੍ਰੈਸ ਕੀ ਤਾਕਤ ਬਿਊਰੋ –

ਮਹਾਨ ਇਤਿਹਾਸਕ ਸ਼ਖਸੀਅਤਾਂ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਅਤੇ ਭਾਰਤ ਦੇ ਸਾਬਕਾ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਦੇ ਜਨਮ ਦਿਹਾੜਿਆਂ ਨੂੰ ਸਮਰਪਿਤ ਜ਼ਿਲ੍ਹਾ ਪੱਧਰ 'ਤੇ ਵਿਸ਼ੇਸ਼ ਸਮਾਗਮ ਮਨਾਏ ਜਾਣਗੇ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਇੰਦਰਜੀਤ ਸਿੰਘ ਬੱਬੂ ਨੇ ਦੱਸਿਆ ਕਿ ਸਮਾਗਮਾਂ ਨੂੰ ਯਾਦਗਾਰ ਬਣਾਉਣ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਹ ਮਹਾਨ ਹਸਤੀਆਂ ਪੰਜਾਬ ਦੇ ਇਤਿਹਾਸ ਅਤੇ ਦੇਸ਼ ਦੀ ਸੇਵਾ ਵਿੱਚ ਅਹਿਮ ਯੋਗਦਾਨ ਰੱਖਦੀਆਂ ਹਨ, ਇਸ ਲਈ ਉਨ੍ਹਾਂ ਦੇ ਜਨਮ ਦਿਹਾੜਿਆਂ ਨੂੰ ਵੱਡੇ ਪੱਧਰ 'ਤੇ ਮਨਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਸਮਾਗਮਾਂ ਦੌਰਾਨ ਨੌਜਵਾਨ ਪੀੜ੍ਹੀ ਨੂੰ ਇਨ੍ਹਾਂ ਮਹਾਨ ਵਿਅਕਤੀਆਂ ਦੇ ਜੀਵਨ ਅਤੇ ਸਿਧਾਂਤਾਂ ਬਾਰੇ ਜਾਣੂ ਕਰਵਾਇਆ ਜਾਵੇਗਾ। ਇੰਦਰਜੀਤ ਸਿੰਘ ਬੱਬੂ ਨੇ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿੱਚ ਸੈਮੀਨਾਰ, ਸੱਭਿਆਚਾਰਕ ਪ੍ਰੋਗਰਾਮ ਅਤੇ ਸ਼ਰਧਾਂਜਲੀ ਸਮਾਰੋਹ ਕਰਵਾਏ ਜਾਣਗੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋ ਕੇ ਮਹਾਨ ਸ਼ਖਸੀਅਤਾਂ ਨੂੰ ਨਮਨ ਕੀਤਾ ਜਾਵੇ। ਇਸ ਮੌਕੇ ਭਾਰੀ ਗਿਣਤੀ ਵਿੱਚ ਅਹੁਦੇਦਾਰਾਂ ਤੋਂ ਇਲਾਵਾ ਵਰਕਰ ਵੀ ਹਾਜ਼ਿਰ ਸਨ।

# ਪਟਿਆਲਾ ਵਿੱਚ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਪ੍ਰਸ਼ਾਸਨ ਨਾਲ ਮੌਕੇ 'ਤੇ ਮੀਟਿੰਗ



ਪਟਿਆਲਾ, 30 ਅਪ੍ਰੈਲ

– ਪ੍ਰੈਸ ਕੀ ਤਾਕਤ ਬਿਊਰੋ –

ਪਟਿਆਲਾ ਸ਼ਹਿਰ ਵਿੱਚ ਪੰਜਾਬ ਟ੍ਰੇਡ ਕਮਿਸ਼ਨ ਦੇ ਜ਼ਿਲ੍ਹਾ ਚੇਅਰਮੈਨ ਐਡਵੋਕੇਟ ਵਿਨੋਦ ਕੁਮਾਰ ਸਿੰਗਲਾ ਅਤੇ ਪਟਿਆਲਾ ਹਲਕਾ ਦੇ ਚੇਅਰਮੈਨ ਪੁਨੀਤ ਬੁੱਧੀਰਾਜਾ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਸ ਦੌਰਾਨ ਕਿਲਾ ਚੌਕ, ਗੁੜ ਮੰਡੀ ਅਤੇ ਸਰਹੰਦੀ ਬਾਜ਼ਾਰ ਖੇਤਰਾਂ ਵਿੱਚ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਮੌਕੇ 'ਤੇ ਬੁਲਾ ਕੇ ਵਪਾਰੀਆਂ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ।

ਮੀਟਿੰਗ ਵਿੱਚ ਹਲਕਾ ਕਮਿਸ਼ਨ ਮੈਂਬਰ ਨਰੇਸ਼ ਵਰਮਾ ਅਤੇ ਇਸ਼ਟਪਾਲ ਸਿੰਘ ਵੀ ਮੌਜੂਦ ਰਹੇ। ਵਪਾਰੀਆਂ ਵੱਲੋਂ ਉਠਾਈਆਂ ਗਈਆਂ ਮੁੱਖ ਸਮੱਸਿਆਵਾਂ ਵਿੱਚ ਟ੍ਰੈਫਿਕ ਪ੍ਰਬੰਧਨ, ਸਫਾਈ, ਪਾਰਕਿੰਗ ਅਤੇ ਬੁਨਿਆਦੀ ਢਾਂਚੇ ਨਾਲ ਸੰਬੰਧਿਤ ਮਸਲੇ ਸ਼ਾਮਲ ਸਨ।

ਅਧਿਕਾਰੀਆਂ ਨੇ ਮੌਕੇ 'ਤੇ ਹੀ ਕਈ ਸਮੱਸਿਆਵਾਂ ਦਾ ਤੁਰੰਤ ਹੱਲ ਕੀਤਾ, ਜਦਕਿ ਕੁਝ ਮਸਲਿਆਂ ਦੇ ਜਲਦ ਨਿਪਟਾਰੇ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।

ਚੇਅਰਮੈਨਾਂ ਨੇ ਕਿਹਾ ਕਿ ਵਪਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਪ੍ਰਸ਼ਾਸਨ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਬਾਕੀ ਰਹਿੰਦੀਆਂ ਸਮੱਸਿਆਵਾਂ ਦਾ ਹੱਲ ਵੀ ਜਲਦ ਕੀਤਾ ਜਾਵੇਗਾ ਤਾਂ ਜੋ ਇਲਾਕੇ ਵਿੱਚ ਵਪਾਰਕ ਗਤੀਵਿਧੀਆਂ ਸੁਚਾਰੂ ਢੰਗ ਨਾਲ ਜਾਰੀ ਰਹਿ ਸਕਣ।

# ਪ੍ਰੀ-ਐਸ.ਆਈ.ਆਰ. ਮੈਪਿੰਗ ਚ ਹੋਰ ਤੇਜ਼ੀ ਲਿਆਂਦੀ ਜਾਵੇ: ਜ਼ਿਲ੍ਹਾ ਚੋਣ ਅਫ਼ਸਰ



ਜਲੰਧਰ, 30 ਅਪ੍ਰੈਲ

– ਪ੍ਰੈਸ ਕੀ ਤਾਕਤ ਬਿਊਰੋ –

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਅੱਜ ਪ੍ਰੀ-ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ) ਸਬੰਧੀ ਚੱਲ ਰਹੀ ਮੈਪਿੰਗ ਪ੍ਰਕਿਰਿਆ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਮੈਪਿੰਗ ਦੇ ਕੰਮ ਵਿਚ ਹੋਰ ਤੇਜ਼ੀ ਲਿਆਂਦੀ ਜਾਵੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰੀ ਐਸ.ਆਈ.ਆਰ. ਸਬੰਧੀ ਸ਼ੁਰੂ ਕੀਤੀ ਪ੍ਰਕਿਰਿਆ ਤਹਿਤ ਮੌਜੂਦਾ ਵੋਟਰ ਸੂਚੀ ਦੇ ਵੋਟਰਾਂ ਦਾ ਮਿਲਾਨ/ਮੈਪਿੰਗ 2003 ਦੀ ਵੋਟਰ ਸੂਚੀ ਨਾਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਜਲੰਧਰ ਜ਼ਿਲ੍ਹੇ ਦੇ ਕੁੱਲ 16,56,549 ਵੋਟਰ ਹਨ, ਜਿਸ ਵਿੱਚੋਂ 13,01,302 (ਕੁੱਲ (78.55 ਫੀਸਦੀ) ਵੋਟਰਾਂ ਦਾ ਮਿਲਾਨ ਬੀ.ਐਲ.ਓਜ਼ ਵੱਲੋਂ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ 9 ਵਿਧਾਨ ਸਭਾ ਹਲਕਿਆਂ ਵਿੱਚ ਆਦਮਪੁਰ ਵਿਖੇ 87.97 ਫੀਸਦੀ, ਕਰਤਾਰਪੁਰ ਵਿਖੇ 87.15 ਫੀਸਦੀ, ਫਿਲੌਰ 86.48 ਫੀਸਦੀ , ਸ਼ਾਹਕੋਟ 86.18 ਫੀਸਦੀ, ਨਕੋਦਰ 85.92, ਜਲੰਧਰ ਕੈਂਟ 75.53 ਫੀਸਦੀ, ਜਲੰਧਰ ਵੈਸਟ 66.90 ਫੀਸਦੀ, ਜਲੰਧਰ ਉੱਤਰੀ ਵਿਖੇ 65.30 ਫੀਸਦੀ ਅਤੇ ਵਿਧਾਨ ਸਭਾ ਹਲਕਾ ਜਲੰਧਰ ਸੈਂਟਰਲ ਵਿਖੇ 64.70 ਫੀਸਦੀ ਪ੍ਰੀ-ਐਸ.ਆਈ.ਆਰ ਮੈਪਿੰਗ (ਕੁੱਲ 78.55 ਫੀਸਦੀ) ਹੋ ਚੁੱਕੀ ਹੈ। ਸ਼੍ਰੀ ਵਾਲੀਆ ਨੇ ਈ.ਆਰ.ਓਜ਼ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਇਸ ਕਾਰਜ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇ ਅਤੇ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਨਾਲ ਲਗਾਤਾਰ ਰਾਬਤਾ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਬੀ.ਐਲ.ਓਜ਼ ਵੱਲੋਂ ਆਪਣੇ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ ਅਤੇ ਨਾਲ ਹੀ ਘਰ-ਘਰ ਜਾ ਕੇ 2003 ਦੀ ਵੋਟਰ ਸੂਚੀ ਨਾਲ ਮਿਲਾਨ/ਮੈਪਿੰਗ ਕਰਨ ਲਈ ਵੈਰੀਫਿਕੇਸ਼ਨ ਕੀਤੀ ਜਾ ਰਹੀ ਹੈ। ਉਨ੍ਹਾਂ ਈ.ਆਰ.ਓਜ਼ ਨੂੰ ਹਦਾਇਤ ਕੀਤੀ ਕਿ ਵੋਟਰਾਂ ਨੂੰ ਭਾਰਤ ਚੋਣ ਕਮਿਸ਼ਨ ਦੇ ਇਸ ਅਹਿਮ ਕਾਰਜ ਵਿੱਚ ਆਪਣਾ ਸਹਿਯੋਗ ਦੇਣ ਅਤੇ ਐਸ.ਆਈ.ਆਰ. ਦੌਰਾਨ ਬੀ.ਐਲ.ਓਜ਼ ਨੂੰ ਲੋੜੀਂਦੇ ਦਸਤਾਵੇਜ਼ ਮੁਹੱਈਆ ਕਰਵਾਉਣ ਲਈ ਜਾਗਰੂਕ ਕੀਤਾ ਜਾਵੇ।

# ਸਿਵਲ ਸਰਜਨ ਵੱਲੋਂ ਸਮੂਹ ਸੀਨੀਅਰ ਮੈਡੀਕਲ ਅਫਸਰਾਂ ਨਾਲ ਮੀਟਿੰਗ



**ਪਟਿਆਲਾ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਸਰਕਾਰੀ ਹਸਪਤਾਲਾਂ ਵਿੱਚ ਮਿਆਰੀ ਸਿਹਤ ਸਹੂਲਤਾਂ ਉਪਲਬਧ ਕਰਵਾਉਣ ਦਿੱਤੇ ਟੀਚੇ ਮਿੱਥੇ ਸਮੇਂ ਵਿੱਚ ਪੂਰੇ ਕਰਨ ਅਤੇ ਵੱਖ ਵੱਖ ਸਿਹਤ ਪ੍ਰੋਗਰਾਮਾਂ ਦੀਆਂ ਪ੍ਰਾਪਤੀਆਂ ਦਾ ਰੀਵਿਓ ਕਰਨ ਲਈ ਸਿਵਲ ਸਰਜਨ ਡਾ.ਸ਼ੈਲੀ ਜੇਤਲੀ ਵੱਲੋਂ ਦਫਤਰ ਸਿਵਲ ਸੂਰਜਨ ਦੇ ਸਮੂਹ ਸਿਹਤ ਪ੍ਰੋਗਰਾਮ ਅਫਸਰਾਂ ਅਤੇ ਬਲਾਕਾਂ ਤੇ ਸਬ ਡਵੀਜਨ ਹਸਪਤਾਲਾ ਦੇ ਸੀਨੀਅਰ ਮੈਡੀਕਲ ਅਫਸਰਾਂ ਦੀ ਮੀਟਿੰਗ ਕੀਤੀ। ਮੀਟਿੰਗ ਵਿੱਚ ਹਾਜ਼ਰ ਸਮੂਹ ਸੀਨੀਅਰ ਮੈਡੀਕਲ ਅਫਸਰਾਂ ਨੂੰ ਕਿਹਾ ਕਿ ਉਹ ਸਮੇਂ ਸਮੇਂ ਤੇ ਉਹਨਾਂ ਅਧੀਨ ਆਉਂਦੀਆਂ ਸਿਹਤ ਸੰਸਥਾਂਵਾ ਦੇ ਦੋਰੇ ਜਰੂਰ ਕਰਨ ਤਾਂ ਜੋ ਮਰੀਜ਼ਾਂ ਨੂੰ ਆਉਣ ਵਾਲੀਆਂ ਮੁਸ਼ਕਿਲਾ ਦਾ ਜਲਦ ਹੱਲ ਕੀਤਾ ਜਾ ਸਕੇ। ਸਿਹਤ ਸੰਸਥਾਂਵਾ ਦੀ ਸਾਫ ਸਫਾਈ, ਲੋੜੀਂਦੀਆਂ ਦਵਾਈਆਂ ਅਤੇ ਸਟਾਫ ਦਾ ਡਿਊਟੀ ਤੇਂ ਸਮੇਂ ਸਿਰ ਆਉਣਾ ਤੇ ਡਿਊਟੀ ਸਮੇਂ ਦੋਰਾਣ ਡਿਊਟੀ ਤੋਂ ਹਾਜਰੀ ਨੂੰ ਵੀ ਚੈਕ ਕੀਤਾ ਜਾਵੇ। ਇਸ ਮੀਟਿੰਗ ਦੋਰਾਨ ਸਮੂਹ ਸਿਹਤ ਪ੍ਰੋਗਰਾਮਾਂ ਜਿਵੇਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ, ਆਮ ਆਦਮੀ ਕਲੀਨਿਕਾਂ ਸਬੰਧੀ, ਟੀਕਾਕਰਨ ਪ੍ਰੋਗਰਾਮ, ਡੀ ਅਡਿਕਸ਼ਨ ਪ੍ਰੋਗਰਾਮ,ਰਾਸ਼ਟਰੀ ਤਪਦਿਕ ਕੰਟਰੋਲ ਪ੍ਰੋਗਰਾਮ, ਜੱਚਾ ਬੱਚਾ ਸਿਹਤ ਪ੍ਰੋਗਰਾਮ, ਮੁੱਖ ਮੰਤਰੀ ਕੈਂਸਰ ਰਾਹਤ ਕੋਸ਼ ਯੋਜਨ, ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਆਦਿ ਸਿਹਤ ਪ੍ਰੋਗਰਾਮਾ ਦੀ ਪ੍ਰਾਪਤੀਆਂ ਦਾ ਰੀਵਿਉ ਕਰਦੇ ਉਹਨਾਂ ਸਮੂਹ ਸੀਨੀਅਰ ਮੈਡੀਕਲ ਅਫਸਰਾਂ ਨੂੰ ਕਿਹਾ ਕਿ ਬਣਦੇ ਟੀਚੇ ਮਿਥੇ ਸਮੇਂ ਚ ਪੂਰੇ ਕਰਨੇ ਯਕੀਨੀ ਬਣਾਏ ਜਾਣ। ਸਿਵਲ ਸਰਜਨ ਡਾ.ਸ਼ੈਲੀ ਜੇਤਲੀ ਨੇ ਸਮੂਹ ਐਸ.ਐਮ.ਓ ਨੂੰ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਆਪਣੇ ਆਪਣੇ ਏਰੀਏ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਇਸ ਸਕੀਮ ਬਾਰੇ ਜਾਗਰੂਕ ਕੀਤਾ ਜਾਵੇ ਅਤੇ ਉਹਨਾਂ ਨੂੰ ਕਾਰਡ ਬਨਵਾਉਣ ਵਾਸਤੇ ਪ੍ਰੇਰਿਤ ਕੀਤਾ ਜਾਵੇ।

# ਡਾ. ਨਰੇਸ਼ ਗਰਗ ਬੱਚਿਆਂ ਨਾਲ ਹੋਏ ਰੂਬਰੂ



**ਪਟਿਆਲਾ, 30 ਅਪ੍ਰੈਲ**
**-ਰਾਕੇਸ਼ ਠਾਕੁਰ-**
**-ਪ੍ਰੈਸ ਕੀ ਤਾਕਤ ਬਿਊਰੋ-**
ਚਿਲਡਰਨ ਮੈਮੋਰੀਅਲ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਪਟਿਆਲਾ ਵਿਖੇ ਡਾ. ਨਰੇਸ਼ ਗਰਗ ਜੀ ਐਮਡੀ ਗਰਗ ਮਿਸ਼ਨ ਹਸਪਤਾਲ ਸਕੂਲ ਦੇ ਵਿਦਿਆਰਥੀਆਂ ਨਾਲ ਰੂਬਰੂ ਹੋਏ। ਸਭ ਤੋਂ ਪਹਿਲਾਂ ਸਕੂਲ ਦੇ ਚੇਅਰਮੈਨ ਅਤੁਲ ਮਲਹੋਤਰਾ ਜੀ ਸੈਕਟਰੀ ਸ. ਚਿਰਨਜੀਵ ਸਿੰਘ ਵਿਰਮਾਨੀ ਸਕੂਲ ਦੇ ਪ੍ਰਿੰਸੀਪਲ ਹਰਮਿੰਦਰ ਕੌਰ ਅਤੇ ਰਾਕੇਸ਼ ਠਾਕੁਰ ਰਾਸ਼ਟਰੀ ਜਯੋਤੀ ਕਲਾ ਮੰਚ ਜੀ ਨੇ ਬੁੱਕੇ ਦੇ ਕੇ ਉਹਨਾਂ ਦਾ ਸਵਾਗਤ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੀਆਂ ਵਿਦਿਆਰਥਣਾਂ ਨੇ ਰੰਗਾਂ ਰੰਗ ਪ੍ਰੋਗਰਾਮ ਪੇਸ਼ ਕਰ ਕੇ ਕੀਤੀ।ਇਸ ਤੋਂ ਬਾਅਦ ਡਾ. ਨਰੇਸ਼ ਗਰਗ ਜੀ ਨੇ ਬੱਚਿਆਂ ਨਾਲ ਆਪਣੇ ਮੌਲਿਕ ਵਿਚਾਰ ਸਾਂਝੇ ਕੀਤੇ। ਉਹਨਾਂ ਬੱਚਿਆਂ ਨੂੰ ਉਦਾਹਰਣਾਂ ਦੇ ਕੇ ਦੱਸਿਆ ਕਿ ਉਹ ਕਿਸ ਤਰ੍ਹਾਂ ਚੰਗੇ ਨਾਗਰਿਕ ਬਣ ਸਕਦੇ ਹਨ। ਉਹਨਾਂ ਨੇ ਆਪਣੀਆਂ ਵਿਦੇਸ਼ੀ ਯਾਤਰਾਵਾਂ ਬਾਰੇ ਚਰਚਾ ਕਰਦੇ ਹੋਏ ਉੱਥੋਂ ਦੇ ਚੰਗੇ ਕਲਚਰ ਬਾਰੇ ਦੱਸਿਆ ਕਿ ਕਿਵੇਂ ਉਹ ਲੋਕ ਦੂਸਰਿਆਂ ਦੀ ਮੱਦਦ ਲਈ ਤਿਆਰ ਰਹਿੰਦੇ ਹਨ।

ਉਹਨਾਂ ਬੱਚਿਆਂ ਨੂੰ ਦੱਸਿਆ ਕਿ ਤੁਸੀਂ ਕਿਸ ਤਰ੍ਹਾਂ ਇੱਕ ਚੰਗੇ ਸਮਾਜ ਦੀ ਸਿਰਜਣਾ ਕਰ ਸਕਦੇ ਹੋ। ਪ੍ਰੋਗਰਾਮ ਦੇ ਅਖੀਰ ਵਿਚ ਸਕੂਲ ਦੇ ਪ੍ਰਿੰਸੀਪਲ ਹਰਮਿੰਦਰ ਕੌਰ ਨੇ ਆਪਣੇ ਸ਼ਬਦਾਂ ਨਾਲ ਡਾ ਨਰੇਸ਼ ਗਰਗ ਜੀ ਦਾ ਧੰਨਵਾਦ ਕੀਤਾ।

# ਦੇਸ਼ ਭਰ ਦੇ ਮੰਦਰਾਂ ਵਿੱਚ ਸਨਾਤਨ ਧਰਮ ਦੇ ਗ੍ਰੰਥਾਂ ਰਾਹੀਂ ਹਿੰਦੂ ਧਰਮ ਬਾਰੇ ਜਾਗਰੂਕਤਾ ਫੈਲਾਉਣ ਲਈ ਲਗਾਤਾਰ ਯਤਨਸ਼ੀਲ



**ਪਟਿਆਲਾ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਸ਼ਿਵ ਸੈਨਾ ਹਿੰਦੁਸਤਾਨ ਦੀ ਧਾਰਮਿਕ ਸ਼ਾਖਾ ਸ੍ਰੀ ਰਾਮ ਹਨੂੰਮਾਨ ਸੇਵਾ ਦਲ ਪਿਛਲੇ 18 ਸਾਲਾਂ ਤੋਂ ਦੇਸ਼ ਭਰ ਵਿੱਚ ਸਨਾਤਨ ਹਿੰਦੂ ਧਰਮ ਦੇ ਪ੍ਰਸਾਰ ਦੇ ਕੰਮ ਵਿੱਚ ਲੱਗੀ ਹੋਈ ਹੈ। ਸ੍ਰੀ ਰਾਮ ਹਨੂੰਮਾਨ ਸੇਵਾ ਦਲ ਦੇਸ਼ ਭਰ ਦੇ ਮੰਦਰਾਂ ਵਿੱਚ ਸਨਾਤਨ ਧਰਮ ਦੇ ਗ੍ਰੰਥਾਂ ਰਾਹੀਂ ਹਿੰਦੂ ਧਰਮ ਬਾਰੇ ਜਾਗਰੂਕਤਾ ਫੈਲਾਉਣ ਲਈ ਲਗਾਤਾਰ ਯਤਨਸ਼ੀਲ ਹੈ।

ਹਰ ਮੰਗਲਵਾਰ, ਸ੍ਰੀ ਰਾਮ ਹਨੂੰਮਾਨ ਸੇਵਾ ਦਲ ਸੰਤਾਂ, ਮਹੰਤਾਂ, ਆਚਾਰੀਆ ਪੰਡਿਤਾਂ ਅਤੇ ਮਹਾਨ ਵਿਦਵਾਨਾਂ, ਮਹਾਂਮੰਡਲੇਸ਼ਵਰਾਂ ਰਾਹੀਂ ਦੇਸ਼ ਭਰ ਦੇ ਮੰਦਰਾਂ ਵਿੱਚ ਸ੍ਰੀ ਹਨੂੰਮਾਨ ਚਾਲੀਸਾ ਜੀ ਦੇ ਪਾਠ ਰਾਹੀਂ ਸਨਾਤਨ ਹਿੰਦੂ ਧਰਮ ਦੇ ਪ੍ਰਚਾਰ ਦੇ ਇਸ ਪਵਿੱਤਰ ਪ੍ਰੋਗਰਾਮ ਦਾ ਆਯੋਜਨ ਕਰਦਾ ਹੈ।

ਇਸ ਲੜੀ ਵਿੱਚ, ਪਿਛਲੇ 18 ਸਾਲਾਂ ਤੋਂ, ਸ੍ਰੀ ਰਾਮ ਹਨੂੰਮਾਨ ਸੇਵਾ ਦਲ ਹਰ ਮੰਗਲਵਾਰ ਸ਼ਾਮ 6:00 ਵਜੇ ਤੋਂ 9:00 ਵਜੇ ਤੱਕ ਉੱਤਰੀ ਭਾਰਤ ਦੇ ਇੱਕ ਪ੍ਰਸਿੱਧ ਸਨਾਤਨ ਹਿੰਦੂ ਤੀਰਥ ਸਥਾਨ, ਪਟਿਆਲਾ, ਪੰਜਾਬ ਵਿੱਚ ਸ੍ਰੀ ਕਾਲੀ ਮਾਤਾ ਮੰਦਿਰ ਵਿਖੇ ਸ੍ਰੀ ਹਨੂੰਮਾਨ ਚਾਲੀਸਾ ਦੇ ਪਾਠ ਦਾ ਆਯੋਜਨ ਕਰ ਰਿਹਾ ਹੈ। ਇਸ ਵਾਰ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਵਿਆਸ ਪੀਠ ਤੋਂ ਪੰਡਿਤ ਆਸ਼ੀਸ਼ ਭੱਟ ਜੀ ਨੇ ਮਰਿਯਾਦਾ ਪੁਰਸ਼ੋਤਮ ਸ਼੍ਰੀ ਰਾਮ ਜੀ ਦੇ ਪਰਮ ਭਗਤ ਭਗਵਾਨ ਸ਼੍ਰੀ ਹਨੂੰਮਾਨ ਜੀ ਦੀ ਸ਼ੁੱਧ ਭਗਤੀ ਦੀ ਕਥਾ ਰਾਹੀਂ ਆਮ ਜਨਤਾ ਨੂੰ ਸ਼ਰਧਾ ਨਾਲ ਵਿਸ਼ੇਸ਼ ਤੌਰ @ਤੇ ਮੋਹਿਤ ਕੀਤਾ। ਉਨ੍ਹਾਂ ਕਿਹਾ ਕਿ ਭਗਵਾਨ ਸਿਰਫ਼ ਸਤਯੁਗ ਅਤੇ ਤ੍ਰੇਤਾ ਯੁਗ ਵਿੱਚ ਹੀ ਪ੍ਰਗਟ ਨਹੀਂ ਹੋਏ ਸਨ, ਸਗੋਂ ਜੇਕਰ ਕੋਈ ਭਗਤ ਕਲਯੁਗ ਵਿੱਚ ਵੀ ਸੱਚੇ ਦਿਲ ਨਾਲ ਪੁਕਾਰਦਾ ਹੈ, ਤਾਂ ਭਗਵਾਨ ਉਸਦੀ ਪੁਕਾਰ ਸੁਣ ਕੇ ਤੁਰੰਤ ਪ੍ਰਗਟ ਹੁੰਦੇ ਹਨ, ਪਰ ਭਗਵਾਨ ਦਾ ਪ੍ਰਗਟ ਹੋਣਾ ਭਗਤ ਦੇ ਪੁਕਾਰ ਦੇ ਢੰਗ @ਤੇ ਨਿਰਭਰ ਕਰਦਾ ਹੈ।

ਭਗਵਾਨ ਆਪਣੇ ਭਗਤਾਂ ਦੇ ਦੁੱਖ ਦੂਰ ਕਰਨ ਲਈ ਇੱਕ ਪਲ ਵੀ ਦੇਰ ਨਹੀਂ ਕਰਦੇ, ਅਤੇ ਭਗਤ ਦਾ ਪੁਕਾਰ ਸੁਣ ਕੇ ਨੰਗੇ ਪੈਰੀਂ ਦੌੜਦੇ ਹਨ। ਪੰਡਿਤ ਆਸ਼ੀਸ਼ ਭੱਟ ਜੀ ਨੇ ਕਈ ਕਹਾਣੀਆਂ ਸੁਣਾਉਂਦੇ ਹੋਏ ਸ਼ਰਧਾਲੂਆਂ ਨੂੰ ਪ੍ਰੇਰਿਤ ਕੀਤਾ ਕਿ ਜਦੋਂ ਭਗਤ ਆਪਣੀ ਸ਼ਰਧਾ ਦੇ ਧਾਗੇ ਨੂੰ ਮਜ਼ਬੂਤੀ ਨਾਲ ਫੜੀ ਰੱਖਦੇ ਹਨ ਅਤੇ ਭਗਵਾਨ ਪ੍ਰਤੀ ਆਪਣੀ ਸ਼ਰਧਾ ਪ੍ਰਗਟ ਕਰਦੇ ਹਨ ਅਤੇ ਆਪਣੇ ਆਪ ਨੂੰ ਉਸ ਅੱਗੇ ਸਮਰਪਿਤ ਕਰ ਦਿੰਦੇ ਹਨ, ਤਾਂ ਭਗਵਾਨ ਭਗਤ ਨੂੰ ਕਦੇ ਵੀ ਕੋਈ ਨੁਕਸਾਨ ਨਹੀਂ ਹੋਣ ਦਿੰਦੇ। ਆਪਣੇ ਸੰਬੋਧਨ ਵਿੱਚ, ਪੰਡਿਤ ਆਸ਼ੀਸ਼ ਭੱਟ ਜੀ ਨੇ ਕਿਹਾ ਕਿ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦਾ ਹਰ ਵਲੰਟੀਅਰ ਸਨਾਤਨ ਧਰਮ ਨੂੰ ਵੱਡੇ ਪੱਧਰ @ਤੇ ਪ੍ਰਚਾਰਨ ਲਈ ਸਮਰਪਿਤ ਹੈ ਤਾਂ ਜੋ ਅਸੀਂ ਆਪਣੀ ਨੌਜਵਾਨ ਪੀੜ੍ਹੀ ਨੂੰ ਧਰਮ ਗ੍ਰੰਥਾਂ ਰਾਹੀਂ ਸਹੀ ਮਾਰਗਦਰਸ਼ਨ ਪ੍ਰਦਾਨ ਕਰ ਸਕੀਏ, ਤਾਂ ਜੋ ਸਾਡਾ ਦੇਸ਼, ਭਾਰਤ, ਵਿਸ਼ਵ ਗੁਰੂ ਬਣ ਸਕੇ।

ਉਨ੍ਹਾਂ ਨੇ ਸਾਰੇ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਪੂਰੀ ਸਮਰੱਥਾ ਨਾਲ ਸ਼੍ਰੀ ਹਨੂੰਮਾਨ ਚਾਲੀਸਾ ਦੇ ਮਹਾਨ ਯੱਗ ਵਿੱਚ ਯੋਗਦਾਨ ਪਾਉਣ, ਅਤੇ ਇੱਥੇ ਵੱਡੀ ਗਿਣਤੀ ਵਿੱਚ ਸਨਾਤਨ ਧਰਮ ਦੇ ਪੈਰੋਕਾਰਾਂ ਨੂੰ ਇੱਕਜੁੱਟ ਕਰਨ ਤਾਂ ਜੋ ਭਾਰਤ ਦੇ ਹਰ ਮੰਦਰ ਵਿੱਚ ਧਰਮ ਗ੍ਰੰਥਾਂ ਰਾਹੀਂ ਸਨਾਤਨ ਧਰਮ ਦਾ ਯੋਜਨਾਬੱਧ ਢੰਗ ਨਾਲ ਪ੍ਰਚਾਰ ਅਤੇ ਵਿਸਥਾਰ ਕੀਤਾ ਜਾ ਸਕੇ।

ਅੰਤ ਵਿੱਚ, ਸ਼ਰਧਾਲੂਆਂ ਤੋਂ ਸਨਾਤਨ ਧਰਮ ਬਾਰੇ ਸਵਾਲ ਪੁੱਛੇ ਗਏ, ਅਤੇ ਸਹੀ ਜਵਾਬ ਦੇਣ @ਤੇ, ਉਨ੍ਹਾਂ ਨੂੰ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਰਾਸ਼ਟਰੀ ਸੰਯੋਜਕ, ਸ਼੍ਰੀ ਪਵਨ ਗੁਪਤਾ ਨੇ ਦੇਵੀ ਭਗਵਤੀ ਮਾਤਾ ਦੀ ਚੁੰਨੀ ) ਭੇਟ ਕਰਕੇ ਸਨਮਾਨਿਤ ਕੀਤਾ।

ਅਗਲੇ ਮੰਗਲਵਾਰ ਲਈ, ਵਿਆਸ ਪੀਠ ਤੋਂ ਇਹ ਸਵਾਲ ਪੁੱਛਿਆ ਗਿਆ ਸੀ: ਰਾਜਾ ਜਨਕ ਦੇ ਦਰਬਾਰ ਵਿੱਚ ਮਾਂ ਗਾਰਗੀ ਦੁਆਰਾ ਪੇਸ਼ ਕੀਤੀ ਗਈ ਬਹਿਸ ਦੀ ਚੁਣੌਤੀ ਨੂੰ ਕਿਸ ਔਰਤ ਨੇ ਸਵੀਕਾਰ ਕੀਤਾ ਸੀ ? ਸਾਰੇ ਸ਼ਰਧਾਲੂਆਂ ਨੂੰ ਅਗਲੇ ਮੰਗਲਵਾਰ ਨੂੰ ਪੂਰਾ ਜਵਾਬ ਦੇਣਾ ਹੈ।

ਇਸ ਤੋਂ ਬਾਅਦ ਸ਼੍ਰੀ ਹਨੂੰਮਾਨ ਚਾਲੀਸਾ ਦਾ ਪਾਠ ਕੀਤਾ ਗਿਆ ਅਤੇ ਸ਼੍ਰੀ ਹਨੂੰਮਾਨ ਜੀ ਦੀ ਆਰਤੀ ਕਰਨ ਤੋਂ ਬਾਅਦ, ਸ਼੍ਰੀ ਹਨੂੰਮਾਨ ਜੀ ਨੂੰ ਪ੍ਰਸ਼ਾਦ ਭੇਟ ਕੀਤਾ ਗਿਆ ਅਤੇ ਫਿਰ ਸਾਰੇ ਸ਼ਰਧਾਲੂਆਂ ਵਿੱਚ ਪ੍ਰਸ਼ਾਦ ਵੰਡਿਆ ਗਿਆ। ਇਸ ਮੌਕੇ @ਤੇ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਸ਼੍ਰੀ ਹੇਮਰਾਜ ਗੋਇਲ ਪੰਜਾਬ ਚੇਅਰਮੈਨ, ਸੂਬਾ ਪ੍ਰਧਾਨ ਪੰਡਿਤ ਬਦਰੀ ਪ੍ਰਸਾਦ, ਡਾਕਟਰ ਸ਼੍ਰੀ ਚੰਦ ਸ਼ਰਮਾ ਸੂਬਾ ਜਨਰਲ ਸਕੱਤਰ ਪੰਜਾਬ, ਸਾਰੇ ਵਲੰਟੀਅਰ ਸ਼੍ਰੀ ਪੱਪੂ, ਸ਼੍ਰੀ ਗੁੱਡੂ, ਸ਼੍ਰੀ ਰਾਜਕੁਮਾਰ ਬਿੱਟੂ, ਰਾਮਖੇਲਾਵਨ, ਰਮੇਸ਼ ਕੰਬੋਜ, ਮਹਿਲਾ ਵਲੰਟੀਅਰਾਂ ਵਿੱਚੋਂ ਸ਼੍ਰੀਮਤੀ ਸੁਮਨ ਗੁਪਤਾ ਪੰਜਾਬ ਪ੍ਰਧਾਨ (ਮਹਿਲਾ ਸ਼ਾਖਾ), ਸ਼੍ਰੀਮਤੀ ਗੀਤਾ ਗੋਇਲ (ਰਾਜ ਜਨਰਲ ਸਕੱਤਰ ਪੰਜਾਬ), ਸ਼੍ਰੀਮਤੀ ਸੁਨੀਤਾ, ਸ਼੍ਰੀਮਤੀ ਵੀਰਤਾ, ਅਤੇ ਹੋਰ ਮਹਿਲਾ ਵਲੰਟੀਅਰ ਅਤੇ ਅਹੁਦੇਦਾਰ ਮੌਜੂਦ ਸਨ।

# ਕੈਂਸਰ ਰੋਗ ਦੇ ਮਾਹਿਰ ਡਾਕਟਰ ਸਈਅਦ ਤਨਵੀਰ ਹੁਸੈਨ ਨੇ ਇੰਗਲੈਂਡ ਵਿੱਚ ਚਮਕਾਇਆ ਮਾਲੇਰਕੋਟਲਾ ਦਾ ਨਾਮ




**ਮਲੇਰਕੋਟਲਾ, 30 ਅਪ੍ਰੈਲ**
**-ਰਾਜੇਸ਼ ਸ਼ਰਮਾ-**
**-ਪ੍ਰੈਸ ਕੀ ਤਾਕਤ ਬਿਊਰੋ-**
ਹੋਮਿਓਪੈਥੀ ਦੇ ਪਿਤਾਮਾ ਹੈਨੀ ਮੈਨ ਦਾ ਜਨਮ ਦਿਨ ਦੁਨੀਆ ਵਿੱਚ @ਵਿਸ਼ਵ ਹੋਮਿਓਪੈਥ ਦਿਵਸ@ ਦੇ ਤੌਰ ਤੇ ਮਨਾਇਆ ਜਾਂਦਾ ਹੈ। ਇਸ ਸਬੰਧ ਵਿੱਚ ਇੱਕ ਅੰਤਰਰਾਸ਼ਟਰੀ ਪੱਧਰ ਦੇ ਸੈਮੀਨਾਰ ਦਾ ਆਯੋਜਨ ਲੰਦਨ ਹੋਮਿਓਪੈਥਿਕ ਕਾਲਜ ਵੱਲੋਂ ਲੰਦਨ ਦੇ ਰੈਡੀਸਨ ਹੋਟਲ ਵਿੱਚ ਕੀਤਾ ਗਿਆ। ਜਿਸ ਵਿੱਚ ਦੁਨੀਆਂ ਭਰ ਦੇ ਵੱਖ-ਵੱਖ ਰੋਗਾਂ ਦੇ ਚੋਣਵੇਂ ਮਾਹਿਰ ਡਾਕਟਰਾਂ ਨੇ ਸ਼ਿਰਕਤ ਕੀਤੀ। ਇਹਨਾਂ ਚੋਣਵੇਂ ਡਾਕਟਰਾਂ ਵਿੱਚ ਮਲੇਰਕੋਟਲੇ ਦੇ ਜੰਮਪਲ, ਕੈਂਸਰ ਰੋਗ ਦੇ ਮਾਹਿਰ ਡਾਕਟਰ ਸਈਅਦ ਤਨਵੀਰ ਹੁਸੈਨ ਵੀ ਸ਼ਾਮਿਲ ਸਨ, ਜੋ ਕਿ ਮਾਲੇਰਕੋਟਲਾ ਦੇ ਲਈ ਬੜੇ ਮਾਣ ਦੀ ਗੱਲ ਹੈ। ਇਸ ਸੈਮੀਨਾਰ ਵਿੱਚ ਅਮਰੀਕਾ, ਇੰਗਲੈਂਡ, ਤੁਰਕੀਏ, ਪੋਲੈਂਡ, ਇੰਡੀਆ, ਬੁਲਗਾਰੀਆ ਤੋਂ ਇਲਾਵਾ ਹੋਰ ਵੀ ਕਈ ਦੇਸ਼ਾਂ ਦੇ ਡਾਕਟਰਾਂ ਨੇ ਆਪਣੇ ਤਜਰਬੇ ਸਾਂਝੇ ਕੀਤੇ। ਡਾਕਟਰ ਸਈਅਦ ਤਨਵੀਰ ਹੁਸੈਨ ਵੱਲੋਂ ਪੜ੍ਹੇ ਗਏ ਖੋਜ ਪੱਤਰ ਦੀ ਮੌਕੇ ਤੇ ਮੌਜੂਦ ਡਾਕਟਰਾਂ ਨੇ ਭਰਪੂਰ ਸ਼ਲਾਘਾ ਕੀਤੀ। ਸੈਮੀਨਾਰ ਦੌਰਾਨ ਆਯੋਜਕਾਂ ਵਲੋਂ ਡਾਕਟਰ ਹੁਸੈਨ ਨੂੰ ਸਨਮਾਨਿਤ ਕਰਕੇ, ਇਹਨਾਂ ਵੱਲੋਂ ਕੀਤੀ ਗਈ ਖੋਜ ਨੂੰ ਮਾਨਤਾ ਦਿੱਤੀ ਗਈ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਡਾਕਟਰ ਸਈਅਦ ਤਨਵੀਰ ਹੁਸੈਨ ਨੇ ਕਿਹਾ ਕਿ ਉਹਨਾਂ ਦੀ ਖੋਜ ਕੈਂਸਰ ਦੀ ਚੌਥੀ ਸਟੇਜ ਦੇ ਮਰੀਜ਼ਾਂ ਦੀ ਜ਼ਿੰਦਗੀ ਤੇ ਕੇਂਦਰਿਤ ਸੀ। ਇਸ ਮਰੀਜ਼ ਨੂੰ ਛੇ ਮਹੀਨੇ ਹੋਮਿਓਪੈਥਿਕ ਮੈਡੀਸਨ ਦੇਣ ਤੋਂ ਬਾਅਦ ਉਸਦੀ ਜ਼ਿੰਦਗੀ ਵਿੱਚ ਹੈਰਾਨਕੁਨ ਸੁਧਾਰ ਵੇਖਣ ਨੂੰ ਮਿਲਿਆ। ਉਸ ਦੀ ਜਿੰਦਗੀ ਦੋ ਸੌ ਪ੍ਰਤੀਸ਼ਤ ਤੱਕ ਠੀਕ ਹੋ ਗਈ। ਇਸ ਸੈਮੀਨਾਰ ਤੋਂ ਬਾਅਦ ਲੰਦਨ ਦੇ ਕਾਲਜ ਆਫ ਹੋਮਿਓਪੈਥਿਕ ਦੀ ਕਨਵੋਕੇਸ਼ਨ ਦਾ ਆਯੋਜਨ ਹਾਊਸ ਆਫ ਲਾਰਡਜ਼ (ਬ੍ਰਿਟਿਸ਼ ਪਾਰਲੀਮੈਂਟ) ਵਿੱਚ ਕੀਤਾ ਗਿਆ। ਜਿਸ ਵਿੱਚ ਇੰਗਲੈਂਡ ਦੀਆਂ ਪ੍ਰਭਾਵਸ਼ਾਲੀ ਹਸਤੀਆਂ ਨੇ ਸ਼ਿਰਕਤ ਕੀਤੀ।

# ਜਿਲ੍ਹਾ ਪਟਿਆਲਾ ਦੀਆਂ ਮੰਡੀਆਂ 'ਚ ਹਾੜੀ ਸੀਜ਼ਨ ਦੌਰਾਨ ਪੁਖਤਾ ਪ੍ਰਬੰਧ



**ਪਟਿਆਲਾ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਜਿਲ੍ਹਾ ਮੰਡੀ ਅਫਸਰ ਪਟਿਆਲਾ ਜਨਾਬ ਅਸਲਮ ਮੁਹੰਮਦ ਵੱਲੋਂ ਮੀਂਹ ਅਤੇ ਹਨੇਰੀ ਨੂੰ ਧਿਆਨ ਵਿੱਚ ਰੱਖਦੇ ਹੋਏ ਜਿਲ੍ਹਾ ਪਟਿਆਲਾ ਅਧੀਨ ਆਉਣ ਵਾਲੀਆਂ ਮੰਡੀਆਂ ਦਾ ਵਿਸਤ੍ਰਿਤ ਜਾਇਜ਼ਾ ਲਿਆ ਗਿਆ। ਉਨ੍ਹਾਂ ਨੇ ਦੱਸਿਆ ਕਿ ਮੰਡੀਆਂ ਵਿੱਚ ਪਈ ਕਣਕ ਦੀ ਸੁਰੱਖਿਆ ਲਈ ਤਰਪਾਲਾਂ ਅਤੇ ਕਰੇਟਾਂ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਕਿਸਾਨਾਂ ਦੀ ਫਸਲ ਨੂੰ ਮੌਸਮੀ ਪ੍ਰਭਾਵਾਂ ਤੋਂ ਬਚਾਇਆ ਜਾ ਸਕੇ।

ਉਨ੍ਹਾਂ ਵੱਲੋਂ ਸਮੂਹ ਸਕੱਤਰ ਮਾਰਕਿਟ ਕਮੇਟੀਆਂ ਨੂੰ ਹਦਾਇਤ ਕੀਤੀ ਗਈ ਕਿ ਮੌਸਮ ਦੀ ਖਰਾਬੀ ਨੂੰ ਧਿਆਨ ਵਿੱਚ ਰੱਖਦੇ ਹੋਏ ਆੜ੍ਹਤੀਆਂ ਕੋਲੋਂ ਸਾਰੇ ਜ਼ਰੂਰੀ ਪ੍ਰਬੰਧ ਯਕੀਨੀ ਬਣਾਏ ਜਾਣ। ਇਸ ਸਬੰਧੀ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਜਿਲ੍ਹਾ ਮੰਡੀ ਅਫਸਰ ਨੇ ਦੱਸਿਆ ਕਿ ਮਾਣਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਜੀ ਅਤੇ ਚੇਅਰਮੈਨ ਪੰਜਾਬ ਮੰਡੀ ਬੋਰਡ ਸ. ਹਰਚੰਦ ਸਿੰਘ ਬਰਸਟ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਾੜੀ ਸੀਜ਼ਨ 2026 ਲਈ ਪਹਿਲਾਂ ਹੀ ਸਾਰੇ ਪੁਖਤਾ ਪ੍ਰਬੰਧ ਕੀਤੇ ਜਾ ਚੁੱਕੇ ਹਨ, ਜਿਵੇਂ ਕਿ ਪੀਣ ਵਾਲਾ ਸਾਫ ਪਾਣੀ, ਛਾਂ ਅਤੇ ਬਿਜਲੀ ਦੀ ਸੁਵਿਧਾ।

ਉਨ੍ਹਾਂ ਕਿਹਾ ਕਿ ਹਾੜੀ ਸੀਜ਼ਨ ਸੁਚਾਰੂ ਢੰਗ ਨਾਲ ਚੱਲ ਰਿਹਾ ਹੈ ਅਤੇ ਕਿਸਾਨਾਂ ਦੀ ਫਸਲ ਦਾ ਇਕ-ਇਕ ਦਾਣਾ ਸਰਕਾਰ ਵੱਲੋਂ ਖਰੀਦਿਆ ਜਾ ਰਿਹਾ ਹੈ। ਕਿਸਾਨਾਂ ਨੂੰ ਖਰੀਦ ਸਬੰਧੀ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾ ਰਹੀ।

ਉਨ੍ਹਾਂ ਅੱਗੇ ਦੱਸਿਆ ਕਿ ਜਿਲ੍ਹਾ ਪਟਿਆਲਾ ਵਿੱਚ ਕੁੱਲ 104 ਰੈਗੂਲਰ ਮੰਡੀਆਂ ਅਤੇ 163 ਅਸਥਾਈ ਖਰੀਦ ਕੇਂਦਰ ਸਥਾਪਿਤ ਕੀਤੇ ਗਏ ਹਨ। ਹੁਣ ਤੱਕ ਜਿਲ੍ਹੇ ਦੀਆਂ ਮੰਡੀਆਂ ਵਿੱਚ 8,35,151 ਟਨ ਕਣਕ ਦੀ ਖਰੀਦ ਮੁਕੰਮਲ ਕੀਤੀ ਜਾ ਚੁੱਕੀ ਹੈ ਅਤੇ ਕਿਸਾਨਾਂ ਦੇ ਖਾਤਿਆਂ ਵਿੱਚ ਭੁਗਤਾਨ ਵੀ ਸਮੇਂ ਸਿਰ ਕੀਤਾ ਜਾ ਰਿਹਾ ਹੈ।

# ਪਟਿਆਲਾ ਵਿੱਚ ਗੰਨਾ ਕਿਸਾਨਾਂ ਨੂੰ ਯੂਰੀਆ ਦੀ ਸਹੀ ਵਰਤੋਂ ਲਈ ਜਾਗਰੂਕ ਕੀਤਾ ਗਿਆ




**ਪਟਿਆਲਾ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਦੇ ਸਹਾਇਕ ਗੰਨਾ ਵਿਕਾਸ ਅਫਸਰ, ਪਟਿਆਲਾ ਅਤੇ ਨਾਹਰ ਖੰਡ ਮਿੱਲ, ਅਮਲੋਹ ਦੇ ਫੀਲਡ ਸਟਾਫ ਵੱਲੋਂ 24 ਅਪ੍ਰੈਲ ਨੂੰ ਨਾਹਰ ਖੰਡ ਮਿੱਲ, ਅਮਲੋਹ ਦੇ ਗੇਟ ਏਰੀਏ ਦੇ ਪਿੰਡਾਂ ਵਿੱਚ ਸੰਤੁਲਿਤ ਖਾਦਾਂ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੁਹਿੰਮ ਦੀ ਸ਼ੁਰੂਆਤ ਅਰਸ਼ਦੀਪ ਸਿੰਘ ਥਿੰਦ, ਪ੍ਰਬੰਧਕੀ ਸਕੱਤਰ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ ਦੀਆਂ ਹਦਾਇਤਾਂ ਅਤੇ ਡਾ. ਅਮਰੀਕ ਸਿੰਘ, ਕੇਨ ਕਮਿਸ਼ਨਰ, ਪੰਜਾਬ, ਐਸ.ਏ.ਐਸ. ਨਗਰ ਦੇ ਨਿਰਦੇਸ਼ਾਂ ਅਨੁਸਾਰ ਕੀਤੀ ਗਈ।ਇਸ ਮੁਹਿੰਮ ਤਹਿਤ 28 ਪਿੰਡਾਂ ਵਿੱਚ ਕਿਸਾਨ ਸਿਖਲਾਈ ਕੈਂਪ ਅਤੇ ਨੁੱਕੜ ਮੀਟਿੰਗਾਂ ਕਰਵਾਈਆਂ ਗਈਆਂ, ਜਿੱਥੇ ਗੰਨਾ ਕਾਸ਼ਤਕਾਰਾਂ ਨੂੰ ਖਾਸ ਕਰਕੇ ਯੂਰੀਆ ਖਾਦ ਦੀ ਵਰਤੋਂ ਸਿਫਾਰਸ਼ਾਂ ਅਨੁਸਾਰ ਕਰਨ ਲਈ ਜਾਗਰੂਕ ਕੀਤਾ ਗਿਆ।

ਡਾ. ਗੌਰਵ ਅਰੋੜਾ, ਸਹਾਇਕ ਗੰਨਾ ਵਿਕਾਸ ਅਫਸਰ, ਪਟਿਆਲਾ ਵੱਲੋਂ ਦੱਸਿਆ ਗਿਆ ਕਿ ਗੰਨੇ ਦੀ ਫ਼ਸਲ ਲੰਮੇ ਸਮੇਂ ਦੀ ਹੋਣ ਕਰਕੇ ਇਸਨੂੰ ਹੋਰ ਫ਼ਸਲਾਂ ਨਾਲੋਂ ਵੱਧ ਖੁਰਾਕੀ ਤੱਤਾਂ ਦੀ ਲੋੜ ਹੁੰਦੀ ਹੈ, ਪਰੰਤੂ ਵੱਧ ਖਾਦਾਂ ਦੀ ਵਰਤੋਂ ਨਾਲ ਕਈ ਸਮੱਸਿਆਵਾਂ ਪੈਦਾ ਹੁੰਦੀਆਂ ਹਨ। ਉਨ੍ਹਾਂ ਦੱਸਿਆ ਕਿ ਵੱਧ ਯੂਰੀਆ ਦੇ ਇਸਤੇਮਾਲ ਨਾਲ ਫ਼ਸਲ ਡਿੱਗਣ, ਕੀੜਿਆਂ ਦੇ ਹਮਲੇ ਅਤੇ ਖੰਡ ਦੀ ਰਿਕਵਰੀ 'ਤੇ ਨਕਾਰਾਤਮਕ ਅਸਰ ਪੈਂਦਾ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਕਈ ਵਾਰ ਸਤੰਬਰ ਮਹੀਨੇ ਵਿੱਚ ਵੀ ਯੂਰੀਆ ਪਾਇਆ ਜਾਂਦਾ ਹੈ, ਜੋ ਕਿ ਗਲਤ ਪ੍ਰਥਾ ਹੈ, ਕਿਉਂਕਿ ਇਸ ਨਾਲ ਨਵੀਂ ਫੁੱਟ ਨਿਕਲਦੀ ਹੈ ਜੋ ਗੰਨਿਆਂ ਵਿੱਚ ਤਬਦੀਲ ਨਹੀਂ ਹੁੰਦੀ ਅਤੇ ਪਹਿਲਾਂ ਬਣੇ ਗੰਨਿਆਂ ਦਾ ਭਾਰ ਘਟਾਉਂਦੀ ਹੈ।

ਮਾਹਿਰਾਂ ਵੱਲੋਂ ਸਿਫਾਰਸ਼ ਕੀਤੀ ਗਈ ਕਿ ਪਤਝੜ ਰੁੱਤ ਦੀ ਫ਼ਸਲ ਲਈ 195 ਕਿਲੋ ਯੂਰੀਆ ਤਿੰਨ ਬਰਾਬਰ ਕਿਸ਼ਤਾਂ ਵਿੱਚ ਪਾਈ ਜਾਵੇ—ਪਹਿਲੀ ਬਿਜਾਈ ਸਮੇਂ, ਦੂਜੀ ਮਾਰਚ ਦੇ ਅਖੀਰ ਵਿੱਚ ਅਤੇ ਤੀਜੀ ਅਪ੍ਰੈਲ ਦੇ ਅੰਤ ਵਿੱਚ। ਬਹਾਰ ਰੁੱਤ ਦੀ ਫ਼ਸਲ ਲਈ ਵੀ ਯੂਰੀਆ ਦੀ ਮਾਤਰਾ ਅਤੇ ਸਮਾਂ ਨਿਰਧਾਰਤ ਕੀਤਾ ਗਿਆ ਹੈ।

ਡਾ. ਪਰਮਜੀਤ ਕੌਰ, ਖੇਤੀਬਾੜੀ ਵਿਕਾਸ ਅਫਸਰ (ਗੰਨਾ), ਪਟਿਆਲਾ ਵੱਲੋਂ ਦੱਸਿਆ ਗਿਆ ਕਿ ਮਿੱਟੀ ਪਰਖ ਦੇ ਆਧਾਰ 'ਤੇ ਹੀ ਫਾਸਫੋਰਸ ਅਤੇ ਪੋਟਾਸ਼ ਖਾਦਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਜੇਕਰ ਫਾਸਫੋਰਸ ਦੀ ਘਾਟ ਹੋਵੇ ਤਾਂ 75 ਕਿਲੋ ਸਿੰਗਲ ਸੁਪਰਫਾਸਫੇਟ ਪ੍ਰਤੀ ਏਕੜ ਪਾਉਣ ਦੀ ਸਿਫਾਰਸ਼ ਕੀਤੀ ਜਾਂਦੀ ਹੈ।ਉਨ੍ਹਾਂ ਕਿਸਾਨਾਂ ਨੂੰ ਇਹ ਵੀ ਜਾਣਕਾਰੀ ਦਿੱਤੀ ਕਿ ਵੱਧ ਖਾਦਾਂ ਦੀ ਵਰਤੋਂ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਘਟਦੀ ਹੈ ਅਤੇ ਨਾਈਟ੍ਰੋਜ਼ਨ ਜ਼ਮੀਨੀ ਪਾਣੀ ਵਿੱਚ ਮਿਲ ਕੇ ਪਾਣੀ ਨੂੰ ਪ੍ਰਦੂਸ਼ਿਤ ਕਰਦਾ ਹੈ।

ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਝੋਨੇ ਦੀ ਪਰਾਲੀ ਨੂੰ ਸਾੜਨ ਦੀ ਬਜਾਏ ਖੇਤਾਂ ਵਿੱਚ ਹੀ ਸੰਭਾਲ ਕੇ ਰੱਖਿਆ ਜਾਵੇ, ਤਾਂ ਜੋ ਮਿੱਟੀ ਦੀ ਸਿਹਤ ਬਰਕਰਾਰ ਰਹੇ।ਖੇਤੀਬਾੜੀ ਵਿਭਾਗ ਵੱਲੋਂ ਇਹ ਜਾਗਰੂਕਤਾ ਮੁਹਿੰਮ ਅੱਗੇ ਵੀ ਜਾਰੀ ਰਹੇਗੀ।

# ਨਹਿਰੀ ਪਾਣੀ ਪਾਇਪਲਾਈਨ ਕੰਮ ਤੇਜ਼ ਕਰਨ ਦੀ ਹਦਾਇਤ : ਡੀ ਸੀ



**ਪਟਿਆਲਾ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਪਟਿਆਲਾ ਸ਼ਹਿਰ @ਚ 24/7 ਨਹਿਰੀ ਪਾਣੀ ਦੀ ਸਪਲਾਈ ਲਈ ਪਾਇਪਲਾਈਨ ਪਾਉਣ ਦੇ ਚੱਲ ਰਹੇ ਕੰਮ ਦੌਰਾਨ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ ਹਿਮਾਂਸ਼ੂ ਅਗਰਵਾਲ ਨੇ ਅੱਜ ਪਟਿਆਲਾ ਵਿਖੇ ਨਹਿਰੀ ਪਾਣੀ @ਤੇ ਅਧਾਰਤ 565.52 ਕਰੋੜ ਰੁਪਏ ਦੇ ਪ੍ਰਾਜੈਕਟ ਦੀ ਪ੍ਰਗਤੀ ਦਾ ਜਾਇਜ਼ਾ ਲਿਆ । ਓਹਨਾ ਭਾਦਸੋਂ ਚੁੰਗੀ ਤ੍ਰਿਪੜੀ ਏਰੀਆ , ਵਾਈ ਪੀ ਐਸ ਵਿਖੇ ਚਲ ਰਹੇ ਕਮ ਦੀ ਵੀ ਸਮੀਖਿਆ ਕਰਦਿਆਂ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਦਿਨ-ਰਾਤ ਕਰਕੇ ਸਾਰੇ ਕੰਮ ਜਲਦੀ ਮੁਕੰਮਲ ਕੀਤੇ ਜਾਣ। ਇਸ ਮੌਕੇ ਉਨ੍ਹਾਂ ਦੇ ਨਾਲ ਨਗਰ ਨਿਗਮ ਸੰਯੁਕਤ ਕਮਿਸ਼ਨਰ ਮੈਡਮ ਸੋਨਮ ਅਤੇ ਪੰਜਾਬ ਵਿਕਾਸ ਕਮਿਸ਼ਨ ਦੀ ਟੀਮ ਦੇ ਮੈਂਬਰ ਵੀ ਮੌਜੂਦ ਸਨ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਲੋਕ ਨਿਰਮਾਣ ਵਿਭਾਗ, ਨਗਰ ਨਿਗਮ ਤੇ ਐਲ ਐਂਡ ਟੀ ਕੰਪਨੀ ਅਤੇ ਜਲ ਸਪਲਾਈ ਵਿਭਾਗ ਨੂੰ ਹਦਾਇਤ ਕੀਤੀ ਹੈ ਕਿ ਭਾਦਸੋਂ ਰੋਡ , ਤ੍ਰਿਪੜੀ ਅਤੇ ਵਾਈ ਪੀ ਐਸ @ ਤੇ ਪਾਇਪ ਲਾਈਨ ਦਾ ਕੰਮ ਹੋਣ ਕਾਰਨ ਅਜਿਹੇ ਪ੍ਰਬੰਧ ਕੀਤੇ ਜਾਣ ਤਾਂ ਕਿ ਵਾਹਨ ਚਾਲਕਾਂ ਨੂੰ ਕੋਈ ਮੁਸ਼ਕਿਲ ਨਾ ਆਉਣ ਦਿੱਤੀ ਜਾਵੇ।ਡੀ ਸੀ ਨੇ ਕਿਹਾ ਕਿ 24 ਘੰਟੇ ਨਹਿਰੀ ਪਾਣੀ ਦੀ ਪਾਇਪਲਾਈਨ ਪਾਉਣ ਲਈ ਪੁੱਟੀ ਜਾਣ ਵਾਲੀ ਸੜਕ ਕਰਕੇ ਆਵਾਜਾਈ ਪ੍ਰਭਾਵਤ ਹੋਣ ਤੋਂ ਬਚਾਅ ਲਈ ਉਚੇਚੇ ਪ੍ਰਬੰਧ ਕੀਤੇ ਜਾਣੇ ਯਕੀਨੀ ਬਣਾਏ ਜਾਣ ਦੀ ਵੀ ਹਦਾਇਤ ਕੀਤੀ ਗਈ ਹੈ ਤਾਂ ਕਿ ਸੜਕ ਪੁੱਟਣ ਤੋਂ ਬਾਅਦ ਪਾਇਪਲਾਈਨ ਪਾਉਣ ਦੇ ਬਾਅਦ ਸੜਕ ਨੂੰ ਤੁਰੰਤ ਚੱਲਣਯੋਗ ਬਣਾਇਆ ਜਾਵੇ ਤਾਂ ਕਿ ਆਵਾਜਾਈ ਪ੍ਰਭਾਵਤ ਨਾ ਹੋਵੇ।

ਇਸ ਕੰਮ ਬਾਰੇ ਹੋਰ ਵਧੇਰੇ ਜਾਣਕਾਰੀ ਦਿੰਦਿਆਂ ਪੰਜਾਬ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਕਾਰਜਕਾਰੀ ਇੰਜੀਨੀਅਰ ਵਿਕਾਸ ਧਵਨ ਨੇ ਦੱਸਿਆ ਕਿ ਸ਼ਹਿਰ ਵਿੱਚ ਪਾਈਪਲਾਈਨ ਪਾਏ ਜਾਣ ਦਾ ਕੰਮ ਬਹੁਤ ਤੇਜੀ ਨਾਲ ਮੁਕੰਮਲ ਕੀਤਾ ਜਾ ਰਿਹਾ ਹੈ ਅਤੇ ਸੜਕਾਂ ਪੁੱਟੀਆਂ ਹੋਣ ਕਰਕੇ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਲਈ ਉਹ ਲੋਕਾਂ ਦੀ ਪ੍ਰੇਸ਼ਾਨੀ ਸਮਝ ਰਹੇ ਹਨ ਪਰੰਤੂ ਪਾਣੀ ਦੀ ਪਾਈਪਲਾਈਨ ਪਾਉਣ ਲਈ ਪੁੱਟੀਆਂ ਸੜਕਾਂ ਨੂੰ ਨਾਲੋ-ਨਾਲ ਠੀਕ ਵੀ ਕੀਤਾ ਜਾ ਰਿਹਾ ਹੈ।

ਇਸ ਮੌਕੇ ਮੈਂਬਰ ਪੀ ਡੀ ਸੀ ਵੈਭਵ ਮਹੇਸ਼ਵਰੀ , ਐਲ ਐਂਡ ਟੀ ਦੇ ਨੁਮਾਇੰਦੇ ਪੰਕਜ ਗਿਰੀ , ਐਸ ਡੀ ਓ ਸੀਵਰੇਜ ਬੋਰਡ ਹਨਿਸ਼ ਮਿੱਤਲ , ਐਸ ਡੀ ਓ ਮਯੰਕ ਕਾਂਸਲ, ਐਕਸੀਅਨ ਐਮ ਸੀ ਪੀ ਕੁਲਜਿੰਦਰ ਸਿੰਘ ਮੌਜੂਦ ਸਨ।

# ਭੋਜਨ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਮਿਲਾਵਟ ਨੂੰ ਰੋਕਣ ਲਈ ਮੁਹਿੰਮ



**ਪਟਿਆਲਾ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਆਮ ਲੋਕਾਂ ਲਈ ਭੋਜਨ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਮਿਲਾਵਟ ਨੂੰ ਰੋਕਣ ਲਈ ਮੁਹਿੰਮ ਨੂੰ ਅੱਗੇ ਵਧਾਉਂਦਿਆਂ ਪਟਿਆਲਾ ਫੂਡ ਸੇਫਟੀ ਵਿਭਾਗ ਦੀ ਟੀਮ ਨੇ ਦੋ ਦਿਨਾਂ ਵਿੱਚ ਭੋਜਨ ਪਦਾਰਥਾਂ ਦੇ 10 ਸੈਂਪਲ ਭਰੇ ਹਨ।

ਜ਼ਿਲ੍ਹਾ ਫੂਡ ਸੇਫਟੀ ਅਫਸਰ ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਐ.ਡੀ.ਏ. ਕਮਿਸ਼ਨਰ ਕਵਲਪ੍ਰੀਤ ਬਰਾੜ ਕੌਰ ਦੀ ਅਗਵਾਈ ਹੇਠ ਫੂਡ ਸੇਫਟੀ ਵਿਭਾਗ ਜ਼ਿਲ੍ਹਾ ਪਟਿਆਲਾ, ਜਿਸ ਵਿੱਚ ਡੀ.ਐਚ.ਓ. ਡਾ. ਗੁਰਪ੍ਰੀਤ ਕੌਰ ਅਤੇ ਫੂਡ ਸੇਫਟੀ ਅਫਸਰ ਤਰੁਣ ਬਾਂਸਲ, ਗੋਰਵ ਕੁਮਾਰ ਅਤੇ ਲਵਪ੍ਰੀਤ ਸਿੰਘ ਸ਼ਾਮਲ ਸਨ, ਨੇ 28 ਅਤੇ 29 ਅਪ੍ਰੈਲ ਨੂੰ ਭੋਜਨ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਮਿਲਾਵਟ ਨੂੰ ਰੋਕਣ ਲਈ ਚੱਲ ਰਹੀ ਮੁਹਿੰਮ ਦੇ ਹਿੱਸੇ ਵਜੋਂ ਇਨਫੋਰਸਮੈਂਟ ਅਤੇ ਨਿਗਰਾਨੀ ਗਤੀਵਿਧੀਆਂ ਕੀਤੀਆਂ।

ਡਾ ਗੁਰਪ੍ਰੀਤ ਕੌਰ ਨੇ ਦੱਸਿਆ ਕਿ ਮਿਤੀ 28 ਅਪ੍ਰੈਲ ਨੂੰ ਸਮਾਣਾ ਤੋਂ ਕੁੱਲ ਪੰਜ ਇਨਫੋਰਸਮੈਂਟ ਨਮੂਨੇ ਇਕੱਠੇ ਕੀਤੇ ਗਏ, ਜਿਸ ਵਿੱਚ ਸੋਡਾ 3 ਨਮੂਨੇ, ਵਰਤਿਆ ਹੋਇਆ ਖਾਣਾ ਪਕਾਉਣ ਵਾਲਾ ਤੇਲ 1 ਨਮੂਨਾ ਅਤੇ ਨਮਕੀਨ ਦਾ 1 ਨਮੂਨਾ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਮਿਤੀ 29 ਅਪ੍ਰੈਲ ਨੂੰ ਨਾਭਾ ਅਤੇ ਪਟਿਆਲਾ ਤਹਿਸੀਲ ਤੋਂ ਕੁੱਲ ਪੰਜ ਨਮੂਨੇ ਇਕੱਠੇ ਕੀਤੇ ਗਏ ਜਿਨ੍ਹਾਂ ਵਿੱਚ ਸ਼ਾਮਲ ਹਨ ਸਰ੍ਹੋਂ ਦੇ ਤੇਲ ਦੇ 4 ਨਮੂਨੇ, ਮਿਲਾਵਟ ਸਬੰਧੀ 1 ਨਮੂਨੇ ਸਮੇਤ
ਨਿਰੀਖਣ ਦੌਰਾਨ, ਮਿਲਾਵਟ ਦੇ ਸ਼ੱਕ @ਤੇ ਲਗਭਗ 1000 ਕਿਲੋਗ੍ਰਾਮ ਸਰ੍ਹੋਂ ਦਾ ਤੇਲ ਵੀ ਜ਼ਬਤ ਕੀਤਾ ਗਿਆ ਹੈ।

ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਵਿਭਾਗ ਜਨਤਕ ਸਿਹਤ ਦੀ ਰੱਖਿਆ ਅਤੇ ਸੁਰੱਖਿਅਤ ਅਤੇ ਪੌਸ਼ਟਿਕ ਭੋਜਨ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।

# ਰਾਹੁਲ ਗਾਂਧੀ ਵੱਲੋਂ ਪੱਛੜੀਆਂ ਸ਼੍ਰੇਣੀਆਂ ਨੂੰ ਆਬਾਦੀ ਦੇ ਆਧਾਰ ਤੇ ਸਿਆਸੀ ਨੁਮਾਇੰਦਗੀ ਦੇਣ ਦਾ ਫੈਸਲਾ ਸ਼ੁਭ ਸ਼ਗਨ : ਬਾਵਾ, ਦਾਖਾ



**ਲੁਧਿਆਣਾ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਸਵ. ਗਿਆਨੀ ਜੈਲ ਸਿੰਘ ਸਾਬਕਾ ਰਾਸ਼ਟਰਪਤੀ ਭਾਰਤ ਸਰਕਾਰ ਅਤੇ ਸਾਬਕਾ ਮੁੱਖ ਮੰਤਰੀ ਪੰਜਾਬ ਦੇ ਜਨਮਦਿਨ ਤੇ ਓ.ਬੀ.ਸੀ/ ਬੀ.ਸੀ/ ਐਸ.ਸੀ ਵੱਲੋਂ ਵਿਸ਼ਾਲ ਸਮਾਗਮ ਦਾ ਆਯੋਜਨ 5 ਮਈ ਨੂੰ ਗੁਰੂ ਨਾਨਕ ਭਵਨ ਲੁਧਿਆਣਾ ਵਿਖੇ ਹੋਵੇਗਾ। ਇਹ ਜਾਣਕਾਰੀ ਕੁੱਲ ਹਿੰਦ ਕਾਂਗਰਸ ਓ.ਬੀ.ਸੀ ਵਿਭਾਗ ਦੇ ਵਾਈਸ ਪ੍ਰਧਾਨ ਇੰਦਰਜੀਤ ਬੱਬੂ ਅਤੇ ਕੁੱਲ ਹਿੰਦ ਕਾਂਗਰਸ ਦੇ ਓ.ਬੀ.ਸੀ ਦੇ ਕੋਆਰਡੀਨੇਟਰ ਕ੍ਰਿਸ਼ਨ ਕੁਮਾਰ ਬਾਵਾ ਇੰਚਾਰਜ ਹਿਮਾਚਲ ਪ੍ਰਦੇਸ਼ ਨੇ ਸਾਂਝੇ ਤੌਰ ਤੇ ਦਿੱਤੀ।ਬੱਬੂ ਅਤੇ ਬਾਵਾ ਨੇ ਕਿਹਾ ਕਿ ਗਿਆਨੀ ਜੀ ਮਹਾਨ ਦੇਸ਼ ਭਗਤ, ਸੁਤੰਤਰਤਾ ਸੰਗਰਾਮੀ, ਦੂਰਅੰਦੇਸ਼ ਸੋਚ ਦੇ ਉੱਚਕੋਟੀ ਦੇ ਨੇਤਾ ਸਨ। ਉਹਨਾਂ ਨੇ ਹਮੇਸ਼ਾ ਭਾਈਚਾਰਕ ਸਾਂਝ ਨੂੰ ਮਜਬੂਤ ਕਰਨ ਲਈ ਕੰਮ ਕੀਤਾ। ਉਹਨਾਂ ਕਿਹਾ ਕਿ ਪੰਜਾਬ ਵਿੱਚ ਪੱਛੜੀਆਂ ਸ਼੍ਰੇਣੀਆਂ ਨਾਲ ਸੰਬੰਧਿਤ 71 ਜਾਤੀਆਂ ਹਨ ਅਤੇ ਤਕਰੀਬਨ 40% ਵੋਟ ਹੈ ਪਰ ਸਿਆਸੀ ਖੇਤਰ ਵਿੱਚ ਆਬਾਦੀ ਦੇ ਆਧਾਰ ਤੇ ਨੁਮਾਇੰਦਗੀ ਨਾ ਮਿਲਣਾ ਲੋਕਤੰਤਰ ਵਿੱਚ ਬੇਇਨਸਾਫੀ ਹੈ।ਉਹਨਾਂ ਕਿਹਾ ਕਿ ਰਾਹੁਲ ਗਾਂਧੀ ਜੋ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਹਨ। ਉਹਨਾਂ ਨੇ ਪੱਛੜੀਆਂ ਸ਼੍ਰੇਣੀਆਂ (ਓ.ਬੀ.ਸੀ) ਨੂੰ ਆਬਾਦੀ ਦੇ ਆਧਾਰ ਤੇ ਸਿਆਸੀ ਨੁਮਾਇੰਦਗੀ ਦੇਣ ਦਾ ਭਾਰਤ ਦੇ ਲੋਕਾਂ ਨਾਲ ਵਾਅਦਾ ਕੀਤਾ ਹੈ ਅਤੇ ਪਾਰਟੀ ਅੰਦਰ ਉਹ ਇਸ ਸੰਦਰਭ ਵਿੱਚ ਉਸਾਰੂ ਫੈਸਲੇ ਲੈ ਰਹੇ ਹਨ।

# ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਅਤੇ ਸਾਬਕਾ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਦੇ ਜਨਮ ਦਿਹਾੜੇ ਜ਼ਿਲ੍ਹਾ ਪੱਧਰ 'ਤੇ ਮਨਾਏ ਜਾਣਗੇ : ਇੰਦਰਜੀਤ ਸਿੰਘ ਬੱਬੂ



**ਲੁਧਿਆਣਾ, 30 ਅਪ੍ਰੈਲ**
**ਕੁਲਦੀਪ ਦੁੱਗਰੀ**
**-ਪ੍ਰੈਸ ਕੀ ਤਾਕਤ ਬਿਊਰੋ-**
ਮਹਾਨ ਇਤਿਹਾਸਕ ਸ਼ਖਸੀਅਤਾਂ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਅਤੇ ਭਾਰਤ ਦੇ ਸਾਬਕਾ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਦੇ ਜਨਮ ਦਿਹਾੜਿਆਂ ਨੂੰ ਸਮਰਪਿਤ ਜ਼ਿਲ੍ਹਾ ਪੱਧਰ 'ਤੇ ਵਿਸ਼ੇਸ਼ ਸਮਾਗਮ ਮਨਾਏ ਜਾਣਗੇ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਇੰਦਰਜੀਤ ਸਿੰਘ ਬੱਬੂ ਨੇ ਦੱਸਿਆ ਕਿ ਸਮਾਗਮਾਂ ਨੂੰ ਯਾਦਗਾਰ ਬਣਾਉਣ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ।

ਉਨ੍ਹਾਂ ਕਿਹਾ ਕਿ ਇਹ ਮਹਾਨ ਹਸਤੀਆਂ ਪੰਜਾਬ ਦੇ ਇਤਿਹਾਸ ਅਤੇ ਦੇਸ਼ ਦੀ ਸੇਵਾ ਵਿੱਚ ਅਹਿਮ ਯੋਗਦਾਨ ਰੱਖਦੀਆਂ ਹਨ, ਇਸ ਲਈ ਉਨ੍ਹਾਂ ਦੇ ਜਨਮ ਦਿਹਾੜਿਆਂ ਨੂੰ ਵੱਡੇ ਪੱਧਰ 'ਤੇ ਮਨਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਸਮਾਗਮਾਂ ਦੌਰਾਨ ਨੌਜਵਾਨ ਪੀੜ੍ਹੀ ਨੂੰ ਇਨ੍ਹਾਂ ਮਹਾਨ ਵਿਅਕਤੀਆਂ ਦੇ ਜੀਵਨ ਅਤੇ ਸਿਧਾਂਤਾਂ ਬਾਰੇ ਜਾਣੂ ਕਰਵਾਇਆ ਜਾਵੇਗਾ।

ਇੰਦਰਜੀਤ ਸਿੰਘ ਬੱਬੂ ਨੇ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿੱਚ ਸੈਮੀਨਾਰ, ਸੱਭਿਆਚਾਰਕ ਪ੍ਰੋਗਰਾਮ ਅਤੇ ਸ਼ਰਧਾਂਜਲੀ ਸਮਾਰੋਹ ਕਰਵਾਏ ਜਾਣਗੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਮਹਾਨ ਇਤਿਹਾਸਕ ਸ਼ਖਸੀਅਤਾਂ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਅਤੇ ਭਾਰਤ ਦੇ ਸਾਬਕਾ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਦੇ ਜਨਮ ਦਿਹਾੜਿਆਂ ਨੂੰ ਸਮਰਪਿਤ ਜ਼ਿਲ੍ਹਾ ਪੱਧਰ 'ਤੇ ਵਿਸ਼ੇਸ਼ ਸਮਾਗਮ ਮਨਾਏ ਜਾਣਗੇ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਇੰਦਰਜੀਤ ਸਿੰਘ ਬੱਬੂ ਨੇ ਦੱਸਿਆ ਕਿ ਸਮਾਗਮਾਂ ਨੂੰ ਯਾਦਗਾਰ ਬਣਾਉਣ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹ ਕ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋ ਕੇ ਮਹਾਨ ਸ਼ਖਸੀਅਤਾਂ ਨੂੰ ਨਮਨ ਕੀਤਾ ਜਾਵੇ।

ਇਸ ਮੌਕੇ ਭਾਰੀ ਜਾਣਕਾਰੀ ਦਿੰਦਿਆਂ ਇੰਦਰਜੀਤ ਸਿੰਘ ਬੱਬੂ ਨੇ ਦੱਸਿਆ ਗਿਣਤੀ ਵਿੱਚ ਅਹੁਦੇਦਾਰਾਂ ਤੋਂ ਇਲਾਵਾ ਵਰਕਰ ਵੀ ਹਾਜ਼ਿਰ ਸਨ।

# ਅੰਮ੍ਰਿਤਸਰ ਵਿੱਚ ਨਾਰਕੋ ਤਸਕਰੀ ਨੈੱਟਵਰਕ ਨਾਲ ਜੁੜਿਆ ਵਿਅਕਤੀ 6 ਕਿਲੋ ਹੈਰੋਇਨ ਸਮੇਤ ਕਾਬੂ

**ਚੰਡੀਗੜ੍ਹ, 30 ਅਪ੍ਰੈਲ**
**-ਪ੍ਰੈਸ ਕੀ ਤਾਕਤ ਬਿਊਰੋ-**
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ 6 ਕਿਲੋ ਹੈਰੋਇਨ ਸਮੇਤ ਇੱਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕਰਕੇ ਨਸ਼ਿਆਂ ਦੀ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ।

ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਲਵਪ੍ਰੀਤ ਸਿੰਘ, ਵਾਸੀ ਵੈਰੋਵਾਲ ਰੋਡ, ਜੰਡਿਆਲਾ ਗੁਰੂ ਅੰਮ੍ਰਿਤਸਰ ਵਜੋਂ ਹੋਈ ਹੈ।

ਹੈਰੋਇਨ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਨਸ਼ਿਆਂ ਦੀ ਤਸਕਰੀ ਲਈ ਉਸ ਵੱਲੋਂ ਵਰਤੀ ਜਾਣ ਵਾਲੀ ਸਿਲਵਰ ਰੰਗ ਦੀ ਹੁੰਡਈ ਆਈ10 ਕਾਰ, ਰਜਿਸਟ੍ਰੇਸ਼ਨ ਨੰਬਰ ਪੀਬੀ10-ਸੀਵੀ-3211, ਨੂੰ ਵੀ ਜ਼ਬਤ ਕਰ ਲਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤਾ ਮੁਲਜ਼ਮ ਦੁਬਈ ਦੇ ਹੈਂਡਲਰ ਅੰਤਰਪ੍ਰੀਤ ਸਿੰਘ ਦੇ ਇਸ਼ਾਰੇ @ਤੇ ਕੰਮ ਕਰ ਰਿਹਾ ਸੀ, ਜੋ ਨਸ਼ਿਆਂ ਦੀ ਤਸਕਰੀ ਵਿੱਚ ਸ਼ਾਮਲ ਹੈ ਅਤੇ ਉਸ ਵਿਰੁੱਧ ਕਈ ਮਾਮਲੇ ਦਰਜ ਹਨ। ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਅੰਤਰਪ੍ਰੀਤ ਸਿੰਘ ਦੇ ਨਿਰਦੇਸ਼ਾਂ @ਤੇ ਮੁਲਜ਼ਮ ਲਵਪ੍ਰੀਤ ਵੱਖ-ਵੱਖ ਥਾਵਾਂ ਤੋਂ ਹੈਰੋਇਨ ਦੀਆਂ ਵੱਡੀਆਂ ਖੇਪਾਂ ਪ੍ਰਾਪਤ ਕਰਕੇ ਇਨ੍ਹਾਂ ਦੀ ਅੱਗੇ ਸਪਲਾਈ ਵੀ ਕਰਦਾ ਸੀ।

ਇਸ ਕਾਰਵਾਈ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਨੂੰ ਭਰੋਸੇਯੋਗ ਜਾਣਕਾਰੀ ਮਿਲੀ ਸੀ ਕਿ ਮੁਲਜ਼ਮ ਲਵਪ੍ਰੀਤ ਨੇ ਹਾਲ ਹੀ ਵਿੱਚ ਹੈਰੋਇਨ ਦੀ ਇੱਕ ਵੱਡੀ ਖੇਪ ਪ੍ਰਾਪਤ ਕੀਤੀ ਹੈ ਅਤੇ ਇਹ ਖੇਪ ਅੰਮ੍ਰਿਤਸਰ-ਜਲੰਧਰ ਜੀਟੀ ਰੋਡ @ਤੇ ਅੱਡਾ ਮਾਨਾਵਾਲਾ ਨੇੜੇ ਕਿਸੇ ਹੋਰ ਪਾਰਟੀ ਨੂੰ ਪਹੁੰਚਾਈ ਜਾਣੀ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਤੇਜ਼ੀ ਨਾਲ ਕਾਰਵਾਈ ਕਰਦਿਆਂ, ਪੁਲਿਸ ਟੀਮ ਇਲਾਕੇ ਵਿੱਚ ਪਹੁੰਚੀ ਅਤੇ ਸ਼ੱਕੀ ਲਵਪ੍ਰੀਤ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਤਲਾਸ਼ੀ ਦੌਰਾਨ ਉਸ ਦੀ ਆਈ10 ਕਾਰ ਵਿੱਚੋਂ 6 ਕਿਲੋ ਹੈਰੋਇਨ ਬਰਾਮਦ ਹੋਈ।